ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਮੰਗਲਵਾਰ, 30 ਜੁਲਾਈ 2024 (ਨਾਨਕਸ਼ਾਹੀ ਸੰਮਤ : ੫੫੬, ੧੫ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243

## ਅੱਠਵੇਂ ਪਾਤਸ਼ਾਹ ਦੇ ਪ੍ਰਕਾਸ਼ ਦਿਹਾੜੇ 'ਤੇ ਜਥੇਦਾਰ ਹਰਪ੍ਰੀਤ ਸਿੰਘ ਨੂੰ ਸਿੱਖ ਕੌਮ ਨੂੰ ਦਿੱਤੀ ਵਧਾਈ, ਇਤਿਹਾਸ ਤੋਂ ਕਰਵਾਇਆ ਜਾਣੂ

**ਅੰਮ੍ਰਿਤਸਰ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅੱਜ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਧੰਨ ਸ਼੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਦੀ ਸਮੂਹ ਸੰਗਤ ਨੂੰ ਵਧਾਈ ਦਿੱਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਅੱਜ ਦੀਨ ਦੁਨੀਆ ਦੇ ਵਾਲੀ ਧੰਨ-ਧੰਨ ਸਾਹਿਬ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਸੱਚੇ ਪਾਤਸ਼ਾਹ ਜੀ ਦਾ ਪ੍ਰਕਾਸ਼ ਪੁਰਬ ਹੈ। ਸਮੂਹ ਗੁਰੂ ਨਾਨਕ ਨਾਮ ਲੇਵਾ ਸਿੱਖ ਸੰਗਤ ਨੂੰ ਸਮੁੱਚੇ ਗੁਰੂ ਖਾਲਸਾ ਪੰਥ ਨੂੰ ਇਸ ਮਹਾਨ ਪੁਰਬ ਦੀਆਂ ਬਹੁਤ-ਬਹੁਤ ਵਧਾਈਆਂ ਹੋਣ। ਧੰਨ-ਧੰਨ ਸਾਹਿਬ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਸੱਚੇ ਪਾਤਸ਼ਾਹ ਜੀ ਅਜਿਹੀ ਮਹਾਨ ਪਾਵਨ ਪਵਿੱਤਰ ਹਸਤੀ ਸਨ ਜਿਨ੍ਹਾਂ ਦਾ ਹਿਰਦਾ ਬਹੁਤ ਕੋਮਲ ਸੀ। ਧੰਨ ਗੁਰੂ ਹਰਗੋਬਿੰਦ ਸਾਹਿਬ ਜੀ ਨੇ ਧੰਨ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਨੂੰ ਗੁਰਿਆਈ ਦੀ ਬਖਸ਼ੀਸ਼ ਕੀਤੀ। ਇਨ੍ਹਾਂ ਦੇ ਕੋਮਲ ਹਿਰਦੇ ਨੂੰ ਵੇਖਦਿਆਂ, ਭਜਨ ਬੰਦਗੀ ਤੇ ਸੇਵਾ ਸਿਮਰਨ ਦੇ ਪ੍ਰਤਾਪ ਨੂੰ ਵੇਖਦਿਆਂ ਇਨ੍ਹਾਂ 'ਤੇ ਬਹੁਤ ਵੱਡੀ ਬਖਸ਼ਿਸ਼ ਕੀਤੀ ਸੀ। ਗੁਰੂ ਹਰਕ੍ਰਿਸ਼ਨ ਸਾਹਿਬ ਸੱਚੇ ਪਾਤਸ਼ਾਹ ਨੇ ਆਪਣੀ ਬਖਸ਼ਿਸ਼ ਦੇ ਨਾਲ ਆਪਣੇ ਚਿਤੂਨਾਮੇ ਸਿੱਖ ਨੂੰ ਬਹੁਤ ਵੱਡੇ ਵਿਦਵਾਨ ਬਣਾ ਕੇ ਪੰਡਿਤ ਦੇ ਹੰਕਾਰ ਨੂੰ ਤੋੜਿਆ ਸੀ। ਧੰਨ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਸੱਚੇ ਪਾਤਸ਼ਾਹ ਜੀ ਦਾ ਮਹਾਨ ਉਪਦੇਸ਼ ਅੱਜ ਵੀ ਸਾਰਥਿਕ ਹੈ ਅਤੇ ਜੁਗਾਂ-ਜੁਗਾਂ ਤੱਕ ਸਾਰਥਕ ਰਹਿਣਾ ਹੈ। ਧੰਨ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦਾ ਜੀਵਨ ਸਾਨੂੰ ਸਿਖਾਉਂਦਾ ਹੈ ਕਿ ਕਿਸ ਤਰ੍ਹਾਂ ਸੰਸਾਰ ਦੇ ਅੰਦਰ ਨਿਰਭੈਤਾ ਦੇ ਨਾਲ ਵਿਚਰਨਾ, ਰੱਬੀ ਭੈ ਦੇ ਵਿੱਚ ਵਿਚਰਨਾ, ਦੁਨੀਆ ਵੱਲੋਂ ਸੰਸਾਰ ਵੱਲੋਂ ਪਹਿਰਤ ਹੋਣਾ ਤੇ ਉਸ ਅਕਾਲ ਪੁਰਖ ਦੇ ਭੈ ਦੇ ਵਿੱਚ ਵਿਚਰਦਿਆਂ ਆਪਣਾ ਜੀਵਨ ਕਿਵੇਂ ਜਿਉਣਾ ਹੈ।



# ਡਾਲਰਾਂ ਦੀ ਚਮਕ-ਧਮਕ 'ਚ ਗੁਆਚ ਕੇ ਕੈਨੇਡਾ ਗਏ

# ਪੰਜਾਬੀ ਵਿਦਿਆਰਥੀ ਮਿੱਟੀ ਦੇ ਮੋਹ ਨੂੰ ਲੱਗੇ ਤਰਸਣ

**ਚੰਡੀਗੜ੍ਹ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਕਈ ਵਰ੍ਹੇ ਪਹਿਲਾਂ ਯੂਰਪੀ ਦੇਸ਼ਾਂ 'ਚ ਜਾ ਕੇ ਵਸੇ ਪੰਜਾਬੀਆਂ ਵੱਲੋਂ ਸਖ਼ਤ ਮਿਹਨਤ ਕਰਕੇ ਵਿਦੇਸ਼ਾਂ ਦੀ ਧਰਤੀ 'ਤੇ ਹਾਸਲ ਕੀਤੇ ਖ਼ੁਸ਼ਹਾਲ ਮੁਕਾਮ ਨੂੰ ਵੇਖ ਵਿਦੇਸ਼ਾਂ 'ਚ ਵੱਸਣ ਦੀ ਚਾਹ ਨੇ ਪੰਜਾਬ 'ਚ ਵੱਸਦੇ ਬਾਕੀ ਪੰਜਾਬੀਆਂ 'ਚ ਵੀ ਡਾਲਰ-ਪੌਂਡ ਕਮਾਉਣ ਦੀ ਲਾਲਸਾ ਵਧਾ ਦਿੱਤੀ। ਅੱਜਕਲ੍ਹ ਡਾਲਰਾਂ ਦੀ ਚਕਾਚੌਂਧ 'ਚ ਗੁਆਚੇ ਭਾਰਤੀਆਂ ਖ਼ਾਸ ਕਰਕੇ ਪੰਜਾਬੀ ਨੌਜਵਾਨਾਂ ਵੀ ਅੰਦਰ ਤਾਏ ਦੀ ਧੀ ਚੱਲੀ-ਮੈਂ ਕਿਉਂ ਰਹਾਂ ਕੱਲੀ ਵਾਲੀ ਕਹਾਵਤ ਵਾਂਗ ਹਰ ਜਾਇਜ਼-ਨਾਜਾਇਜ਼ ਤਰੀਕੇ ਨਾਲ ਅਮਰੀਕਾ, ਕੈਨੇਡਾ, ਆਸਟ੍ਰੇਲੀਆ ਅਤੇ ਯੂਰਪ ਦੇਸ਼ਾਂ ਵਿਚ ਜਾਣ ਦੀ ਹੋੜ ਜਿਹੀ ਲੱਗੀ ਪਈ ਹੈ।

ਨੌਜਵਾਨਾਂ ਵਿਚ ਵਿਦੇਸ਼ੀ ਠੱਪਾ ਲਗਵਾਉਣ ਦਾ ਭੂਤ ਇਸ ਕਦਰ ਸਵਾਰ ਹੈ ਕਿ ਦੋ-ਤਿੰਨ ਲੱਖ ਰੁਪਿਆ ਖ਼ਰਚਣ ਦੀ ਹੈਸੀਅਤ ਵਾਲਿਆਂ ਨੇ ਵੀ ਦੁਬਈ, ਸਾਉਦੀ ਅਰਬ ਵਰਗੇ ਅਰਬ ਦੇਸ਼ਾਂ ਨੂੰ ਵਹੀਰਾਂ ਘੱਤ ਰੱਖੀਆਂ ਹਨ। ਪਹਿਲਾਂ ਵੱਡੀ ਗਿਣਤੀ ਵਿਚ ਨਿਊਜ਼ੀਲੈਂਡ, ਅਸਟ੍ਰੇਲੀਆਂ, ਇੰਗਲੈਂਡ, ਸਿੰਘਾਪੁਰ, ਯੂਕ੍ਰੇਨ, ਜਰਮਨੀ ਅਤੇ ਕੈਨੇਡਾ ਵਿਚ ਵਿਦਿਆਰਥੀ ਤੌਰ 'ਤੇ ਪੜ੍ਹਾਈ ਕਰਨ ਦੇ ਬਹਾਨੇ ਜਾਣ ਦੀ ਖੁੱਲ੍ਹੀ ਚੋਰ ਮੋਰੀ ਰਾਹੀਂ ਭਾਵੇਂ ਅੱਜ ਵੀ ਕਿਸੇ ਮੁਲਕ ਵਿਚੋਂ ਘੱਟ, ਕਿਸੇ ਵਿਚੋਂ ਵੱਧ ਆਮਦ ਜਾਰੀ ਹੈ ਪਰ ਵੱਡੀ ਆਮਦ ਭਾਰਤੀ ਪੰਜਾਬ ਦੇ ਮੁੰਡੇ-ਕੁੜੀਆਂ ਦੀ ਹੋ ਰਹੀ ਹੈ। ਪਿਛਲੇ ਕੁਝ ਸਮੇਂ ਤੋਂ ਆਸਟ੍ਰੇਲੀਆ ਵਿਚ ਪੱਕਾ ਹੋਣ ਭਾਵ ਪੀ. ਆਰ. ਮਿਲਣ ਦਾ ਸਮਾਂ 3-4 ਸਾਲ ਤੋਂ ਵੱਧ ਕੇ ਕਰੀਬ 7 ਸਾਲ ਹੋਣ ਕਾਰਨ ਅੱਜਕਲ੍ਹ ਹਰੇਕ ਪੰਜਾਬੀ ਦੀ ਵਿਦਿਆਰਥੀ ਤੌਰ 'ਤੇ ਪਹਿਲੀ ਪਸੰਦ ਕੈਨੇਡਾ ਬਣਦੀ ਜਾ ਰਹੀ ਹੈ।

ਭਾਰਤ ਅੰਦਰ ਖਾਸਕਰ ਪੰਜਾਬ 'ਚ ਵਿਦਿਆਰਥੀਆਂ ਨੂੰ ਬਾਰਵੀਂ ਤੋਂ ਅੱਗੇ ਪੜ੍ਹਾਈ ਜਾਰੀ ਰੱਖਣ ਦਾ ਕੋਈ ਫਾਇਦਾ ਨਜ਼ਰ ਨਹੀਂ ਆਉਂਦਾ। ਉਹ ਦੇਖਦੇ ਹਨ ਕਿ ਉਨ੍ਹਾਂ ਦੇ ਆਂਢ-ਗੁਆਂਢ 'ਚ ਕਿੰਨੇ ਲੜਕੇ-ਲੜਕੀਆਂ ਇੰਜੀਨੀਅਰ, ਡਾਕਟਰ, ਕਮਰਸ ਤੇ ਹੋਰ ਵੱਡੀਆਂ ਡਿਗਰੀਆਂ ਲੈ ਕੇ 10-15 ਹਜ਼ਾਰ ਰੁਪਏ ਦੀ ਨੌਕਰੀ ਲਈ ਲੇਲੜੀਆਂ ਕੱਢ ਰਹੇ ਹਨ। ਇੰਨੀ ਪੜ੍ਹਾਈ ਕਰਨ ਲਈ ਆਮ ਘਰਾਂ ਦੇ ਭਾਂਡੇ ਤੱਕ ਵਿਕ ਜਾਂਦੇ ਹਨ ਪਰ ਪੜ੍ਹਾਈ ਕਰਨ ਤੋਂ ਬਾਅਦ ਸਿਵਾਏ ਨਿਰਾਸ਼ਤਾ ਦੇ ਕੁਝ ਪੱਲੇ ਨਹੀਂ ਪੈਂਦਾ।

ਇਨ੍ਹਾਂ ਕੁਝ ਕਾਰਨਾਂ ਕਰਕੇ ਹਰੇਕ ਵਿਦਿਆਰਥੀ ਬਾਰਵੀਂ ਕਰਨ ਤੋਂ



ਬਾਅਦ ਲੋੜੀਂਦੇ ਆਈਲੈਟਸ ਬੈਂਡ ਹਾਸਲ ਕਰਨ ਉਪਰੰਤ ਆਸਟ੍ਰੇਲੀਆ ਜਾਂ ਕੈਨੇਡਾ ਵਰਗੇ ਸੁਪਨਿਆਂ ਦੀ ਧਰਤੀ 'ਤੇ ਜਾ ਕੇ ਆਪਣੇ ਸੁਪਨੇ ਸਜਾਉਣਾ ਚਾਹੁੰਦੇ ਹਨ। ਇਸ ਲਈ ਹਰੇਕ ਵਿਦਿਆਰਥੀ ਨੂੰ ਇਨ੍ਹਾਂ ਮੁਲਕਾਂ ਦੀ ਧਰਤੀ 'ਤੇ ਪੈਰ ਰੱਖਣ ਲਈ ਕਰਜੇ ਚੁਕ-ਚੁਕ ਕੇ 25 ਤੋਂ 30 ਲੱਖ ਰੁਪਏ ਦਾ ਜੁਗਾੜ ਕਰਨਾ ਪੈਂਦਾ ਹੈ, ਜਿਸ ਕਾਰਨ ਹਰ ਸਾਲ ਕੇਵਲ ਭਾਰਤੀ ਪੰਜਾਬ ਤੋਂ ਲੱਖਾਂ ਦੀ ਗਿਣਤੀ 'ਚ ਵਿਦਿਆਰਥੀ ਆਪਣੇ ਮਾਂ-ਪਿਓ ਨੂੰ ਕਰਜ਼ੇ 'ਚ ਡੋਬ ਕੇ ਕੈਨੇਡਾ 'ਚ ਕਿਸੇ ਨਵੇਂ ਯੁੱਗ ਦੇ ਸੁਪਨੇ ਦੀ ਤਲਾਸ਼ 'ਚ ਪੈਰ ਰੱਖ ਰਹੇ ਹਨ, ਜਿੱਥੇ ਪਹਿਲੇ ਦਿਨ ਤੋਂ ਹੀ ਉਸ ਨੂੰ ਕੰਡਿਆਂ ਦੀ ਸੇਜ ਤੋਂ ਲੰਘਣਾ ਪੈਂਦਾ ਹੈ। ਹਰ ਰੋਜ਼ ਡਾਲਰਾਂ ਵਿਚ ਖ਼ਰਚ ਕਰਨ ਤੋਂ ਪਹਿਲਾਂ ਰਿਹਾਇਸ਼ 'ਤੇ ਨੌਕਰੀ ਲੱਭਣ ਲਈ ਦਿਨ-ਰਾਤ ਪੈਦਲ ਹੀ ਸੜਕਾਂ ਦੀ ਖਾਕ ਛਾਨਣੀ ਪੈਂਦੀ ਹੈ, ਕਿਉਂਕਿ ਘਰੋਂ ਲਿਆਂਦੇ ਲੱਖ-ਦੋ ਲੱਖ ਦੇ ਡਾਲਰ ਚਾਰ ਪੰਜ ਦਿਨ ਅੰਦਰ ਹੀ ਕੈਨੇਡਾ ਦੀ ਮਹਿੰਗਾਈ 'ਚ ਗੁਆਚ ਜਾਂਦੇ ਹਨ।

ਕਾਫ਼ੀ ਟੱਕਰਾਂ ਮਾਰਨ ਦੇ ਬਾਵਜੂਦ ਕੰਮ ਨਹੀਂ ਮਿਲਦਾ। ਜੇਕਰ ਮਿਲਦਾ ਵੀ ਹੈ ਤਾਂ ਸ਼ਹਿਰ ਤੋਂ ਬਹੁਤ ਦੂਰ-ਦੁਰਾਡੇ ਹੋਟਲਾਂ 'ਚ ਭਾਂਡੇ ਮਾਂਜਣ, ਮੀਟ ਕੱਟਣ, ਸਫ਼ਾਈ ਕਰਨ, ਪੈਕਿੰਗ, ਇਕ ਥਾਂ ਤੋਂ ਦੂਜੀ ਜਗ੍ਹਾ ਸਾਮਾਨ ਢੋਹਣਾ, 10 ਘੰਟੇ ਦੀ ਸਖ਼ਤ ਮਿਹਨਤ ਅਤੇ ਮਜ਼ਦੂਰੀ ਕਰਨ ਦਾ। ਇਨ੍ਹਾਂ ਵਿਦਿਆਰਥੀਆਂ ਨੂੰ ਦੂਜੇ ਸਿੱਖਿਅਤ ਵਿਦਿਆਰਥੀਆਂ ਨਾਲੋਂ ਉਜ਼ਰਤ ਵੀ ਘੱਟ ਦਿੱਤੀ ਜਾਂਦੀ ਹੈ।

ਜ਼ਿਕਰਯੋਗ ਹੈ ਕਿ ਜਿਵੇਂ ਯੂ. ਪੀ. ਅਤੇ ਬਿਹਾਰ ਵਰਗੇ ਸੂਬਿਆਂ ਤੋਂ ਪ੍ਰਵਾਸੀ ਲੋਕ ਸਾਡੇ ਪੰਜਾਬ 'ਚ ਆ ਕੇ ਹੋਟਲਾਂ, ਢਾਬਿਆਂ, ਘਰਾਂ ਅਤੇ ਖੇਤਾਂ 'ਚ ਮਿਹਨਤ ਮਜ਼ਦੂਰੀ ਕਰਦੇ ਹਨ ਠੀਕ ਉਸੇ ਤਰ੍ਹਾਂ ਸਾਡੇ ਪੰਜਾਬੀ ਨੌਜਵਾਨ ਕੈਨੇਡਾ ਵਰਗੇ ਯੂਰਪੀ ਦੇਸ਼ਾ 'ਚ ਜਾ ਕੇ ਹੋਟਲਾਂ-ਦੁਕਾਨਾਂ 'ਤੇ ਕੰਮ ਕਰਦੇ ਹਨ। ਸਮਝ ਤੋਂ ਬਾਹਰ ਹੈ ਕਿ ਸਾਡੇ ਨੌਜਵਾਨ ਆਪਣੇ ਦੇਸ਼ 'ਚ ਰਹਿ ਕੇ ਆਪਣੇ ਖੇਤਾਂ 'ਚ ਮਿਹਨਤ ਕਰਕੇ ਸਰਦਾਰੀ ਵਾਲੀ ਜ਼ਿੰਦਗੀ ਜਿਉਣ ਤੋਂ ਕਿਉਂ ਭੱਜ ਰਹੇ ਹਨ। ਕਾਲਜ ਦੀ ਪੜ੍ਹਾਈ ਕਰਨ ਤੋਂ ਬਾਅਦ ਲੰਬਾ ਸਫਰ ਤੈਅ ਕਰਨ ਉਪਰੰਤ ਆਪਣੇ ਅਸਥਾਈ ਪੀ. ਜੀ. ਜਾਂ ਬੇਸਮੈਂਟ 'ਚ ਜਾ ਕੇ ਛੋਟੀਆਂ-ਮੋਟੀਆਂ ਚੀਜ਼ਾਂ ਨਾਲ ਢਿੱਡ ਭਰਣ ਤੋਂ ਬਾਅਦ, ਬੱਸ-ਟਰੇਨ ਜਾਂ ਪੈਦਲ ਲੰਬਾ ਸਫ਼ਰ ਤੈਅ ਕਰਕੇ ਕੰਮ 'ਤੇ ਪਹੁੰਚਣਾ ਪੈਂਦਾ ਹੈ ਅਤੇ ਫਿਰ ਲਗਾਤਾਰ ਮਸ਼ੀਨ ਵਾਂਗ 8 ਤੋਂ 10 ਘੰਟੇ ਕੰਮ ਕਰਨ ਉਪਰੰਤ ਭਾਰੀ ਥਕਾਵਟ ਦੇ ਨਾਲ ਕਮਰੇ 'ਚ ਕੇਵਲ ਸੋਣ ਲਈ ਆਉਣਾ ਪੈਂਦਾ ਹੈ। ਸਿਰਫ਼ ਕੁਝ ਘੰਟੇ ਸੌਣ ਤੋਂ ਬਾਅਦ ਅਗਲੀ ਸਵੇਰੇ ਨੀਂਦਰੇ ਹਾਲਤ ਵਿਚ ਪੈਦਲ, ਬੱਸ ਜਾਂ ਟ੍ਰੇਨਾਂ ਰਾਹੀਂ ਕਾਲਜ ਪਹੁੰਚਣਾ ਪੈਂਦਾ ਹੈ। ਬੱਚਿਆਂ ਵਿਚ ਇਨ੍ਹਾਂ ਜ਼ਿਆਦਾ ਨੀਂਦਰਾ ਅਤੇ ਥਕਾਵਟ ਹੁੰਦੀ ਹੈ ਕਿ ਜ਼ਿਆਦਾਤਰ ਬੱਚੇ ਬੱਸਾਂ ਜਾਂ ਟ੍ਰੇਨਾਂ ਵਿਚ ਸੁੱਤੇ ਹੀ ਆਪਣੀ ਮੰਜਿਲ ਤੋਂ ਅੱਗੇ ਲੰਘ ਜਾਂਦੇ ਹਨ।

## ਸ਼੍ਰੋਮਣੀ ਕਮੇਟੀ ਨੇ ਰਾਏ ਬੁਲਾਰ ਜੀ ਦੇ ਵੰਸ਼ਜਾਂ ਨੂੰ ਭਾਰਤ ਆਉਣ ਦਾ ਸੱਦਾ ਭੇਜਿਆ

**ਅੰਮ੍ਰਿਤਸਰ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਨਿੰਨ ਸ਼ਰਧਾਲੂ ਰਾਏ ਬੁਲਾਰ ਜੀ ਦੇ ਪਾਕਿਸਤਾਨ ਵਿੱਚ ਰਹਿੰਦੇ ਚਾਰ ਵੰਸ਼ਜ ਪਰਿਵਾਰਾਂ ਨੂੰ ਗੁਰੂ ਸਾਹਿਬ ਜੀ ਦੇ ਨਵੰਬਰ ਮਹੀਨੇ ਵਿੱਚ ਆ ਰਹੇ ਪ੍ਰਕਾਸ਼ ਗੁਰਪੁਰਬ ਸਮਾਗਮਾਂ ਵਿੱਚ ਸ਼ਮੂਲੀਅਤ ਕਰਨ ਲਈ ਭਾਰਤ ਆਉਣ ਦਾ ਸੱਦਾ ਭੇਜਿਆ ਹੈ। ਰਾਏ ਬੁਲਾਰ ਜੀ ਦੇ ਵੰਸ਼ਜ ਰਾਏ ਮੁਹੰਮਦ ਸਲੀਮ ਭੱਟੀ ਸਮੇਤ ਚਾਰ ਪਰਿਵਾਰਾਂ ਨੂੰ ਭੇਜੇ ਗਏ ਸੱਦਾ ਪੱਤਰ ਵਿੱਚ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਇਸ ਸਾਲ 15 ਨਵੰਬਰ 2024 ਨੂੰ ਸ੍ਰੀ ਅੰਮ੍ਰਿਤਸਰ, ਸੁਲਤਾਨਪੁਰ ਲੋਧੀ, ਡੇਰਾ ਬਾਬਾ ਨਾਨਕ, ਬਟਾਲਾ, ਦਿੱਲੀ, ਨਾਨਕਮੱਤਾ (ਉਤਰਾਖੰਡ) ਵਿਖੇ ਸਥਿਤ ਕਈ ਗੁਰਧਾਮਾਂ ਉੱਤੇ ਮਨਾਇਆ ਜਾ ਰਿਹਾ ਹੈ, ਇਸ ਲਈ ਰਾਏ ਬੁਲਾਰ ਜੀ ਦੇ ਵੰਸ਼ਜ ਪਰਿਵਾਰ 1 ਤੋਂ 30 ਨਵੰਬਰ 2024 ਦੇ ਵਿਚਕਾਰ ਭਾਰਤ ਆ ਕੇ ਗੁਰੂ ਸਾਹਿਬ ਦੇ ਪ੍ਰਕਾਸ਼ ਗੁਰਪੁਰਬ ਦੇ ਸਮਾਗਮਾਂ ਵਿੱਚ ਸ਼ਮੂਲੀਅਤ ਕਰਨ। ਸ਼੍ਰੋਮਣੀ ਕਮੇਟੀ ਨੇ ਇਨ੍ਹਾਂ ਪਰਿਵਾਰਾਂ ਦੇ ਭਾਰਤ ਪਹੁੰਚਣ ਉੱਤੇ ਉਨ੍ਹਾਂ ਦੀ ਰਿਹਾਇਸ਼ ਅਤੇ ਯਾਤਰਾ ਦੇ ਸਾਰੇ ਖਰਚੇ ਦਾ ਪ੍ਰਬੰਧ ਕਰਨ ਦੀ ਵੀ ਗੱਲ ਆਖੀ ਹੈ। ਇਸ ਸਬੰਧ ਵਿੱਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਰਕਾਰ ਰਾਏ ਬੁਲਾਰ ਜੀ ਦੇ ਵੰਸ਼ਜਾਂ ਨੂੰ ਵੀਜ਼ੇ ਜਾਰੀ ਕਰਕੇ ਭਾਰਤ ਆਉਣ ਦੀ ਇਜ਼ਾਜਤ ਦੇਵੇ ਤਾਂ ਜੋ ਉਹ ਇੱਧਰ ਆ ਕੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਸਮਾਗਮਾਂ ਵਿੱਚ ਸ਼ਾਮਲ ਹੋ ਸਕਣ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਲਗਾਏ ਗਈ ਰਾਏ ਬੁਲਾਰ ਜੀ ਦੀ ਤਸਵੀਰ ਨੂੰ ਯਾਦਗਾਰ ਵਜੋਂ ਨਿਹਾਰ ਸਕਣ। ਉਨ੍ਹਾਂ ਕਿਹਾ ਕਿ ਰਾਏ ਬੁਲਾਰ ਜੀ ਦੇ ਪਰਿਵਾਰ ਦਾ ਸਿੱਖਾਂ ਨਾਲ ਆਪਸੀ ਸਤਿਕਾਰ ਵਾਲਾ ਰਿਸ਼ਤਾ ਹੈ ਕਿਉਂਕਿ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਨਿੰਨ ਸ਼ਰਧਾਲੂ ਵਜੋਂ ਰਾਏ ਬੁਲਾਰ ਜੀ ਦਾ ਇਤਿਹਾਸ ਅੰਦਰ ਸਥਾਨ ਮਹੱਤਵਪੂਰਨ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਸ ਪਰਿਵਾਰ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਕਈ ਵਾਰ ਸੱਦਾ ਪੱਤਰ ਦੇਣ ਅਤੇ ਸਰਕਾਰ ਨੂੰ ਲਿਖਣ ਦੇ ਬਾਵਜੂਦ ਵੀ ਇਨ੍ਹਾਂ ਨੂੰ ਵੀਜ਼ਾ ਨਹੀਂ ਦਿੱਤਾ ਗਿਆ ਸੀ ਅਤੇ ਹੁਣ ਸਰਕਾਰ ਨੂੰ ਇਸ ਉੱਤੇ ਸੰਜੀਦਗੀ ਨਾਲ ਵਿਚਾਰ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਸਾਲ 2022 ਵਿੱਚ ਜਦੋਂ ਰਾਏ ਬੁਲਾਰ ਜੀ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਲਗਾਈ ਗਈ ਸੀ ਤਾਂ ਉਸ ਵਕਤ ਵੀ ਸ਼੍ਰੋਮਣੀ ਕਮੇਟੀ ਨੇ ਪਰਿਵਾਰ ਨੂੰ ਭਾਰਤ ਆਉਣ ਦਾ ਸੱਦਾ ਭੇਜਿਆ ਸੀ ਪਰ ਭਾਰਤੀ ਵੀਜ਼ੇ ਨਾਲ ਮਿਲਣ ਕਰਕੇ ਉਹ ਆ ਨਹੀਂ ਸਕੇ ਸਨ। ਐਡਵੋਕੇਟ ਧਾਮੀ ਨੇ ਆਸ ਪ੍ਰਗਟਾਈ ਕੇ ਸਰਕਾਰ ਇਸ ਵਾਰ ਰਾਏ ਬੁਲਾਰ ਜੀ ਦੇ ਵੰਸ਼ਜਾਂ ਨੂੰ ਭਾਰਤ ਆਉਣ ਲਈ ਵੀਜ਼ੇ ਜਾਰੀ ਕਰਕੇ ਸਿੱਖਾਂ ਭਾਵਨਾਵਾਂ ਦੀ ਕਦਰ ਕਰੇਗੀ। ਜ਼ਿਕਰਯੋਗ ਹੈ ਕਿ ਸ੍ਰੀ ਗੁਰੂ ਨਾਨਕ ਦੇਵ ਦੇ ਪਿਤਾ ਜੀ, ਰਾਏ ਬੁਲਾਰ ਜੀ ਦੇ ਕੋਲ ਨੌਕਰੀ ਕਰਦੇ ਸਨ। ਰਾਏ ਬੁਲਾਰ ਜੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਨਿੰਨ ਸ਼ਰਧਾਲੂ ਸਨ, ਜਿਨ੍ਹਾਂ ਨੇ ਛੋਟੀ ਉਮਰ ਵਿੱਚ ਹੀ ਗੁਰੂ ਸਾਹਿਬ ਅੰਦਰ ਰੱਬੀ ਜੋਤ ਦੀ ਪਛਾਣ ਕਰ ਲਈ ਸੀ। ਰਾਏ ਬੁਲਾਰ ਜੀ ਨੇ ਆਪਣੀ ਜਾਇਦਾਦ ਵਿੱਚੋਂ ਹਜ਼ਾਰਾਂ ਏਕੜ ਥਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਨਾਂ ਕਰ ਦਿੱਤੀ ਸੀ, ਜੋ ਕਿ ਇਸ ਸਮੇਂ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਦੇ ਨਾਂ ਹੈ।



## ਅਕਾਲੀ ਦਲ ਦੇ ਬਾਗੀ ਧੜੇ ਦੀ ਹੋਈ ਮੀਟਿੰਗ, ਗੁਰਪ੍ਰਤਾਪ ਵਡਾਲਾ ਬੋਲੇ, ਪਾਰਟੀ 'ਚ ਹਾਵੀ ਨਹੀਂ ਹੋਵੇਗਾ ਪਰਿਵਾਰਵਾਦ

**ਜਲੰਧਰ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਦੇ ਨਕੋਦਰ ਅਤੇ ਨੂਰਮਹਿਲ ਕਸਬਿਆਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਬਾਗੀ ਧੜੇ ਨੇ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕ ਕੇ ਅਕਾਲੀ ਦਲ ਸੁਧਾਰ ਲਹਿਰ ਦੀ ਸ਼ੁਰੂਆਤ ਕੀਤੀ। ਸਾਬਕਾ ਵਿਧਾਇਕ ਅਤੇ ਸ਼੍ਰੋਮਣੀ ਅਕਾਲੀ ਬਾਗੀ ਧੜੇ ਦੇ ਸੀਨੀਅਰ ਆਗੂ ਗੁਰਪ੍ਰਤਾਪ ਸਿੰਘ ਵਡਾਲਾ ਦੀ ਪ੍ਰਧਾਨਗੀ ਹੇਠ ਨਕੋਦਰ ਅਤੇ ਨੂਰਮਹਿਲ ਵਿੱਚ ਵੀ ਵੱਡੀ ਮੀਟਿੰਗ ਹੋਈ। ਇਸ ਦੌਰਾਨ ਉਨ੍ਹਾਂ ਜਲੰਧਰ 'ਚ ਲੋਕਾਂ ਨੂੰ ਸੰਬੋਧਨ ਕੀਤਾ ਅਤੇ ਭਵਿੱਖ ਦੀ ਰਣਨੀਤੀ 'ਤੇ ਚਰਚਾ ਕੀਤੀ। ਸਾਬਕਾ ਵਿਧਾਇਕ ਅਤੇ ਸ਼੍ਰੋਮਣੀ ਅਕਾਲੀ ਬਾਗੀ ਧੜੇ ਦੇ ਸੀਨੀਅਰ ਆਗੂ ਗੁਰਪ੍ਰਤਾਪ ਸਿੰਘ ਵਡਾਲਾ ਨੇ ਕਿਹਾ ਕਿ ਉਹ ਲੋਕ ਅਕਾਲੀ ਦਲ ਸੁਧਾਰ ਲਹਿਰ ਦੇ ਮੱਦੇਨਜ਼ਰ ਇਕੱਠੇ ਹੋਏ ਸਨ ਤਾਂਕਿ ਲੋਕ ਸਾਡੇ ਨਾਲ ਜੁੜ ਸਕਣ ਅਤੇ ਅਸੀਂ ਪਾਰਟੀ ਬਾਰੇ ਹਰ ਗੱਲ ਉਨ੍ਹਾਂ ਨਾਲ ਸਾਂਝੀ ਕਰ ਸਕੀਏ। ਲੋਕਾਂ ਨੇ ਇਹ ਵੀ ਕਿਹਾ ਕਿ ਇਹ ਫ਼ੈਸਲਾ ਸਹੀ ਹੈ ਅਤੇ ਪੰਜਾਬ ਨੂੰ ਇਸ ਦੀ ਲੋੜ ਸੀ। ਪਾਰਟੀ ਦੀਆਂ ਕਮਜ਼ੋਰੀਆਂ ਨੂੰ ਦੂਰ ਕਰਨ ਲਈ ਇਹ ਕਦਮ ਚੁੱਕਿਆ ਗਿਆ ਹੈ। ਵਡਾਲਾ ਨੇ ਕਿਹਾ ਕਿ ਅਸੀਂ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਦੱਸ ਰਹੇ ਹਾਂ ਕਿਉਂਕਿ ਅਸੀਂ ਅਕਾਲੀ ਦਲ ਨੂੰ ਮੁੜ ਸੁਰਜੀਤ ਕਰਨਾ ਚਾਹੁੰਦੇ ਹਾਂ। ਵਡਾਲਾ ਨੇ ਕਿਹਾ ਕਿ ਅਸੀਂ ਸੁਖਬੀਰ ਸਿੰਘ ਬਾਦਲ ਨੂੰ ਕਿਹਾ ਸੀ ਕਿ ਉਹ ਆਪਣੀ ਸੀਟ ਛੱਡ ਦੇਣ ਅਤੇ ਨਵੀਂ ਲੀਡਰਸ਼ਿਪ ਨੂੰ ਆਉਣ ਦੇਣ ਪਰ ਅਜਿਹਾ ਨਹੀਂ ਹੋਇਆ। ਅਸੀਂ ਸਿਰਫ਼ ਲੋਕਾਂ ਵਿੱਚ ਆਪਣਾ ਭਰੋਸਾ ਕਾਇਮ ਕਰਨਾ ਚਾਹੁੰਦੇ ਹਾਂ। ਇਹ ਬਹੁਤ ਹੀ ਨਾਜ਼ੁਕ ਸਮਾਂ ਹੈ, ਇਸ ਲਈ ਅਸੀਂ ਆਪਣੀ ਪਾਰਟੀ ਨੂੰ ਮੁੜ ਸੁਰਜੀਤ ਕਰਨਾ ਚਾਹੁੰਦੇ ਹਾਂ। ਵਡਾਲਾ ਨੇ ਕਿਹਾ ਕਿ ਅਸੀਂ ਹੁਣ ਅਕਾਲੀ ਦਲ ਵਿੱਚ ਭਾਈ-ਭਤੀਜਾਵਾਦ ਨੂੰ ਨਹੀਂ ਰਹਿਣ ਦੇਵਾਂਗੇ। ਅਜਿਹਾ ਨਹੀਂ ਹੋਵੇਗਾ ਕਿ ਜਿਸ ਕੋਲ ਪੈਸਾ ਹੈ ਉਹ ਹੀ ਅੱਗੇ ਵਧ ਸਕੇ। ਪਾਰਟੀ ਵਿੱਚ ਅਜਿਹਾ ਨਹੀਂ ਹੋ ਸਕਦਾ।




### ਅਕਾਲੀ ਦਲ 'ਚ ਕਿਉਂ ਪਈ ਫੁੱਟ ?

ਪੰਜਾਬ ਦੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੇ ਆਪਣੀ ਉਮੀਦਵਾਰ ਸੁਰਜੀਤ ਕੌਰ ਨੂੰ ਸਮਰਥਨ ਨਾ ਦੇਣ ਦਾ ਅਧਿਕਾਰਤ ਐਲਾਨ ਕੀਤਾ ਸੀ। ਅਜਿਹਾ ਇਸ ਲਈ ਕਿਉਂਕਿ ਅਕਾਲੀ ਦਲ ਦੇ ਦੂਜੇ ਪੱਖ ਨੇ ਸੁਖਬੀਰ ਸਿੰਘ ਬਾਦਲ ਦੀ ਲੀਡਰਸ਼ਿਪ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ। ਬਾਗੀ ਧੜੇ ਵਿਚ ਅਕਾਲੀ ਦਲ ਦੇ ਸੀਨੀਅਰ ਆਗੂ ਪ੍ਰੇਮ ਸਿੰਘ ਚੰਦੂਮਾਜਰਾ, ਬੀਬੀ ਜਗੀਰ ਕੌਰ, ਸਾਬਕਾ ਵਿਧਾਇਕ ਗੁਰਪ੍ਰਤਾਪ ਸਿੰਘ ਵਡਾਲਾ ਸਮੇਤ ਕਈ ਹੋਰ ਸੀਨੀਅਰ ਆਗੂ ਸ਼ਾਮਲ ਹਨ। ਇਹ ਆਗੂ ਚੰਡੀਗੜ੍ਹ ਵਿੱਚ ਅਕਾਲੀ ਦਲ ਦੀ ਵੱਡੀ ਮੀਟਿੰਗ ਦੌਰਾਨ ਗੈਰ-ਹਾਜ਼ਰ ਰਹੇ ਅਤੇ ਜਲੰਧਰ ਵਿੱਚ ਵੱਖਰੀ ਮੀਟਿੰਗ ਕਰ ਰਹੇ ਸਨ। ਜਿਸ ਵਿੱਚ ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਬਦਲਾਅ ਦੀ ਲੋੜ ਹੈ। ਚੰਦੂਮਾਜਰਾ ਨੇ ਬਦਲਾਅ ਸ਼ਬਦ ਦੀ ਵਰਤੋਂ ਕਰਕੇ ਸੁਖਬੀਰ ਸਿੰਘ ਬਾਦਲ ਦੀ ਲੀਡਰਸ਼ਿਪ 'ਤੇ ਸਵਾਲ ਖੜ੍ਹੇ ਕੀਤੇ ਸਨ। ਜਿਸ ਤੋਂ ਬਾਅਦ ਸੁਖਬੀਰ ਸਿੰਘ ਬਾਦਲ ਦੇ ਪੱਖ ਦੇ ਸੀਨੀਅਰ ਅਕਾਲੀ ਆਗੂ ਦਲਜੀਤ ਸਿੰਘ ਚੀਮਾ ਨੇ ਬਿਆਨ ਜਾਰੀ ਕਰਦਿਆਂ ਕਿਹਾ ਸੀ ਕਿ ਅਸੀਂ ਜਲੰਧਰ ਜ਼ਿਮਨੀ ਚੋਣ 'ਚ ਉਤਾਰੇ ਗਏ ਉਮੀਦਵਾਰ ਦਾ ਸਮਰਥਨ ਨਹੀਂ ਕਰਾਂਗੇ, ਕਿਉਂਕਿ ਉਕਤ ਉਮੀਦਵਾਰ ਬੀਬੀ ਜਗੀਰ ਕੌਰ ਨੂੰ ਬਣਾਇਆ ਗਿਆ ਹੈ, ਇਸ ਬਾਰੇ ਉਸ ਨੂੰ ਪੁੱਛਿਆ ਤੱਕ ਨਹੀਂ ਗਿਆ।

## ਨਿਸ਼ਾਨ ਸਾਹਿਬ ਨੂੰ ਲੈ ਕੇ ਪੰਜ ਸਿੰਘ ਸਾਹਿਬਾਨਾਂ ਦਾ ਵੱਡਾ ਫ਼ੈਸਲਾ, ਕੇਸਰੀ ਰੰਗ ਨੂੰ ਬਦਲਣ ਦੇ ਹੁਕਮ

**ਅੰਮ੍ਰਿਤਸਰ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਗੁਰਦੁਆਰਾ ਸਾਹਿਬ ਵਿਚ ਝੁਲਾਏ ਜਾਣ ਵਾਲੇ ਨਿਸ਼ਾਨ ਸਾਹਿਬ ਨੂੰ ਲੈ ਕੇ ਪੰਜ ਸਿੰਘ ਸਾਹਿਬਾਨਾਂ ਨੇ ਵੱਡਾ ਫ਼ੈਸਲਾ ਲਿਆ ਹੈ। ਦਰਅਸਲ ਐੱਸ. ਜੀ. ਪੀ. ਸੀ. ਦੀ ਧਰਮ ਪ੍ਰਚਾਰ ਕਮੇਟੀ ਨੇ ਸਰਕੂਲਰ ਜਾਰੀ ਕਰਦੇ ਹੋਏ ਨਿਸ਼ਾਨ ਸਾਹਿਬ ਦੇ ਪੁਸ਼ਾਕ ਦੇ ਰੰਗ ਨੂੰ ਬਦਲਣ ਦੇ ਹੁਕਮ ਜਾਰੀ ਕੀਤੇ ਹਨ। ਕੇਸਰੀ ਨਿਸ਼ਾਨ ਹਟਾ ਕੇ ਬਸੰਤੀ ਰੰਗ ਦੇ ਪੁਸ਼ਾਕ ਦਾ ਨਿਸ਼ਾਨ ਸਾਹਿਬ ਝੁਲਾਉਣ ਦੇ ਹੁਕਮ ਜਾਰੀ ਕੀਤੇ ਗਏ ਹਨ। ਜਾਰੀ ਕੀਤੇ ਗਏ ਹੁਕਮ ਵਿਚ ਕਿਹਾ ਗਿਆ ਹੈ ਕਿ ਨਿਸ਼ਾਨ ਸਾਹਿਬ ਦੇ ਪੁਸ਼ਾਕ ਦਾ ਰੰਗ ਬਸੰਤੀ ਜਾਂ ਸੁਰਮਈ ਹੀ ਹੋਵੇ, ਕਿਉਂਕਿ ਕੇਸਰੀ ਨਿਸ਼ਾਨ ਭਗਵੇਂ ਰੰਗ ਦਾ ਭੁਲੇਖਾ ਪਾਉਂਦਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅੱਜ ਸਪਸ਼ਟ ਕਰ ਦਿੱਤਾ ਹੈ ਕਿ ਸਿੱਖ ਰਹਿਤ ਮਰਿਆਦਾ ਅਨੁਸਾਰ ਨਿਰਧਾਰਤ ਨਿਸ਼ਾਨ ਸਾਹਿਬ ਦੇ ਪੁਸ਼ਾਕ ਦਾ ਰੰਗ ਬਸੰਤੀ ਅਤੇ ਸੁਰਮਈ ਹੈ ਪਰ ਜ਼ਿਆਦਾਤਰ ਗੁਰਦੁਆਰਿਆਂ 'ਚ ਇਸ ਵੇਲੇ ਕੇਸਰੀ ਨਿਸ਼ਾਨ ਸਾਹਿਬ ਦੀ ਪੁਸ਼ਾਕ ਦਾ ਚਲਨ ਵਧੇਰੇ ਹੈ, ਜਦੋਂਕਿ ਕੇਸਰੀ ਨਿਸ਼ਾਨ ਭਗਵੇਂ ਰੰਗ ਦਾ ਭੁਲੇਖਾ ਪਾਉਂਦਾ ਹੈ। ਇਸ ਬਾਰੇ ਸ੍ਰੀ ਅਕਾਲ ਤਖ਼ਤ ਸਾਹਿਬ ਉਤੇ ਪੁੱਜੀ ਸ਼ਿਕਾਇਤ ਤੋਂ ਬਾਅਦ ਪੰਜ ਸਿੰਘ ਸਾਹਿਬਾਨਾਂ ਨੇ 15 ਜੁਲਾਈ 2024 ਨੂੰ ਹੋਈ ਮੀਟਿੰਗ 'ਚ ਸਿੱਖ ਰਹਿਤ ਮਰਿਆਦਾ ਅਨੁਸਾਰ ਨਿਰਧਾਰਤ ਰੰਗ ਦੀ ਪੁਸ਼ਾਕ ਨਿਸ਼ਾਨ ਸਾਹਿਬ ਉਤੇ ਚੜ੍ਹਾਉਣ ਦੇ ਹੁਕਮ ਜਾਰੀ ਕੀਤੇ ਸਨ। ਜਿਸ ਤੋਂ ਬਾਅਦ ਹੁਣ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਕਮੇਟੀ ਨੇ ਆਪਣੇ ਸਮੂਹ ਪ੍ਰਚਾਰਕ, ਢਾਡੀ ਅਤੇ ਕਵੀਸ਼ਰ ਸਾਹਿਬਾਨਾਂ ਨੂੰ ਸਰਕੂਲਰ ਜਾਰੀ ਕਰਕੇ ਸੰਗਤਾਂ ਅਤੇ ਪ੍ਰਬੰਧਕਾਂ ਨੂੰ ਇਸ ਸਬੰਧੀ ਜਾਣੂੰ ਕਰਵਾਉਣ ਦੀ ਹਦਾਇਤ ਜਾਰੀ ਕੀਤੀ ਹੈ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ ਨੇ ਨਿਸ਼ਾਨ ਸਾਹਿਬ 'ਤੇ ਚੜ੍ਹੇ ਹੋਏ ਚੋਲੇ ਦੇ ਰੰਗ ਨੂੰ ਲੈ ਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਿਛਲੇ ਦਿਨੀਂ 15 ਜੁਲਾਈ ਨੂੰ ਸਰਬ ਸੰਮਤੀ ਨਾਲ ਪੰਜ ਸਿੰਘ ਸਾਹਿਬਾਨਾਂ ਵੱਲੋਂ ਇਹ ਫ਼ੈਸਲਾ ਲਿਆ ਗਿਆ ਕਿ ਜੋ ਗੁਰਦੁਆਰਾ ਸਾਹਿਬ ਦੇ ਸ੍ਰੀ ਨਿਸ਼ਾਨ ਸਾਹਿਬ ਦੇ ਪੁਸ਼ਾਕਾਂ ਦੇ ਰੰਗ ਸਬੰਧੀ ਸੰਗਤਾਂ ਵਿੱਚ ਦੁਵਿਧਾ ਪੈਦਾ ਹੋਈ ਹੈ। ਉਸ ਨੂੰ ਦੂਰ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਵਾਨਿਤ ਸਿੱਖ ਰਹਿਤ ਮਰਿਆਦਾ ਦੇ ਮੁਤਾਬਕ ਜਿਹੜੇ ਗੁਰਦੁਆਰਾ ਸਾਹਿਬ ਦੇ ਨਿਸ਼ਾਨ ਸਾਹਿਬ ਦੀਆਂ ਪੁਸ਼ਾਕਾਂ ਹਨ, ਇਹ ਸਿੱਖ ਰਹਿਤ ਮਰਿਆਦਾ ਦੇ ਪੰਨਾ ਨੰਬਰ 15 ਤੇ ਸੀਰੀਅਲ ਨੰਬਰ ਡੱਡੇ ਦੇ ਮੁਤਾਬਕ ਇਹ ਰੰਗ ਸ੍ਰੀ ਨਿਸ਼ਾਨ ਸਾਹਿਬ ਅਤੇ ਬਸੰਤੀ ਅਤੇ ਸੁਰਮਈ ਹਨ, ਸੋ ਆਉਣ ਵਾਲੇ ਦਿਨਾਂ ਵਿੱਚ ਜਿਹੜੇ ਮਾਨਯੋਗ ਸਿੰਘ ਸਾਹਿਬਾਨਾਂ ਦਾ ਜਿਹੜਾ ਇਹ ਆਦੇਸ਼ ਆ ਇਹਦੇ 'ਤੇ ਪਾਲਣਾ ਕੀਤੀ ਜਾਵੇਗੀ, ਜੋ ਮਾਨਯੋਗ ਸਿੰਘ ਸਾਹਿਬਾਨਾਂ ਦਾ ਫ਼ੈਸਲਾ ਉਹ ਬਿਲਕੁਲ ਇਨ ਬਿਨ ਲਾਗੂ ਹੋਵੇਗਾ।



Nankana Sahib Yatra Committe Uk
pakistan gurdwara yatra
6th november to 16th november 2024
yatra includes 25+ gurudwara sahib
darshan .Accommodation in hotels
and travel within pakistan and yatra
start to finish point in AC coaches
ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ
ਸਾਹਿਬ ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
£1095
Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.
Note: It does not include flight ticket and insurance, it has to be done by the passenger himself.
ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।
*-- ਗੁਰੂ ਪੰਥ ਦੇ ਸੇਵਾਦਾਰ --*
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ — ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ — Learn Gatka

www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 HOURS SERVICE EVERYDAY

PURE AND NATURAL 100% VEGETARIAN

Enjoy Real Taste of PUNJAB

KD

FULLY A.C. HALL

**Khehra VAISHNO DHABA**

BREAKFAST
LUNCH
DINNER

OUR SPECIALIZATION : Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment


# ਪੰਜਾਬੀ

## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ — Love Maa Boli Punjabi

| | | | | | |
|---|---|---|---|---|---|
| ੳ | ਅ | ੲ | ਸ | ਹ | |
| ਕ | ਖ | ਗ | ਘ | ਙ | |
| ਚ | ਛ | ਜ | ਝ | ਞ | |
| ਟ | ਠ | ਡ | ਢ | ਣ | |
| ਤ | ਥ | ਦ | ਧ | ਨ | |
| ਪ | ਫ | ਬ | ਭ | ਮ | |
| ਯ | ਰ | ਲ | ਵ | ੜ | |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ
ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ
ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

**Learn Speak Read Write PUNJABI**


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715 1-28621





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**

ੴ ਵਾਹਿਗੁਰੂ ਜੀ ਕੀ ਫਤਹਿ ॥

ਪੰਜ ਤੀਰ ਹੋਰ ਤੂੰ ਗੁਰੂ ਤੋਂ ਮੰਗੇ, ਗੰਗੂ ਦੀ ਰੂਹ ਨੂੰ ਮਾਰਨ ਲਈ। ਅੱਜ ਪੰਥ ਇਕੱਠਾ ਹੋਇਆ ਹੈ, ਤੇਰੇ ਬੋਲਾਂ ਨੂੰ ਸਤਿਕਾਰਨ ਲਈ।

# ਜਲਾਵਤਨ ਸਿੱਖ ਯੋਧੇ, ਦਲ ਖਾਲਸਾ ਦੇ ਬਾਨੀ, ਕੌਮੀ ਸ਼ਾਇਰ, ਭਾਈ ਗਜਿੰਦਰ ਸਿੰਘ ਜੀ ਦੀ ਯਾਦ ਵਿੱਚ ਗੁਰਦੁਆਰਾ ਬਾਬਾ ਸੰਗ ਜੀ ਸਮੈਦਿਕ ਵਿਖੇ 4 ਅਗਸਤ 2024 ਦਿਨ ਐਤਵਾਰ ਨੂੰ

# ਸ਼ਰਧਾਂਜ਼ਲੀ ਸਮਾਗਮ

ਵੀਹਵੀਂ ਸਦੀ ਦੇ ਮਹਾਨ ਗੁਰਸਿੱਖ, ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਰਿਹਾਈ ਲਈ 29 ਸਤੰਬਰ 1981 ਨੂੰ ਇੰਡੀਅਨ ਏਅਰ ਲਾਇਨਜ ਦਾ ਹਵਾਈ ਜਹਾਜ਼ ਹਾਈਜੈਕ ਕਰਕੇ ਲਾਹੌਰ ਲਿਜਾਣ ਵਾਲੇ ਭਾਈ ਗਜਿੰਦਰ ਸਿੰਘ ਜੀ ਸਾਥੀਆਂ ਸਮੇਤ ਕਰੀਬ 14 ਸਾਲ ਪਾਕਿਸਤਾਨ ਦੀ ਕੋਟ ਲੱਖਪਤ ਜੇਲ੍ਹ ਵਿੱਚ ਨਜ਼ਰਬੰਦ ਰਹੇ ਅਤੇ ਉਸ ਤੋਂ ਬਾਅਦ ਅੰਤਮ ਸਵਾਸ ਤੱਕ ਪਾਕਿਸਤਾਨ ਵਿੱਚ ਹੀ ਜਲਾਵਤਨੀ ਦੀ ਜ਼ਿੰਦਗੀ ਬਿਤਾਈ।

ਬਿਖੜੇ ਪੈਂਡਿਆਂ ਤੇ ਤੁਰਦਿਆਂ ਵੀ ਸਰਦਾਰ ਗਜਿੰਦਰ ਸਿੰਘ ਨੇ ਦ੍ਰਿੜਤਾ ਨਾਲ ਖਾਲਿਸਤਾਨ ਦੀ ਅਜ਼ਾਦੀ ਅਤੇ ਅਕਾਲ ਤਖਤ ਸਾਹਿਬ ਦੀ ਸਰਵਉੱਚਤਾ ਲਈ ਸਖਤ ਪਹਿਰਾ ਦਿੱਤਾ।

ਬੀਤੀ 3 ਜੁਲਾਈ 2024 ਨੂੰ ਭਾਈ ਗਜਿੰਦਰ ਸਿੰਘ ਜੀ ਲਾਹੌਰ ਵਿਖੇ ਅਕਾਲ ਚਲਾਣਾ ਕਰ ਗਏ। ਉਨ੍ਹਾਂ ਦੀ ਅਦੁੱਤੀ ਪੰਥਕ ਦੇਣ ਨੂੰ ਯਾਦ ਕਰਦਿਆਂ ਸੰਸਾਰ ਭਰ ਵਿੱਚ ਪੰਥ ਦਰਦੀਆਂ ਵੱਲੋਂ ਸ਼ਰਧਾਂਜਲੀ ਸਮਾਗਮ ਕੀਤੇ ਜਾ ਰਹੇ ਹਨ। ਉਸੇ ਲੜੀ ਵਿੱਚ ਗੁਰਦੁਆਰਾ ਬਾਬਾ ਸੰਗ ਵਿਖੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ 4 ਅਗਸਤ 2024 ਦਿਨ ਐਤਵਾਰ ਨੂੰ ਵਿਸ਼ਾਲ ਸ਼ਰਧਾਂਜਲੀ ਸਮਾਗਮ ਕੀਤਾ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਪੰਥਕ ਪਿਆਰ ਵਿੱਚ ਹੁੰਮ-ਹੁੰਮਾ ਕੇ ਪੁੱਜੋ ਅਤੇ ਪੰਥਕ ਏਕੇ ਦਾ ਸਬੂਤ ਦਿੰਦਿਆਂ ਸਤਿਗੁਰੂ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।



ਜਲਾਵਤਨ ਸਿੱਖ ਯੋਧਾ
ਭਾਈ ਗਜਿੰਦਰ ਸਿੰਘ ਦਲ ਖਾਲਸਾ

## === ਪ੍ਰੋਗਰਾਮ ਦਾ ਵੇਰਵਾ :===

ਮਿਤੀ 2 ਅਗਸਤ 2024 ਦਿਨ ਸ਼ੁਕਰਵਾਰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ ਮਿਤੀ ਅਗਸਤ ਦਿਨ ਐਤਵਾਰ ਨੂੰ ਸ੍ਰੀ ਅਖੰਡ ਪਾਠ ਜੀ ਦੇ ਭੋਗ ਉਪਰੰਤ ਦੀਵਾਨ ਸਜੇਗਾ, ਜਿਸ ਵਿਚ ਉਚਕੋਟੀ ਦੇ ਰਾਗੀ ਜੱਥੇ, ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ ਨਾਮਵਰ ਪੰਥਕ ਬੁਲਾਰੇ ਪੰਥਕ ਵੀਚਾਰ ਸਾਂਝੇ ਕਰਨਗੇ।

## ਗੁਰਦੁਆਰਾ ਬਾਬਾ ਸੰਗ ਜੀ ਅਤੇ ਸੈਂਡਵਿਲ ਦੇ ਸਮੂਹ ਗੁਰਦੁਆਰਾ ਸਾਹਿਬ

**GURDWARA BABA SANG JI SMETHWICK**
**7-9 ST PAUL'S ROAD, SMETHWICK, B66 1EE**

ਵਧੇਰੇ ਜਾਣਕਾਰੀ ਲਈ ਸੰਪਰਕ :

**0121 558 2681 / 07930 908368 / 07452 765165**


ਦਮਦਮੀ ਟਕਸਾਲ
ਗੁਰੂ ਹਰਿਰਾਇ
ਦਮਦਮੀ ਟਕਸਾਲ ਵੱਲੋਂ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁੱਧ ਪਾਠ ਬੋਧ ਸਮਾਗਮ
ਆਰੰਭ 20 ਜੁਲਾਈ 2024 ਤੋ 18 ਅਗਸਤ 2024 ਤੱਕ
Monday - Friday
6PM - 9PM
Saturday - Sunday
3PM - 5PM
6PM - 9PM
Bhog Shri Sehaj Path
Sunday 18th August 2024
Kirtan - Katha Darbar



SANT BEANT SINGH JI
BER KALAN WALE | UK TOUR 2024
FRI 26TH JULY - SUN 28TH JULY: SOUTHAMPTON
MON 29TH JULY - SUN 4TH AUGUST: SOUTHALL
MON 5TH AUGUST - SAT 10TH AUGUST: 7:00-8:00PM
GURU NANAK GURDWARA, LEICESTER, LE1 4LJ
SUN 11TH AUGUST: 1:00-2:00PM
GURU NANAK GURDWARA, LEICESTER, LE1 4LJ
WED 14TH AUGUST - 7:30-8:10PM:
GURU HAR RAI SAHIB GURDWARA, WEST BROMWICH, B70 6JW
SUN 18TH AUGUST - 2:00-3:00 PM:
GURU HAR RAI GURDWARA, WEST BROMWICH, B70 6JW
MON 19TH AUGUST - SUN 25TH AUGUST: 7:00-7:30AM &
6:45-7:30PM
SEDLEY STREET, WOLVERHAMPTON, WV2 3AJ
MON 26TH AUGUST - SUN 1ST SEPTEMBER: 7:30-8:15AM,
10:00-11:00AM & 7:15-8:00PM
BABA SANG GURDWARA, SMETHWICK, B66 1EE
SANT BEANT SINGH | WHATSAPP: +918530000006


ਅਮਰ ਸ਼ਹੀਦ
ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂਵਾਲੇ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ
ਅਤੇ
ਦਮਦਮੀ ਟਕਸਾਲ ਦੇ 318ਵਾਂ ਸਥਾਪਨਾ ਦਿਵਸ
ਨੂੰ ਸਮਰਪਿਤ
ਮਹਾਨ ਗੁਰਮਤਿ ਸਮਾਗਮ
ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ
ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ
ਜਥੇਦਾਰ, ਤਖ਼ਤ ਸ੍ਰੀ ਦਮਦਮਾ ਸਾਹਿਬ
1 ਅਗਸਤ 2024 ਦਿਨ ਵੀਰਵਾਰ ਤੋਂ 7 ਅਗਸਤ 2024 (23ਸਾਵਣ) ਦਿਨ ਬੁੱਧਵਾਰ ਤੱਕ
ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ (ਬਠਿੰਡਾ) ਵਿਖੇ ਕਰਵਾਏ ਜਾ ਰਹੇ ਹਨ।
ਜਿਸ ਵਿੱਚ ਦਮਦਮੀ ਟਕਸਾਲ ਦੇ ਗਿਆਨੀ ਸਿੰਘ ਅਤੇ ਰਾਗੀ ਜਥੇ ਕਥਾ ਕੀਰਤਨ ਸਰਵਣ ਕਰਵਾਉਣਗੇ।
ਸਵੇਰੇ ਕਥਾ ਦਾ ਸਮਾਂ : ਸਵੇਰੇ 6:15 ਵਜੇ ਤੋਂ 7:00 ਵਜੇ ਤੱਕ
ਸ਼ਾਮ ਨੂੰ ਕਥਾ ਦਾ ਸਮਾਂ : ਸ਼ਾਮ 5:30 ਵਜੇ ਤੋਂ 6:15 ਤੱਕ
ਆਰੰਭ ਸ੍ਰੀ ਅਖੰਡ ਪਾਠ ਸਾਹਿਬ ਮਿਤੀ 5 ਅਗਸਤ 2024 (21 ਸਾਵਣ) ਦਿਨ ਸੋਮਵਾਰ
ਭੋਗ ਸ੍ਰੀ ਅਖੰਡ ਪਾਠ ਸਾਹਿਬ ਮਿਤੀ 7 ਅਗਸਤ 2024 (23ਸਾਵਣ) ਦਿਨ ਬੁੱਧਵਾਰ ਸਮਾਂ ਸਵੇਰੇ 9:30 ਵਜੇ
ਭੋਗ ਉਪਰੰਤ ਸਵੇਰੇ 10:00 ਵਜੇ ਤੋਂ 02:00 ਵਜੇ ਤੱਕ ਮਹਾਨ ਗੁਰਮਤਿ ਸਮਾਗਮ ਹੋਣਗੇ
ਜਿਸ ਵਿੱਚ ਤਖ਼ਤ ਸਾਹਿਬਾਂ ਦੇ ਸਿੰਘ ਸਾਹਿਬਾਨ, ਸੰਤ ਮਹਾਂ ਪੁਰਖ, ਨਿਹੰਗ ਸਿੰਘ ਜਥੇਬੰਦੀਆਂ ਅਤੇ ਕਾਰ ਸੇਵਾ ਵਾਲੇ
ਮਹਾਂ ਪੁਰਖ ਹਾਜ਼ਰੀਆਂ ਭਰਨਗੇ
ਸੋ ਆਪ ਜੀ ਨੂੰ ਬੇਨਤੀ ਹੈ ਆਪ ਜੀ ਨੇ ਸਮੇਂ ਸਿਰ ਆਉਣ ਦੀ ਕ੍ਰਿਪਾਲਤਾ ਕਰਨੀ ਜੀ।
ਵਰਤਮਾਨ ਮੁਖੀ ਦਮਦਮੀ ਟਕਸਾਲ
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
(ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ)
ਭਾਈ ਈਸ਼ਰ ਸਿੰਘ
ਜਥੇਦਾਰ ਭਾਈ ਸੁਖਦੇਵ ਸਿੰਘ
98551-17300
6,7 ਅਗਸਤ ਨੂੰ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ,
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ ਕਥਾ ਕਰਨਗੇ


ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ
ਵਿਸ਼ੇਸ਼ ਉਪਰਾਲਾ
ਮਾਤਾ ਗੁਜਰ ਕੌਰ ਜੀ ਵਿੱਦਿਅਕ ਭਲਾਈ ਸਕੀਮ ਤਹਿਤ
ਅੰਮ੍ਰਿਤਧਾਰੀ ਮਾਂ ਬਾਪ ਦੇ ਅੰਮ੍ਰਿਤਧਾਰੀ ਬੱਚਿਆਂ ਨੂੰ ਆਪਣੇ ਵਿੱਦਿਅਕ ਅਦਾਰਿਆਂ ਵਿੱਚ
ਪੜ੍ਹਾਈ ਮੁਫਤ ਅਤੇ ਆਪਣੇ ਕਾਲਜਾਂ ਵਿੱਚ ਦਿੱਤੇ ਜਾਣਗੇ ਵਿਸ਼ੇਸ਼ ਵਜੀਫ਼ੇ
ਵਿੱਦਿਆ ਅਤੇ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਇਨਾਮ ਦਿੱਤੇ ਜਾਣਗੇ।
ਆਪਣੇ ਬੱਚਿਆਂ ਨੂੰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿੱਦਿਅਕ ਅਦਾਰਿਆਂ ਵਿੱਚ ਦਾਖਲ ਕਰਵਾਓ ਜੀ।
ਗੁਰੂ ਤੇਗ ਬਹਾਦਰ ਖਾਲਸਾ ਪਬਲਿਕ ਸਕੂਲ, ਕੈਂਥਲ
ਦਸ਼ਮੇਸ਼ ਸੀਨੀਅਰ ਸੈਕੰਡਰੀ ਸਕੂਲ, ਕਪਾਲਮੋਚਨ, ਯਮੁਨਾਨਗਰ
ਸੰਤ ਮੋਹਨ ਸਿੰਘ ਮਤਵਾਲਾ ਪਬਲਿਕ ਸਕੂਲ, ਤਿਲੋਕੇਵਾਲਾ, ਸਿਰਸਾ
ਮਾਤਾ ਸੁੰਦਰੀ ਖਾਲਸਾ ਗਰਲਜ ਕਾਲਜ, ਨਿਸਿੰਗ, ਕਰਨਾਲ
ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਖਾਲਸਾ ਕਾਲਜ, ਪੰਜੋਖਰਾ ਸਾਹਿਬ, ਅੰਬਾਲਾ
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ HSGMC
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ HSGMC

ਸਿੱਖ ਸੰਗਤਾਂ ਲਈ ਅਸਹਿ ਹੈ

# ਰਾਗੀ ਭਾਈ ਭੁਪਿੰਦਰ ਸਿੰਘ ਦਾ ਸਦੀਵੀ ਵਿਛੋੜਾ





ਰਾਗੀ ਭਾਈ ਭੁਪਿੰਦਰ ਸਿੰਘ ਨੂੰ ਮੈਂ ਪਿਛਲੇ 15 ਸਾਲਾਂ ਤੋਂ ਜਾਣਦਾ ਸੀ, ਅਸੀਂ ਇਕੱਠੇ ਹੀ ਸ੍ਰੀ ਗੁਰੂ ਰਾਮਦਾਸ ਖ਼ਾਲਸਾ ਸਕੂਲ (ਸ੍ਰੀ ਅੰਮ੍ਰਿਤਸਰ) ਵਿਖੇ ਪੜ੍ਹੇ ਸਾਂ। ਸਕੂਲੀ ਪੜ੍ਹਾਈ ਦੇ ਨਾਲ-ਨਾਲ ਅਸੀਂ ਧਾਰਮਿਕ ਵਿੱਦਿਆ ਦੇ ਪੇਪਰ ਵੀ ਦਿੰਦੇ ਰਹੇ ਤੇ ਸ੍ਰੀ ਦਰਬਾਰ ਸਾਹਿਬ ਵਿਖੇ ਵੀ ਸੇਵਾ ਕਰਦੇ ਰਹੇ।

ਭਾਈ ਭੁਪਿੰਦਰ ਸਿੰਘ ਨੇ ਬੜੀ ਮਿਹਨਤ ਕਰਕੇ ਕੀਰਤਨ ਸਿੱਖਿਆ ਤੇ ਪ੍ਰਸਿੱਧ ਰਾਗੀਆਂ ਦੇ ਵਿੱਚ ਆਪਣਾ ਨਾਂ ਸ਼ਾਮਲ ਕੀਤਾ। ਉਸ ਦੀ ਆਵਾਜ਼ ਬਹੁਤ ਸੁਰੀਲੀ ਸੀ ਅਤੇ ਉਸ ਦੀ ਸ਼ਖਸੀਅਤ ਬਹੁਤ ਪਿਆਰੀ ਅਤੇ ਮਿਲਾਪੜੀ ਸੀ। ਹੁਣ ਉਹ ਕਈ ਸਾਲਾਂ ਤੋਂ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਦੇ ਜਥੇ ਨਾਲ ਮਿਲ ਕੇ ਕੀਰਤਨ ਦੀ ਸੇਵਾ ਨਿਭਾ ਰਿਹਾ ਸੀ ਅਤੇ ਬੀਬੀ ਕੌਲਾਂ ਜੀ ਟਰੱਸਟ ਵਿਖੇ ਵੀ ਸੇਵਾ ਕਰਦਾ ਸੀ।



ਮੇਰੇ ਛੋਟੇ ਭਰਾ ਭਾਈ ਮਲਕੀਤ ਸਿੰਘ ਤਬਲਾਵਾਦਕ ਨਾਲ ਉਸ ਦੀ ਕਾਫੀ ਗੂੜ੍ਹੀ ਦੋਸਤੀ ਸੀ ਅਤੇ ਉਹ ਇਕੱਠੇ ਕਈ ਵਾਰ ਕੀਰਤਨ ਵੀ ਕਰਿਆ ਕਰਦੇ ਸਨ। ਭਾਈ ਭੁਪਿੰਦਰ ਸਿੰਘ ਨਾਲ ਸਾਡਾ ਕਈ ਸਾਲਾਂ ਤੋਂ ਪਰਿਵਾਰਕ ਮੇਲ ਸੀ, ਉਸ ਦੀ ਜ਼ਿੰਦਗੀ ਵਿੱਚ ਦੁੱਖਾਂ ਦੀਆਂ ਕਈ ਹਨੇਰੀਆਂ ਵੀ ਝੁੱਲੀਆਂ, ਪਰ ਗੁਰੂ ਘਰ ਵਿੱਚ ਅਥਾਹ ਸ਼ਰਧਾ ਹੋਣ ਕਰਕੇ ਉਹ ਇਸ ਸਭ ਨੂੰ ਵਾਹਿਗੁਰੂ ਦਾ ਭਾਣਾ ਮੰਨਦਾ ਸੀ।

ਮੇਰੇ ਲਈ ਇਹ ਖ਼ਬਰ ਬਹੁਤ ਦੁਖਦਾਈ ਹੈ ਕਿ ਜਦੋਂ ਮੇਰੇ ਭਰਾ ਭਾਈ ਮਲਕੀਤ ਸਿੰਘ ਨੇ ਦੱਸਿਆ ਕਿ ਰਾਗੀ ਭਾਈ ਭੁਪਿੰਦਰ ਸਿੰਘ ਸਾਨੂੰ ਸਦੀਵੀ ਵਿਛੋੜਾ ਦੇ ਗਿਆ ਹੈ। ਇਨਫੈਕਸ਼ਨ ਵੱਧ ਜਾਣ ਕਾਰਨ ਉਹ ਹਸਪਤਾਲ ਵਿੱਚ ਚੜ੍ਹਾਈ ਕਰ ਗਿਆ ਹੈ। ਨੌਜਵਾਨ ਉਮਰ ਵਿੱਚ ਭਾਈ ਭੁਪਿੰਦਰ ਸਿੰਘ ਦਾ ਅਕਾਲ ਚਲਾਣਾ ਕਰ ਜਾਣਾ, ਸਾਡੇ ਸਾਰਿਆਂ ਲਈ ਅਸਹਿ ਹੈ। ਅਰਦਾਸ ਹੈ ਕਿ ਗੁਰੂ ਸਾਹਿਬ ਰਾਗੀ ਭਾਈ ਭੁਪਿੰਦਰ ਸਿੰਘ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਅਤੇ ਪਰਿਵਾਰ ਤੇ ਸੰਗਤਾਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

**- ਰਣਜੀਤ ਸਿੰਘ ਦਮਦਮੀ ਟਕਸਾਲ**

ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਦੇ ਮਹਾਂ ਪੁਰਸ਼ਾਂ ਨੇ ਵਾਤਾਵਰਣ ਦੇ ਸ਼ੁੱਧਤਾ ਲਈ ਤੇ ਵੱਧ ਰਹੀ ਗਰਮੀ ਦੇ ਪ੍ਰਕੋਪ ਲਈ ਥਾਂ-ਥਾਂ ਦੇ ਛਾਂਦਾਰ ਬੂਟੇ ਲਾਏ

# ਹੁਣ ਬੂਟੇ ਲਾਉਣ ਲਈ ਸੰਤ ਮਹਾਂਪੁਰਸ਼ ਆਏ ਅੱਗੇ

**ਫ਼ਿਰੋਜ਼ਪੁਰ, 29 ਜੁਲਾਈ (ਮਨੋਹਰ ਲਾਲ) :—** ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਦੇ ਮਹਾਂਪੁਰਸ਼ਾਂ ਨੇ ਪੰਜਾਬ ਵਿਚ ਵੱਧ ਰਹੀ ਗਰਮੀ ਅਤੇ ਵਾਤਾਵਰਣ ਦੇ ਸ਼ੁੱਧਤਾ ਲਈ ਭਾਰੀ ਗਿਣਤੀ ਵਿਚ ਸੜਕਾਂ, ਸਕੂਲਾਂ ਅਤੇ ਜਿਥੇ ਵੀ ਥਾਂ ਮਿਲਦੀ ਹੈ ਭਾਰੀ ਗਿਣਤੀ ਵਿਚ ਬੂਟੇ ਲਾਏ ਗਏ। ਇਸ ਮੌਕੇ ਤੇ ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਹਰਭਜਨ ਸਿੰਘ, ਬਾਬਾ ਸਤਿਨਾਮ ਸਿੰਘ, ਭਾਈ ਸ਼ੇਰ ਸਿੰਘ, ਬਾਬਾ ਪਰਮਜੀਤ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸੇਵਾਦਾਰ ਹਾਜ਼ਰ ਸਨ। ਇਸ ਮੌਕੇ ਤੇ ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਹਰਭਜਨ ਸਿੰਘ, ਬਾਬਾ ਸਤਿਨਾਮ ਸਿੰਘ ਨੇ ਕਿਹਾ ਕਿ ਇਸ ਵੇਲੇ ਪੰਜਾਬ ਵਿਚ ਗਰਮੀ ਦਾ ਪ੍ਰਕੋਪ ਅਤੇ ਪ੍ਰਦਸ਼ਣ ਏਨਾ ਵੱਧ ਗਿਆ ਹੈ ਕਿ ਪਿਛਲੇ ਸਾਲਾਂ ਤੋਂ ਵੀ ਵੱਧ ਗਰਮੀ ਪਈ ਹੈ, ਜਿਸ ਦਾ ਕਾਰਨ ਸਾਰੀਆਂ ਸੜਕਾਂ ਉਪਰ ਜਿਹੜੇ 50—60 ਸਾਲਾਂ ਦੇ ਦਰੱਖਤ ਜ਼ੋ ਕਿ ਲੱਖਾਂ ਕਰੋੜਾਂ ਦੀ ਗਿਣਤੀ ਵਿਚ ਸਨ ਸਾਰੇ ਪੁੱਟ ਦਿੱਤੇ ਹਨ, ਸੜਕਾਂ ਚੋੜੀਆਂ ਕਰਨ ਲਈ ਜ਼ੋ ਕਿ ਮੰਦਭਾਗੀ ਗੱਲ ਹੈ। ਬਾਬਾ ਜੀ ਨੇ ਅੱਗੇ ਕਿਹਾ ਕਿ ਸਾਨੂੰ ਪੰਜਾਬ ਵਿਚ ਵੱਧ ਤੋਂ ਵੱਧ ਬੂਟੇ ਲਾਉਣੇ ਚਾਹੀਦੇ ਹਨ ਤਾਂ ਜ਼ੋ ਸਾਨੂੰ ਵੱਧ ਰਹੀ ਗਰਮੀ ਤੋਂ ਰਾਹਤ ਮਿਲੇ ਅਤੇ ਜਿਹੜਾ ਸਾਡਾ ਤਾਪਮਾਨ 50—55 ਹੋ ਰਿਹਾ ਹੈ, ਉਸ ਤੋਂ ਰਾਹਤ ਮਿਲੇ। ਬਾਬਾ ਜੀ ਨੇ ਸਮੂਹ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਛਾਂਦਾਰ ਬੂਟੇ ਲਾਉਣ ਜਿਸ ਨਾਲ ਸਾਡੇ ਆਉਣ ਵਾਲੀ ਪੀੜ੍ਹੀ ਬੱਚਿਆਂ ਨੂੰ ਕੁਝ ਰਾਹਤ ਮਿਲੇ, ਜੇਕਰ ਇਝ ਨਾ ਹੋਇਆ ਤਾਂ ਸਾਡਾ ਆਉਣ ਵਾਲਾ ਬੱਚਾ ਹਮੇਸ਼ਾ ਆਪਣੇ ਮੋਢਿਆਂ ਤੇ ਆਕਸੀਜਨ ਦਾ ਸਿਲੰਡਰ ਹਮੇਸ਼ਾ ਨਾਲ ਰੱਖਣ ਲਈ ਮਜ਼ਬੂਰ ਹੋ ਜਾਵੇਗਾ। ਇਸ ਮੌਕੇ ਤੇ ਬਾਬਾ ਸਤਿਨਾਮ ਸਿੰਘ ਜੀ ਨੇ ਕਿਹਾ ਕਿ ਸਰਕਾਰਾਂ ਨੂੰ ਚਾਹੀਦਾ ਹੈ ਕਿ ਉਹ ਦਰੱਖਤ ਪੁਟਣ ਤੇ ਬੈਨ ਲਾਵੇ ਅਤੇ ਹਰ ਕਿਸੇ ਨੂੰ ਹਦਾਇਤ ਕਰਨ ਕਿ ਵੱਧ ਤੋਂ ਵੱਧ ਰੁੱਖ ਲਾਏ ਜਾਣ ਤਾਂ ਜ਼ੋ ਪੰਜਾਬ ਹਰਾ—ਭਰਾ ਰਹਿ ਸਕੇ।







# ਰਿਸ਼ਵਤਖੋਰੀ ਬੰਦ ਕਰਾਉਣ ਲਈ ਵਿਧਾਇਕ ਰਣਬੀਰ ਸਿੰਘ ਭੁੱਲਰ, ਰਜਨੀਸ਼ ਦਯੀਆ ਅਤੇ ਡਿਪਟੀ ਕਮਿਸ਼ਨਰ ਨੂੰ ਦਿੱਤਾ ਮੰਗ ਪੱਤਰ—ਭੁੱਲਰ



ਫ਼ਿਰੋਜ਼ਪੁਰ, 29 ਜੁਲਾਈ (ਮਨੋਹਰ ਲਾਲ) :— ਰਿਸ਼ਵਤਖੋਰੀ ਦੇ ਵਿਰੋਧ ਵਿਚ ਅੱਜ ਇੱਕ ਮੰਗ ਪੱਤਰ ਰਣਬੀਰ ਸਿੰਘ ਭੁੱਲਰ ਐਮ.ਐਲ.ਏ ਫਿਰੋਜ਼ਪੁਰ ਸਹਿਰ, ਰਜਨੀਸ਼ ਦਯੀਆ ਐਮ.ਐਲ.ਏ ਫਿਰੋਜ਼ਪੁਰ ਦਿਹਾਤੀ ਅਤੇ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਨੂੰ ਮਿਲ ਕੇ ਦਿੱਤਾ ਗਿਆ। ਇਸ ਮੌਕੇ ਗੁਰਚਰਨ ਸਿੰਘ ਭੁੱਲਰ ਪੀ.ਏ.ਸੀ ਮੈਂਬਰ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਅਤੇ ਜ਼ਿਲਾ ਪ੍ਰਧਾਨ ਫਿਰੋਜ਼ਪੁਰ ਸਮੇਤ ਪਾਰਟੀ ਦਿੱਤਾ ਗਿਆ, ਜਿਸ ਵਿੱਚ ਤਹਿਸੀਲ ਫਿਰੋਜ਼ਪੁਰ ਵਿੱਚ ਰਿਸ਼ਵਤਖੋਰੀ ਬੰਦ ਕਰਾਉਣ ਅਤੇ ਰਿਸਵਤਖੋਰ ਮੁਲਾਜਮਾ ਖਿਲਾਫ ਕਾਨੂੰਨ ਕਾਰਵਾਈ ਕਰਨ ਅਤੇ ਤੁਰੰਤ ਉਨ੍ਹਾਂ ਦੀ ਬਦਲੀ ਸਬੰਧੀ ਤੁਰੰਤ ਕਾਰਵਾਈ ਕਰਨ ਵਾਸਤੇ ਕਿਹਾ ਗਿਆ। ਮੌਕੇ ਤੇ ਡਿਪਟੀ ਕਮਿਸ਼ਨਰ ਸਾਹਿਬ ਨੇ ਅਤੇ ਰਜਨੀਸ਼ ਦਯੀਆ ਐਮ.ਐਲ.ਏ ਫਿਰੋਜ਼ਪੁਰ ਦਿਹਾਤੀ ਅਤੇ ਰਣਬੀਰ ਸਿੰਘ ਭੁੱਲਰ ਐਮ.ਐਲ.ਏ ਨੇ ਵਿਸ਼ਵਾਸ ਦਿਵਾਇਆ ਕਿ ਅਸੀਂ ਰਿਸ਼ਵਤ ਖੋਰੀ ਨੂੰ ਤੁਰੰਤ ਬੰਦ ਕਰਾਇਆ ਜਾਵੇਗਾ ਅਤੇ ਰਿਸ਼ਵਤ ਲੈਣ ਵਾਲਿਆਂ ਤੇ ਕਾਨੂਨੀ ਕਾਰਵਾਈ ਕੀਤੀ ਜਾਵੇਗੀ। ਇਸ ਸਮੇਂ ਹਾਜਰ ਗੁਰਚਰਨ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਖੁਦ, ਤੇਜਿੰਦਰ ਸਿੰਘ ਦਿਉਲ ਯੂਥ ਪ੍ਰਧਾਨ ਸ੍ਰੋਮਣੀ ਅਕਾਲੀ ਦਲ, ਜਗਜੀਤ ਸਿੰਘ ਦਫਤਰ ਸਕੱਤਰ, ਕਰਤਾਰ ਸਿੰਘ ਸਰਕਲ, ਮੋਹਨ ਸਿੰਘ ਨਿਆਜੀਆ ਮੀਤ ਪ੍ਰਧਾਨ ਹਲਕਾ ਦਿਹਾਤੀ, ਸੁੱਚਾ ਸਿੰਘ ਮਹਾਲਮ ਪ੍ਰਚਾਰ ਸਕੱਤਰ, ਸੁੱਚਾ ਸਿੰਘ ਬਸਤੀ ਭਾਨੇ ਵਾਲੀ ਪ੍ਰਚਾਰ ਸਕੱਤਰ, ਨਿਸ਼ਾਨ ਸਿੰਘ ਸੈਦੇ ਕੇ ਰਹੇਲਾ ਜਰਨਲ ਸਕੱਤਰ, ਮਲਕੀਤ ਸਿੰਘ ਸੀਨੀਅਰ ਆਗੂ ਵਾਹਕੇ ਆਦਿ ਨੇ ਕਿਹਾ ਕਿ ਰਿਸ਼ਵਤਖੋਰੀ ਤੁਰੰਤ ਬੰਦ ਕਰਕੇ ਲੋਕਾਂ ਨੂੰ ਨਿਜਾਤ ਦਵਾਈ ਜਾਵੇ, ਜੇਕਰ ਹੁਣ ਵੀ ਇਸ ਨੂੰ ਅਣਗੋਲਿਆ ਕੀਤਾ ਗਿਆ ਤਾਂ ਰਿਸ਼ਵਤਖੋਰ ਅਫਸਰ ਅਤੇ ਮੁਲਾਜਮਾਂ ਦੇ ਨਾਮ ਲੋਕਾਂ ਵਿੱਚ ਨਸ਼ਰ ਕੀਤੇ ਜਾਣਗੇ ਅਤੇ ਦਫਤਰਾਂ ਵਿੱਚ ਰਿਸ਼ਵਤ ਬੰਦ ਕਰਾਉਣ ਲਈ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਉਨ੍ਹਾਂ ਮੁਲਾਜ਼ਮਾਂ ਤੇ ਅਫਸਰਾਂ ਦੇ ਦਫ਼ਤਰਾਂ ਅੱਗੇ ਧਰਨੇ ਲਾ ਕੇ ਰਿਸ਼ਵਤ ਬੰਦ ਕਰਵਾਏਗਾ।

# ਤਲਵੰਡੀ ਸਾਬੋ ਦੇ ਸਿਹਤ ਕੇਂਦਰਾਂ ’ਤੇ ਹੈਪੇਟਾਈਟਸ ਸਬੰਧੀ ਜਾਗਰੂਕਤਾ ਸੈਮੀਨਾਰ ਲਾਇਆ

## ਹੈਪੇਟਾਈਟਸ ਇਲਾਜ ਤੋਂ ਬਿਹਤਰ ਹੈ ਬਚਾਅ: ਡਾ. ਦਰਸ਼ਨ ਕੌਰ



**ਤਲਵੰਡੀ ਸਾਬੋ, 29 ਜੁਲਾਈ ਗੁਰਜੰਟ ਸਿੰਘ ਨਥੇਹਾ)**-ਹਰ ਸਾਲ ਵਿਸ਼ਵ ਵਿੱਚ ਲੱਖਾਂ ਲੋਕ ਹੈਪੇਟਾਈਟਸ (ਕਾਲਾ ਪੀਲੀਆ) ਬੀਮਾਰੀ ਨਾਲ ਆਪਣੀ ਜਾਨ ਗਵਾ ਬੈਠਦੇ ਹਨ ਜਦੋਂ ਕਿ ਇਸ ਬੀਮਾਰੀ ਦਾ ਸਹੀ ਸਮੇਂ ’ਤੇ ਜਾਂਚ ਕਰਵਾ ਕੇ ਇਸ ਦਾ ਇਲਾਜ ਕੀਤਾ ਜਾ ਸਕਦਾ ਹੈ ਤੇ ਇਸ ਬੀਮਾਰੀ ਨਾਲ ਹੋਣ ਵਾਲੀਆਂ ਮੌਤਾਂ ਨੂੰ ਰੋਕਿਆ ਜਾ ਸਕਦਾ ਹੈ। ਇਨਾਂ ਵਿਚਾਰਾ ਦਾ ਪ੍ਰਗਟਾਵਾ ਕਰਦਿਆ ਡਾ. ਦਰਸ਼ਨ ਕੌਰ ਸੀਨੀਅਰ ਮੈਡੀਕਲ ਅਫਸਰ ਐਸ ਡੀ ਐਚ ਤਲਵੰਡੀ ਸਾਬੋ ਨੇ ਦੱਸਿਆ ਕਿ ਵਿਸ਼ਵ ਹੈਪੇਟਾਈਟਸ ਦਿਵਸ ਹਰ ਸਾਲ 28 ਜੁਲਾਈ ਨੂੰ ਦੁਨੀਆਂ ਭਰ ਵਿੱਚ ਮਨਾਇਆ ਜਾਂਦਾ ਹੈ। ਇਸ ਮੁਹਿੰਮ ਤਹਿਤ ਸਿਹਤ ਬਲਾਕ ਤਲਵੰਡੀ ਸਾਬੋ ਵਿੱਚ ਸਿਹਤ ਕੇਂਦਰਾਂ ਤੇ ਲੋਕਾਂ ਨੂੰ ਜਾਗਰੂਕਤਾ ਸੈਮੀਨਾਰ ਲਗਾ ਕੇ ਜਾਗਰੂਕ ਕੀਤਾ ਗਿਆ। ਇਸ ਦੌਰਾਨ ਜਾਣਕਾਰੀ ਦਿੰਦੇ ਹੋਏ ਡਾ. ਅਮਨਪ੍ਰੀਤ ਸਿੰਘ ਸੇਠੀ ਨੇ ਦੱਸਿਆ ਕਿ ਹੈਪੇਟਾਈਟਸ ਜਿਗਰ ਦੀ ਬੀਮਾਰੀ ਹੈ ਜੋ ਕਿ ਵਾਇਰਸ ਕਾਰਨ ਹੁੰਦੀ ਹੈ। ਹੈਪੇਟਾਈਟਸ ਪੰਜ ਤਰਾਂ ਦਾ ਹੁੰਦਾ ਹੈ ਜਿਸ ਵਿੱਚ ਹੈਪੇਟਾਈਟਸ ਏ.ਬੀ.ਸੀ.ਡੀ ਤੇ ਈ ਹਨ। ਹੈਪੇਟਾਈਟਸ ਦੀ ਏ ਅਤੇ ਈ ਕਿਸਮ ਦੂਸ਼ਿਤ ਪਾਣੀ ਤੇ ਗਲੇ ਸੜੇ ਫਲ ਖਾਣ ਨਾਲ ਤੇ ਮੱਖੀਆਂ ਦੁਆਰਾ ਦੂਸ਼ਿਤ ਕੀਤੇ ਭੋਜਨ ਖਾਣ ਅਤੇ ਬਿਨਾਂ ਹੱਥ ਧੋਤੇ ਭੋਜਨ ਖਾਣ ਨਾਲ ਹੁੰਦੀ ਹੈ। ਹੈਪੇਟਾਈਟਸ ਬੀ ਤੇ ਸੀ ਦੂਸ਼ਿਤ ਖੂਨ ਚੜਾਉਣ ਨਾਲ, ਨਸ਼ੇ ਦੇ ਆਦਿ ਲੋਕਾਂ ਵੱਲੋਂ ਸਾਂਝੀਆਂ ਸੂਈਆਂ ਵਰਤਨ ਨਾਲ, ਟੈਟੂ ਬਨਵਾਉਣ ਨਾਲ, ਗ੍ਰਸਤ ਮਾਂ ਤੋ ਬੱਚੇ ਨੂੰ, ਗ੍ਰਸਤ ਵਿਅਕਤੀਆ ਨਾਲ ਸਰੀਰਿਕ ਸਬੰਧ ਬਨਾਉਣ ਨਾਲ, ਹੋ ਸਕਦੀ ਹੈ। ਹੈਪੇਟਾਈਟਸ ਦੇ ਲੱਛਣ ਬੁਖਾਰ, ਭੁੱਖ ਨਾ ਲੱਗਣਾ, ਜਿਗਰ ਦਾ ਕੈਂਸਰ, ਪਿਸ਼ਾਬ ਦਾ ਪੀਲਾ ਹੋਣਾ ਹੋ ਸਕਦੇ ਹਨ। ਉਨਾਂ ਦੱਸਿਆ ਕਿ ਹੈਪੇਟਾਈਟਸ ਜਾਨਲੇਵਾ ਬੀਮਾਰੀ ਹੈ ਜੋ ਕਿ ਜਿਗਰ ਵਿੱਚ ਸੋਜ ਪੈਦਾ ਕਰਦੀ ਹੈ ਤੇ ਜਿਗਰ ਦੇ ਕੰਮ ਕਰਨ ਦੀ ਸ਼ਕਤੀ ਘਟਾਉਂਦਾ ਹੈ ਤੇ ਜੇ ਸਹੀ ਸਮੇਂ ’ਤੇ ਇਸਦੀ ਜਾਂਚ ਤੇ ਇਲਾਜ ਨਾ ਕਰਵਾਇਆ ਜਾਵੇ ਤਾਂ ਜਿਗਰ ਦਾ ਕੈਂਸਰ ਹੋ ਸਕਦਾ ਹੈ। ਇਸ ਮੌਕੇ ਬਲਾਕ ਐਜੂਕੇਟਰ ਗੁਰਸਿਮਰਤ ਕੌਰ ਨੇ ਇਸ ਬੀਮਾਰੀ ਤੋਂ ਬਚਾਅ ਬਾਰੇ ਗੱਲ ਕਰਦਿਆਂ ਉਨਾਂ ਦੱਸਿਆ ਕਿ ਸੂਈਆਂ ਦਾ ਸਾਂਝਾ ਇਸਤੇਮਾਲ ਨਾ ਕਰੋ, ਮਨਜੂਰਸ਼ੁਦਾ ਬਲੱਡ ਬੈਂਕ ਤੋਂ ਖੂਨ ਲਗਵਾਉਣਾ, ਸੁਰਖਿਅਤ ਸੰਭੋਗ, ਮੇਲਿਆਂ ਵਿੱਚ ਟੈਟੂ ਨਾ ਬਣਵਾਓ ਤੇ ਸਾਫ ਪਾਣੀ ਦੀ ਵਰਤੋਂ, ਖਾਣ ਪੀਣ ਦੀਆਂ ਵਸਤਾਂ ਤਾਜੀਆਂ ਤੇ ਸਾਫ ਹੋਣ ਆਦਿ ਤਰੀਕਿਆਂ ਨਾਲ ਹੈਪੇਟਾਈਟਸ ਤੋਂ ਬਚਾਅ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਹੈਪੇਟਾਈਟਸ ਸੀ ਦਾ ਇਲਾਜ ਸਰਕਾਰੀ ਹਸਪਤਾਲਾਂ ਵਿੱਚ ਮੁਫਤ ਕੀਤਾ ਜਾਂਦਾ ਹੈ। ਇਸ ਦੌਰਾਨ ਸਿਹਤ ਵਰਕਰ ਅਤੇ ਹੋਰ ਲੋਕ ਹਾਜਰ ਸਨ।

### ਪਿਛਲੇ ਦਿਨੀ ਨਿਉ ਮਾਝਾ ਪੈਰਸ ਕਲੱਬ ਵੱਲੋਂ ਲਗਾਏ ਖ਼ੂਨਦਾਨ ਕੈਂਪ ਦੌਰਾਨ

# ਖ਼ੂਨ ਦੇਣ ਵਾਲਿਆਂ ਦਾ ਕੀਤਾ ਸਨਮਾਨ



ਆਵਾਜ਼ਿ ਕੌਮ AWAZE QAUM International Newspaper & WEB TV

ਪਿਛਲੇ ਦਿਨੀ ਨਿਉ ਮਾਝਾ ਪੈਰਸ ਕਲੱਬ ਵੱਲੋਂ ਬੈਲੇਸੀਮੀਆ- ਬਿਮਾਰੀਆਂ ਤੋਂ ਪੀੜਿਤ ਬੱਚਿਆਂ ਲਈ ਖ਼ੂਨ ਦਾਨ ਕੈਪ ਲਗਾਇਆ ਸੀ ਉਸ ਵਿੱਚ ਸਮਾਜ ਸੇਵੀ ਸ, ਇੰਦਰਜੀਤ ਸਿੰਘ ਰੰਧਾਵਾ ਚੌਕ ਮਹਿਤਾ ਖ਼ੂਨ ਦੇਣ ਬਾਦ ਸਾਰੇ ਪੱਤਰਕਾਰਾ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕਰਦੇ ਹੋਏ। ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

### ਮਾਲਵਾ ਕਲੱਬ ਵੱਲੋਂ ਇੱਕ ਰੁੱਖ ਮਾਂ ਦੇ ਨਾਮ' ਮੁਹਿੰਮ ਤਹਿਤ

# ਪੌਦਿਆਂ ਦਾ ਲਗਾਇਆ ਲੰਗਰ




**ਤਲਵੰਡੀ ਸਾਬੋ, 29 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਮਾਲਵਾ ਵੈੱਲਫੇਅਰ ਕਲੱਬ ਤਲਵੰਡੀ ਸਾਬੋ ਵੱਲੋ ਵਾਤਾਵਰਣ ਦੀ ਸੁਰੱਖਿਆ ਵਿੱਚ ਆਪਣਾ ਬਣਦਾ ਯੋਗਦਾਨ ਪਾਉਣ ਦੇ ਉਦੇਸ਼ ਨਾਲ ਅੱਜ ਭਾਰਤ ਸਰਕਾਰ ਦੀ ਮੁਹਿੰਮ 'ਇਕ ਰੁੱਖ ਮਾਂ ਦੇ ਨਾਮ' ਤਹਿਤ ਰੁੱਖ ਲਗਾਉਣ ਲਈ ਲੋਕਾਂ ਨੂੰ ਪ੍ਰੇਰਿਤ ਕਰਕੇ ਪੌਦਿਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਕਲੱਬ ਪ੍ਰਧਾਨ ਵਿਕਾਸ ਸਿੰਗਲਾ ਨੇ ਵਾਤਾਵਰਨ ਸੰਭਾਲ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦੇ ਦੱਸਿਆ ਕਿ ਵਾਤਾਵਰਨ ਦੀ ਸੰਭਾਲ ਅਜੋਕੇ ਸਮੇਂ ਦੀ ਵੱਡੀ ਲੋੜ ਹੈ ਅਤੇ ਬੂਟਿਆਂ ਰਾਹੀਂ ਹੀ ਵਾਤਾਵਰਨ ਨੂੰ ਸੁਰੱਖਿਤ ਰੱਖਿਆ ਜਾ ਸਕਦਾ ਹੈ। ਇਨ੍ਹਾਂ ਬੂਟਿਆਂ ਰਾਹੀਂ ਹੀ ਗਲੋਬਲ ਵਾਰਮਿੰਗ ਵਰਗੇ ਖ਼ਤਰੇ ਤੋਂ ਬਚਿਆ ਜਾ ਸਕਦਾ ਹੈ। ਕਲੱਬ ਸਰਪਰਸਤ ਅੰਮ੍ਰਿਤਪਾਲ ਸਿੰਘ ਬਰਾੜ ਅਤੇ ਚੇਅਰਮੈਨ ਸ਼ੇਖ਼ਰ ਤਲਵੰਡੀ ਵੱਲੋ ਲੋਕਾਂ ਨੂੰ ਵੱਧ ਤੋਂ ਵੱਧ ਬੂਟੇ ਲਗਾਉਣ ਲਈ ਪ੍ਰੇਰਿਤ ਕੀਤਾ ਅਤੇ 'ਇੱਕ ਰੁੱਖ ਮਾਂ ਦੇ ਨਾਮ' ਮੁਹਿੰਮ ਵਿੱਚ ਆਪਣੀ ਮਾਂ ਦੇ ਨਾਮ 'ਤੇ ਇੱਕ ਬੂਟਾ ਲਗਾਉਣ ਅਤੇ ਧਰਤੀ ਮਾਤਾ ਦੀ ਸੇਵਾ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਕਲੱਬ ਸਕੱਤਰ ਗਗਨਦੀਪ ਹੈਪੀ ,ਖਜਾਨਚੀ ਮਨਦੀਪ ਸਿੰਘ ਧਾਲੀਵਾਲ ਨੇ ਰੁੱਖ ਲਗਾਉਣ ਦੀ ਮੁਹਿੰਮ ਨੂੰ ਸਮਾਜਿਕ ਲਹਿਰ ਦੱਸਦਿਆਂ ਕਿਹਾ ਕਿ ਕਲੱਬ ਸਮਾਜ ਭਲਾਈ ਲਈ ਕਈ ਕੰਮ ਕਰ ਰਿਹਾ ਹੈ। ਇਨ੍ਹਾਂ ਵਿੱਚ ਵਾਤਾਵਰਨ ਦੀ ਸੁਰੱਖਿਆ ਲਈ ਰੁੱਖ ਲਗਾਉਣ ਦੀ ਮੁਹਿੰਮ ਵੀ ਸ਼ਾਮਲ ਹੈ।ਕਲੱਬ ਮੈਂਬਰ ਅਰਸ਼ਦੀਪ ਸਿੰਘ ਗਿੱਲ ਅਤੇ ਜਗਨਦੀਪ ਸਿੰਘ ਨੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ 'ਇੱਕ ਰੁੱਖ ਮਾਂ ਦੇ ਨਾਮ' ਸਕੀਮ ਤਹਿਤ ਘੱਟੋ-ਘੱਟ ਇੱਕ ਰੁੱਖ ਜ਼ਰੂਰ ਲਗਾਉਣ ਅਤੇ ਸੂਬੇ ਨੂੰ ਹਰਿਆ-ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਸਰਕਾਰ ਵੱਲੋਂ ਚਲਾਈ ਮੁਹਿੰਮ ਵਿੱਚ ਬਣਦਾ ਯੋਗਦਾਨ ਪਾਉਣ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰਦੂਸ਼ਣ ਵਰਗੀਆਂ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਕਲੱਬ ਦੇ ਮੈਂਬਰ ਅਮਨਦੀਪ ਸਿੰਘ ਅਤੇ ਸੁਖਵਿੰਦਰ ਸਿੰਘ ਵੱਲੋਂ ਆਪਣਾ ਵਿਸ਼ੇਸ਼ ਸਹਿਯੋਗ ਦਿੱਤਾ ਗਿਆ ਅਤੇ ਨਾਲ-ਨਾਲ ਕਲੱਬ ਮੈਂਬਰ ਹਰਬੰਸ ਸਿੰਘ, ਚਮਨ ਲਾਲ, ਰਜਤ ਕੁਮਾਰ, ਸ਼ੁਭਦੀਪ ਸਿੰਘ, ਵਿਜੇਪਾਲ ਚੌਧਰੀ, ਰਾਜਿੰਦਰ ਚੱਠਾ, ਰਾਜੀਵ ਜਿੰਦਲ ਵੀ ਪ੍ਰੋਗਰਾਮ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਭਿਆਨਕ ਅੱਗ ਤੇ ਪੁਲਿਸ ਪ੍ਰਸ਼ਾਸਨ,ਸ਼ਹਿਰ ਵਾਸੀਆਂ ਤੇ ਇਲਾਕਾ ਵਾਸੀਆਂ ਨੇ ਸੂਝਬੂਝ ਨਾਲ ਪਾਇਆ ਕਾਬੂ

# ਅੱਗ ਬੁਝਾਉਣ ਲਈ ਦੋ ਢਾਈ ਘੰਟੇ ਦਾ ਸਮਾਂ ਤੇ 25 ਫਾਇਰ ਬ੍ਰਿਗੇਡ ਗੱਡੀਆਂ ਦਾ ਹੋਇਆ ਇਸਤੇਮਾਲ : ਈ ਟੀ ਓ



**ਜੰਡਿਆਲਾ ਗੁਰੂ, 29 ਜੁਲਾਈ (ਕੁਲਵੰਤ ਸਿੰਘ ਵਿਰਦੀ)**-ਬੀਤੇ ਦਿਨ ਸ਼ਹਿਰ ਜੰਡਿਆਲਾ ਗੁਰੂ ਵਿਖੇ ਸਥਿਤ ਦੁਸਹਿਰਾ ਗਰਾਊਂਡ ਦੇ ਸਾਹਮਣੇ ਜੋਸ਼ਨ ਖੇਤੀ ਸਟੋਰ ਨੂੰ ਭਿਆਨਕ ਅੱਗ ਲੱਗ ਗਈ ਸੀ ਇਸ ਅੱਗ ਦੇ ਨਾਲ ਇਕ ਹੋਰ ਦੁਕਾਨ ਨੁਕਸਾਨੀ ਗਈ ਇਸ ਸਬੰਧੀ ਜਦੋਂ ਹਲਕੇ ਦੇ ਵਿਧਾਇਕ ਅਤੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਜੀ ਨੂੰ ਉਨ੍ਹਾਂ ਦੇ ਭਰਾ ਸਤਿੰਦਰ ਸਿੰਘ ਵੱਲੋਂ ਫੋਨ ਤੇ ਜਾਣਕਾਰੀ ਦਿੱਤੀ ਗਈ ਤਾਂ ਸ੍ਰ ਈ ਟੀ ਓ ਸ਼ਹਿਰ ਤੋਂ ਬਾਹਰ ਹੋਣ ਕਾਰਨ ਫਿਰ ਵੀ ਸਮੇਂ ਉਪਰ ਪਹੁੰਚ ਕੇ ਸ਼ਹਿਰ ਵਾਸੀਆਂ ਹਲਕਾ ਵਾਸੀਆਂ ਦੇ ਨਾਲ ਖੜ੍ਹੇ ਰਹੇ ਇਸ ਦੌਰਾਨ ਸ੍ਰ ਹਰਭਜਨ ਸਿੰਘ ਈ ਟੀ ਓ ਜੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਕਿਹਾ ਕਿ ਜਦੋਂ ਮੈਨੂੰ ਪਤਾ ਚਲਿਆ ਤਾਂ ਮੈਂ ਤੁਰੰਤ ਆਪਣੇ ਸ਼ਹਿਰ ਵਾਸੀਆਂ ਕੋਲ ਪਹੁੰਚ ਗਿਆ ਹਾਂ ਅਤੇ ਮੈਂ ਪੁਲਿਸ ਪ੍ਰਸ਼ਾਸਨ, ਸ਼ਹਿਰ ਵਾਸੀਆਂ ਅਤੇ ਹੋਰ ਜਿਨ੍ਹਾਂ ਅਧਿਕਾਰੀਆਂ ਵੱਲੋਂ ਮੌਕੇ ਤੇ ਪਹੁੰਚ ਕੇ ਇਸ ਅੱਗ ਤੇ ਕਾਬੂ ਪਾਉਣ ਲਈ ਜੱਦੋਜਹਿਦ ਕੀਤੀ ਗਈ ਹੈ ਉਨ੍ਹਾਂ ਦਾ ਧੰਨਵਾਦ ਕਰਦਾ ਹਾਂ ਇਸ ਭਿਆਨਕ ਅੱਗ ਨੂੰ ਬੁਝਾਉਣ ਲਈ ਸਾਡੇ ਸ਼ਹਿਰ ਜੰਡਿਆਲਾ ਗੁਰੂ ਨਗਰ ਕੌਂਸਲ ਕੋਲ ਆਪਣੀਆਂ ਤਿੰਨ ਫਾਇਰ ਬ੍ਰਿਗੇਡ ਗੱਡੀਆਂ ਹਨ ਜੋ ਮੌਕੇ ਤੇ ਪਹੁੰਚ ਗਈਆਂ ਅਤੇ ਅੱਗ ਇੰਨੀ ਭਿਆਨਕ ਸੀ ਕਿ ਸਾਨੂੰ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਅੰਮ੍ਰਿਤਸਰ ਤਰਨਤਾਰਨ ਤੋਂ ਵੀ ਮੰਗਵਾਉਣੀਆਂ ਪਈਆਂ ਦੋ ਢਾਈ ਘੰਟੇ ਦੀ ਜੱਦੋਜਹਿਦ ਅਤੇ ਦੁਕਾਨ ਦੀ ਪਿਛਲੀ ਸਾਈਡ ਤੋਂ ਕੰਧ ਪਾੜ ਕੇ ਇਸ ਅੱਗ ਤੇ ਕਾਬੂ ਪਾਇਆ ਗਿਆ ਇਸ ਅੱਗ ਨੂੰ ਬੁਝਾਉਣ ਲਈ ਕੁੱਲ 25 ਫਾਇਰ ਬ੍ਰਿਗੇਡ ਗੱਡੀਆਂ ਇਸਤੇਮਾਲ ਕੀਤੀਆਂ ਗਈਆਂ ਇਸ ਮੌਕੇ ਦੁਕਾਨ ਤੇ ਕੰਮ ਕਰਨ ਵਾਲੇ ਕਾਮਿਆਂ ਨੂੰ ਜ਼ਿਹਰੀਲਾ ਧੂੰਆਂ ਚੜ੍ਹ ਗਿਆ ਜਿਨ੍ਹਾਂ ਨੂੰ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ ਇਸ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਚੱਲ ਸਕਿਆ ਪਰ ਅੱਗ ਲੱਗਣ ਦੇ ਕਾਰਨਾਂ ਦੀ ਜਾਂਚ ਕੀਤੀ ਜਾਵੇਗੀ ਅੱਗੇ ਉਨ੍ਹਾ ਕਿਹਾ ਕਿ ਇਸ ਘਟਨਾ ਵਿੱਚ ਲੱਗਭੱਗ 70/80 ਲੱਖ ਦੇ ਕਰੀਬ ਨੁਕਸਾਨ ਹੋਇਆ ਹੈ ਸਾਡੀ ਸਰਕਾਰ ਵੱਲੋਂ ਹਰ ਸੰਭਵ ਮਦਦ ਕੀਤੀ ਜਾਵੇਗੀ9 ਇਸ ਮੌਕੇ ਥਾਣਾ ਜੰਡਿਆਲਾ ਗੁਰੂ ਤੋਂ ਐਸ ਐਚ ਓ ਮੁਖਤਿਆਰ ਸਿੰਘ, ਚੌਂਕੀ ਇੰਚਾਰਜ ਰਾਜਬੀਰ ਸਿੰਘ ਵੱਲੋਂ ਪੁਲਿਸ ਪਾਰਟੀ ਸਮੇਤ ਤਨਦੇਹੀ ਨਾਲ ਸ਼ਹਿਰ ਵਾਸੀਆਂ ਅਤੇ ਇਲਾਕਾ ਵਾਸੀਆਂ ਨੇ ਸਥਿਤੀ ਨੂੰ ਕੰਟਰੋਲ ਚ ਰੱਖ ਕੇ ਸੂਝਬੂਝ ਨਾਲ ਪਾਇਆ ਅੱਗ ਤੇ ਕਾਬੂ।

ਆਵਾਜ਼ਿ ਕੌਮ AWAZE QAUM International Newspaper & WEB TV

# ਦਸ਼ਮੇਸ਼ ਕਾਲਜ , ਮਹਿਤਾ ਚੌਂਕ ਦੇ ਬੀ. ਕਾਮ. ਦਾ ਨਤੀਜਾ ਰਿਹਾ ਸ਼ਲਾਘਾਯੋਗ



**ਚੌਕ ਮਹਿਤਾ, 29 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )** -ਹਲਕੇ ਵਿੱਚ ਦਸ਼ਮੇਸ਼ ਕਾਲਜ ਫਾਰ ਵਿਮਨ, ਸ਼ੁਰੂ ਤੋਂ ਹੀ ਬਹੁਤ ਘੱਟ ਫ਼ੀਸਾਂ ਲੈ ਕੇ ਲੜਕੀਆਂ ਦੇ ਭਵਿੱਖ ਵੱਲ ਵਿਸ਼ੇਸ਼ ਉਪਰਾਲੇ ਕਰਦਾ ਆ ਰਿਹਾ ਹੈ। ਜਿਸ ਵਿੱਚ ਉਹਨਾਂ ਨੂੰ ਬੀ.ਏ, ਬੀ.ਐੱਸ. ਈ. ਕੰਪਿਊਟਰ ਅਤੇ ਬੀ.ਕਾਮ. ਜਿਹੇ ਕੋਰਸ ਕਰਵਾਏ ਜਾਂਦੇ ਹਨ। ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ ਬੀ.ਕਾਮ. ਜਮਾਤ ਦੇ ਤਾਜ਼ੇ ਐਲਾਨੇ ਗਏ ਨਤੀਜਿਆਂ ਵਿੱਚ ਦਸ਼ਮੇਸ਼ ਕਾਲਜ ਫਾਰ ਵਿਮਨ, ਮਹਿਤਾ ਚੌਂਕ ਦੇ ਵਿਦਿਆਰਥੀਆਂ ਦਾ ਨਤੀਜਾ ਤਸੱਲੀਬਖ਼ਸ਼ ਰਿਹਾ ਅਤੇ ਪਰਮਾਤਮਾ ਦਾ ਧੰਨਵਾਦ ਕੀਤਾ। ਬੀ.ਕਾਮ. ਸਮੈਸਟਰ ਛੇਵਾਂ ਵਿੱਚ ਮਨਦੀਪ ਕੌਰ ਨੇ 1573/2100 (75%) ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ ਹਾਸਿਲ ਕੀਤਾ। ਇਸਦੇ ਨਾਲ ਜਸ਼ਨਦੀਪ ਕੌਰ 1541/2100 (74ਅ%) ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਦੂਸਰੇ ਸਥਾਨ 'ਤੇ ਰਹੀ ਅਤੇ ਕੋਮਲਪ੍ਰੀਤ ਕੌਰ ਨੇ 1490/2100 (71%) ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਤੀਸਰਾ ਸਥਾਨ ਹਾਸਿਲ ਕੀਤਾ ਅਤੇ ਬੀ.ਕਾਮ. ਸਮੈਸਟਰ ਚੌਥਾ ਦੀ ਵਿਦਿਆਰਥਣ ਅਨੁਰੀਤ ਕੌਰ ਨੇ 262/350 (75%) ਅੰਕ ਪ੍ਰਾਪਤ ਕੀਤੇ। ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਦੇ ਚੇਅਰਮੈਨ ਸਰਦਾਰ ਗੁਰਦੀਪ ਸਿੰਘ ਰੰਧਾਵਾ ਨੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਉਹਨਾਂ ਨੂੰ ਆਉਣ ਵਾਲੇ ਭਵਿੱਖ ਵਿੱਚ ਕਾਮਯਾਬੀ ਮਿਲਦੀ ਰਹੇ ਦੀ ਅਰਦਾਸ ਬੇਨਤੀ ਕੀਤੀ।ਕਾਲਜ ਸਟਾਫ਼ ਅਤੇ ਵਿਦਿਆਰਥੀਆਂ ਦੇ ਚਿਹਰੇ ਨੂੰ ਲੈ ਕੇ ਖ਼ੁਸ਼ ਦਿਖਾਈ ਦਿੱਤੇ।ਵਿਦਿਆਰਥਣਾਂ ਦੀ ਹੌਂਸਲਾ ਅਫ਼ਜਾਈ ਸਮੇਂ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਮੈਡਮ ਗੁਰਬੀਰ ਕੌਰ, ਵਾਈਸ ਪ੍ਰਿੰਸੀਪਲ ਮੈਡਮ ਬਲਜੀਤ ਕੌਰ, ਕੋ ਆਰਡੀਨੇਟਰ ਮੈਡਮ ਰਵਿੰਦਰ ਕੌਰ ਅਤੇ ਮੈਡਮ ਭਜਨਦੀਪ ਕੌਰ ਮੌਜੂਦ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਛੇਂਵੀਂ ਪਾਤਸ਼ਾਹੀ ਗੁਰੂਆਨਾ ਵੈਰੋਨੰਗਲ ਵਿਖੇ, ਮਹਾਨ ਅੰਮ੍ਰਿ ਸੰਚਾਰ 5 ਅਗਸਤ ਨੂੰ



ਚੌਕ ਮਹਿਤਾ 29 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ) ਗੁਰਦੁਆਰਾ ਸ੍ਰੋਮਣੀ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਵੱਲੋਂ ਪੰਜਾ ਪਿਆਰਿਆਂ ਦੀ ਅਗਵਾਈ ਹੇਠ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਸਾਹਿਬ ਜੀ ਛਤਰ ਛਾਇਆ ਹੇਠ ਪ੍ਰਧਾਨ ਐਡਵੋਕੇਟ ਸ, ਹਰਜਿੰਦਰ ਸਿੰਘ ਧਾਮੀ ਜੀ ਉੱਪਰਾਲਾ ਸਦਕਾ ਅਤੇ ਹਲਕਾ ਦੇ ਗੁਰਦੁਆਰਾ ਸ੍ਰੋਮਣੀ ਪ੍ਰਬੰਧਕ ਕਮੇਟੀ ਦੇ ਮੈਬਰ ਸੁਰਜੀਤ ਸਿੰਘ ਤੁਗਲਵਾਲ ਜੀ ਅਤੇ ਮੈਨੇਜਰ ਲਵਜੀਤ ਸਿੰਘ ਅਤੇ ਹੈਡ ਗ੍ਰੰਥੀ ਗਿਆਨੀ ਬਲਵੀਰ ਸਿੰਘ ਪੱਡਾ ਦੇ ਸਹਿਯੋਗ ਨਾਲ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਵਿਸੇਸ ਸਹਿਯੋਗ ਨਾਲ ਗੁਰਦੁਆਰਾ ਮੀਰੀ ਪੀਰੀ ਮਾਲਕ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਪਿੰਡ ਵੈਰੋ ਨੰਗਲ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ ਦੇ 450 ਸਾਲਾਂ ਜੋਤੀ ਜੋਤਿ ਦਿਵਸ ਅਤੇ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ 450 ਸਾਲਾਂ ਗੁਰਿਆਈ ਦਿਵਸ ਸਤਾਬਦੀ ਨੂੰ ਸਮਰਪਿਤ ਮਹਾਨ ਅੰਮ੍ਰਿਤ ਸੰਚਾਰ 5 ਅਗਸਤ 2024 ਦਿਨ ਸੋਮਵਾਰ ਨੂੰ ਕਰਵਾਇਆ ਜਾ ਰਿਹਾ ਹੈ। ਇਸ ਦੌਰਾਨ ਜਾਣਕਾਰੀ ਦਿੰਦਿਆਂ ਹੋਇਆ ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਭਾਈ ਬਲਵੀਰ ਸਿੰਘ ਪੱਡਾ ਅਤੇ ਮੈਨੇਜਰ ਭਾਈ ਲਵਜੀਤ ਸਿੰਘ,ਅਤੇ ਪ੍ਰਚਾਰਕ ਭਾਈ ਗੁਰਭੇਜ ਸਿੰਘ , ਭਾਈ ਕੁਲਵੰਤ ਸਿੰਘ,ਭਾਈ ਯਾਦਵਿੰਦਰ ਸਿੰਘ,ਨੇ ਕਿਹਾ ਕਿ ਜਿਸ ਵਿੱਚ ਪੰਜ ਪਿਆਰੇ ਸਾਹਿਬਾਨ ਸ੍ਰੀ ਅਕਾਲ ਤਖਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਤੋਂ ਆਉਣਗੇ ਅਤੇ ਅੰਮ੍ਰਿਤ ਅਭਿਲਾਖੀਆਂ ਨੂੰ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਪੰਜ ਕਕਾਰ ਭੇਟਾਂ ਰਹਿਤ ਦਿੱਤੇ ਜਾਣਗੇ। ਸ, ਸੁਰਜੀਤ ਸਿੰਘ ਤੁਗਲਵਾਲ, ਹੈਡ ਗ੍ਰੰਥੀ ਗਿਆਨੀ ਬਲਵੀਰ ਸਿੰਘ ਪੱਡਾ ਵੱਲੋਂ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੇ ਪਰਿਵਾਰਾ ਸਮੇਤ ਪਾਹੁੰਚ ਕਿ ਖੰਡੇ ਬਾਟੇ ਦਾ ਅੰਮ੍ਰਿਤ ਛਕਣ ਗੁਰੂ ਸਾਹਿਬ ਜੀ ਦੀਆਂ ਖੁਸੀਆ ਪ੍ਰਾਪਤ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

## ਪਬਲਿਕ ਪਲੇਸ ਤੇ ਤੰਬਾਕੂ ਨੋਸ਼ੀ ਕਰਨਾਂ ਵੀ ਸਜਾ/ਜੁਰਮਾਨੇਂ ਯੋਗ ਅਪਰਾਧ: ਡਾ ਸੁਮੀਤ ਸਿੰਘ




**ਚੌਕ ਮਹਿਤਾ 29 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕੋਟਪਾ ਐਕਟ ਨੂੰ ਸਖਤੀ ਨਾਲ ਲਾਗੂ ਕਰਨ ਸੰਬਧੀ ਸਿਵਲ ਸਰਜਨ ਡਾ ਸੁਮੀਤ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੂਸਾਰ ਜਿਲਾ ਨੋਡਲ ਅਫਸਰ ਐਨ.ਟੀ.ਸੀ.ਪੀ. ਕਮ ਡੀ.ਡੀ.ਐਚ.ਓ. ਡਾ ਜਗਨਜੋਤ ਕੋਰ ਵਲੋਂ ਇਕ ਸਪੈਸ਼ਲ ਟੀਮ ਦਾ ਗਠਣ ਕੀਤਾ ਗਿਆ।ਜਿਸ ਵਿਚ ਜਿਲਾ ਐਮ.ਈ.ਆਈ.ਓ.ਅਮਰਦੀਪ ਸਿੰਘ, ਮੈਡੀਕਲ ਅਫਸਰ ਡਾ ਸ਼ਬਨਮ, ਐਸ.ਆਈ. ਪਰਮਜੀਤ ਸਿੰਘ, ਹਰਜਿੰਦਰ ਪਾਲ ਸਿੰਘ, ਸੁਰਜੀਤ ਸਿੰਘ, ਰਸ਼ਪਾਲ ਸਿੰਘ, ਹਰਪ੍ਰੀਤ ਸਿੰਘ ਅਤੇ ਸਹਾਇਕ ਸਟਾਫ ਸ਼ਾਮਿਲ ਸਨ। ਇਸ ਟੀਮ ਵਲੋਂ ਮੌਕੇ ਤੇ ਕਾਰਵਾਈ ਕਰਦਿਆਂ ਹੋਇਆ ਸ਼ਹਿਰ ਦੇ ਵੱਖ-ਵੱਖ ਇਲਕਿਆਂ ਵਿਚ ਤੰਬਾਕੂ ਵਿਕਰੇਤਾਵਾਂ ਦੀ ਜਾਂਚ ਕੀਤੀ ਗਈ, ਜਿਸ ਮਾਲ ਰੋਡ, ਏਅਰ ਪੋਰਟ ਰੋਡ, ਅਤੇ ਰਾਜਾ ਸਾਂਸੀ ਦੇ ਨੇੜੇ ਦੇ ਇਲਾਕਿਆਂ ਵਿਚ 12 ਦੁਕਾਨਦਾਰਾਂ ਅਤੇ ਪਬਲਿਕ ਪਲੇਸ ਤੇ ਸਿਗਰਟ ਪੀਣ ਵਾਲੇ 6 ਲੋਕਾਂ ਦੇ ਮੌਕੇ ਤੇ ਚਲਾਣ ਕਟੇ ਗਏ ਅਤੇ ਪੰਜਾਬ ਸਰਕਾਰ ਵਲੋ ਤਹਿਤ ਸਮੂਹ ਤੰਬਾਕੂ ਵਿਕ੍ਰੇਤਾਵਾਂ ਨੂੰ ਚੇਤਾਵਨੀਂ ਦਿੰਦਿਆ ਹਦਾਇਤਾਂ ਜਾਰੀ ਕੀਤੀਆਂ ਅਤੇ ਮੌਕੇ ਤੇ ਬਿਨਾਂ ਮਾਪ-ਦੰਡ ਵਾਲੇ ਸਿਗਰਟ ਪ੍ਰੋਗਕਟ ਨੂੰ ਨਸ਼ਟ ਵੀ ਕੀਤਾ ਗਿਆ। ਇਸ ਅਵਸਰ ਤੇ ਜਿਲਾ ਨੋਡਲ ਅਫਸਰ ਐਨ.ਟੀ.ਸੀ.ਪੀ. ਕਮ ਡੀ.ਡੀ.ਐਚ.ਓ. ਡਾ ਜਗਨਜੋਤ ਕੋਰ ਵਲੋ ਜਾਣਕਾਰੀ ਦਿੱਤੀ ਗਈ ਕਿ ਭਾਰਤ ਸਰਕਾਰ ਵਲੋਂ ਜਾਰੀ ਨੋਟੀਫਿਕੇਸ਼ਨ ਮਿਤੀ 21 ਜੁਲਾਈ 2020 ਅਨੂਸਾਰ ਇਹ ਲਾਜਮੀਂ ਕੀਤਾ ਹੈ ਕਿ ਹਰੇਕ ਤੰਬਾਕੂ ਪ੍ਰੋਡਕਟ ਦੇ ਪੈਕਟ ਦੇ ਦੋਵੇਂ ਪਾਸੇ ਇਕ ਨਿਰਧਾਰਤ ਮਾਪਦੰਡ ਅਨੂਸਾਰ ਇਕ ਨਿਰਧਾਰਤ ਫੋਟੋ ਅਤੇ ਉਸ ਉਪੱਰ ਤੰਬਾਕੂ ਦਰਦਨਾਕ ਮੌਤ ਦਾ ਕਾਰਣ ਬਣਦਾ ਹੈ,ਇਸਨੂੰ ਅੱਜ ਹੀ ਬੰਦ ਕਰੋ, ਸੰਪਰਕ ਨੰ: 1800-11-2356" ਲਿਖਿਆ ਜਾਣਾਂ ਲਾਜਮੀਂ ਹੈ।

ਇਸਦੇ ਨਾਲ ਹੀ ਫਰੰਟ ਤੇ ਸਫੈਦ ਬੈਕਗ੍ਰਾਉਂਡ ਅਤੇ ਪਿਛਲੇ ਪਾਸੇ ਕਾਲੇ ਰੰਗ ਦੀ ਬੈਕਗ੍ਰਾਉਂਡ ਹੋਣੀਂ ਜਰੂਰੀ ਹੈ। ਉਪਰੋਕਤ ਹਿਦਾਇਤਾਂ 1 ਦਸੰਬਰ 2020 ਤੋਂ ਲਾਗੂ ਹਨ।ਇਸ ਲਈ ਬਿਨਾਂ ਉਪਰੋਕਤ ਮਾਪਦੰਡ ਦੇ ਤੰਬਾਕੂ ਵੇਚਣਾਂ ਕਾਨੂੰਨਣ ਸਜਾ ਯੋਗ ਅਪਰਾਧ ਹੈ। ਇਸ ਲਈ ਜੇਕਰ ਕੋਈ ਵੀ ਤੰਬਾਕੂ ਵਿਕ੍ਰੇਤਾਂ ਬਿਨਾਂ ਮਾਪਦੰਡ ਵਾਲਾ ਤੰਬਾਕੂ ਸਮਾਨ ਵੇਚਦਾ ਪਾਇਆ ਗਿਆ ਤਾਂ ਉਸ ਵਿਰੁੱਧ ਧਾਰਾ 20 ਤਹਿਤ ਸਖਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਸ ਤੋਂ ਇਲਾਵਾ ਖੁੱਲੀ ਸਿਗਟਰ ਵੇਚਣਾਂ ਅਤੇ ਪਬਲਿਕ ਪਲੇਸ ਤੇ ਤੰਬਾਕੂ ਨੋਸ਼ੀ ਕਰਨਾਂ ਵੀ ਸਜਾ/ਜੁਰਮਾਨੇਂ ਯੋਗ ਅਪਰਾਧ ਹੈ।

# ਜਦੋਂ ਹਕੂਮਤ ਤਖ਼ਤ ਢਾਹ ਦੇਵੇ ਫਿਰ ਸਮਝੌਤੇ ਨਹੀਂ, ਜੰਗ ਕੀਤੀ ਜਾਂਦੀ ਹੈ ਤੇ ਸਾਡੇ ਜੁਝਾਰੂ ਸਿੰਘਾਂ ਨੇ ਭਾਰਤੀ ਹਕੂਮਤ ਖ਼ਿਲਾਫ਼ 10 ਸਾਲ ਜੰਗ ਕੀਤੀ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ

## ਸ਼ਹੀਦ ਭਾਈ ਅਵਤਾਰ ਸਿੰਘ ਬ੍ਰਹਮਾ ਦੀ ਯਾਦ 'ਚ ਕਰਵਾਇਆ ਸ਼ਹੀਦੀ ਸਮਾਗਮ








**ਅੰਮ੍ਰਿਤਸਰ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਵੱਲੋਂ ਅਰੰਭੇ ਸੰਘਰਸ਼ ਵਿੱਚ ਜੂਝ ਕੇ ਸ਼ਹਾਦਤ ਦਾ ਜਾਮ ਪੀਣ ਵਾਲ਼ੇ ਖ਼ਾਲਿਸਤਾਨ ਲਿਬਰੇਸ਼ਨ ਫੋਰਸ ਦੇ ਮੁਖੀ ਜਰਨੈਲ ਸ਼ਹੀਦ ਜਥੇਦਾਰ ਭਾਈ ਅਵਤਾਰ ਸਿੰਘ ਬ੍ਰਹਮਾ ਦਾ ਸ਼ਹੀਦੀ ਦਿਹਾੜਾ ਉਹਨਾਂ ਦੇ ਪਿੰਡ ਬ੍ਰਹਮਪੁਰਾ ਜ਼ਿਲ੍ਹਾ ਤਰਨ ਤਾਰਨ ਵਿਖੇ ਖ਼ਾਲਸਾਈ ਸ਼ਾਨੋ ਸ਼ੌਕਤ ਨਾਲ ਮਨਾਇਆ ਗਿਆ। ਸਮਾਗਮ ਚ ਵਿਚਾਰਾਂ ਦੀ ਸਾਂਝ ਕਰਦਿਆਂ ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਜਦੋਂ ਹਕੂਮਤ ਤਖ਼ਤ ਢਾਹ ਦੇਵੇ ਫਿਰ ਹਕੂਮਤ ਨਾਲ ਸਮਝੌਤੇ ਨਹੀਂ, ਬਲਕਿ ਜੰਗ ਕੀਤੀ ਜਾਂਦੀ ਹੈ। ਤੇ ਜਥੇਦਾਰ ਭਾਈ ਅਵਤਾਰ ਸਿੰਘ ਬ੍ਰਹਮਾ ਨੇ ਜੂਨ 1984 ਵਿੱਚ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ ਉੱਤੇ ਹੋਏ ਫੌਜੀ ਹਮਲੇ ਤੋਂ ਬਾਅਦ ਹਿੰਦ ਹਕੂਮਤ ਖਿਲਾਫ ਜੰਗ ਲੜੀ ਤੇ ਦਿੱਲੀ ਤਖਤ ਹਿਲਾ ਦਿੱਤਾ। ਤੇ ਦੂਜੇ ਪਾਸੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਅਤੇ ਗ.ਦਾਰ ਹਰਚੰਦ ਸਿੰਘ ਲੌਂਗੋਵਾਲ ਨੇ 24 ਜੁਲਾਈ 1985 ਨੂੰ ਭਾਰਤ ਦੇ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਨਾਲ ਸਮਝੌਤਾ ਕਰ ਲਿਆ ਤੇ ਇਸੇ ਗਦਾਰੀ ਤਹਿਤ ਹੀ ਫਿਰ ਉਹ ਜੁਝਾਰੂ ਸਿੰਘਾਂ ਦੇ ਹੱਥੋਂ ਮਾਰਿਆ ਗਿਆ। 24 ਜੁਲਾਈ 1988 ਨੂੰ ਭਾਈ ਅਵਤਾਰ ਸਿੰਘ ਬ੍ਰਹਮਾ ਨੇ ਜੂਝ ਕੇ ਸ਼ਹਾਦਤ ਦਾ ਜਾਮ ਪੀਤਾ ਇਸੇ ਕਰਕੇ ਉਹਨਾਂ ਦੀ ਅੱਜ ਜੈ ਜੈਕਾਰ ਹੋ ਰਹੀ ਹੈ ਤੇ ਲੌਂਗੋਵਾਲ ਨੂੰ ਲਾਹਨਤਾਂ ਪੈ ਰਹੀਆਂ ਹਨ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸਿੱਖ ਸੰਘਰਸ਼ ਅਤੇ ਸਿੱਖ ਇਤਿਹਾਸ ਵਿੱਚ ਕੌਮੀ ਜਰਨੈਲ ਸ਼ਹੀਦ ਭਾਈ ਅਵਤਾਰ ਸਿੰਘ ਬ੍ਰਹਮਾ ਦਾ ਸਥਾਨ ਬਹੁਤ ਵੱਡਾ ਹੈ ਉਹਨਾਂ ਦੀ ਸ਼ਖਸੀਅਤ ਦੇ ਵਿੱਚੋਂ ਬਾਬਾ ਬੰਦਾ ਸਿੰਘ ਬਹਾਦਰ ਅਤੇ ਜਰਨੈਲ ਹਰੀ ਸਿੰਘ ਨਲੂਆ ਦੇ ਦਰਸ਼ਨ ਹੁੰਦੇ ਹਨ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸ਼ਹੀਦ ਭਾਈ ਅਵਤਾਰ ਸਿੰਘ ਬ੍ਰਹਮਾ ਅਤੇ ਉਹਨਾਂ ਦੇ ਸਾਥੀ ਸ਼ਹੀਦ ਭਾਈ ਗੁਰਦੀਪ ਸਿੰਘ ਵਕੀਲ, ਸ਼ਹੀਦ ਭਾਈ ਦੁਰਗਾ ਸਿੰਘ ਆਰਫਕੇ, ਸ਼ਹੀਦ ਭਾਈ ਜਰਨੈਲ ਸਿੰਘ ਡੀਸੀ ਨੂੰ ਇਹ ਸੱਚੀ ਸ਼ਰਧਾਂਜਲੀ ਹੋਵੇਗੀ ਕਿ ਅਸੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗੀਏ, ਖੰਡੇ ਬਾਟੇ ਦਾ ਅੰਮ੍ਰਿਤ ਛਕੀਏ, ਕੇਸਾਧਾਰੀ , ਅੰਮ੍ਰਿਤਧਾਰੀ ਤੇ ਸ਼ਸਤਰਧਾਰੀ ਹੋਈਏ ਅਤੇ ਸ਼ਹੀਦਾਂ ਦੇ ਪਾਏ ਪੂਰਨਿਆਂ ਤੇ ਪਹਿਰਾ ਦਿੰਦੀਆਂ ਕੌਮ ਦੀ ਆਜ਼ਾਦੀ ਲਈ ਸੰਘਰਸ਼ ਕਰੀਏ। ਉਹਨਾਂ ਕਿਹਾ ਕਿ ਸਾਡੇ ਜੁਝਾਰੂ ਸਿੰਘਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ, ਪੰਥ ਦੀ ਚੜ੍ਹਦੀ ਕਲਾ, ਫਸਲਾਂ, ਨਸਲਾਂ ਤੇ ਪਾਣੀਆਂ ਦੀ ਰਾਖੀ ਤੇ ਖਾਲਿਸਤਾਨ ਦੀ ਸਿਰਜਣਾ ਲਈ ਸ਼ਾਨਦਾਰ ਸੰਘਰਸ਼ ਕੀਤਾ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਹਕੂਮਤਾਂ ਦੇ ਨਾਲ ਹਥਿਆਰਬੰਦ ਸੰਘਰਸ਼ ਲੜਨ ਲਈ ਜੰਗਲੀ ਜਾਂ ਪਹਾੜੀ ਇਲਾਕਾ ਹੋਣਾ ਚਾਹੀਦਾ ਹੈ ਪਰ ਪੰਜਾਬ ਦਾ ਮੈਦਾਨੀ ਇਲਾਕਾ ਹੋਣ ਦੇ ਬਾਵਜੂਦ ਸਾਡੇ ਸਿੰਘਾਂ ਸੂਰਮਿਆਂ ਨੇ 10 ਸਾਲ ਭਾਰਤੀ ਹਕੂਮਤ ਨੂੰ ਵਕਤ ਪਾਈ ਰੱਖਿਆ ਤੇ ਚੁਣ ਚੁਣ ਕੇ ਦੁਸ਼ਟਾਂ ਦੇ ਸੋਧੇ ਲਾਏ ਤੇ ਹਿੰਦ ਸਰਕਾਰ ਨੂੰ ਦੱਸ ਦਿੱਤਾ ਕਿ ਖਾਲਸਾ ਜਿਉਂਦਾ ਅਤੇ ਜਾਗਦਾ ਹੈ, ਖਾਲਸੇ ਨੂੰ ਕੋਈ ਖਤਮ ਨਹੀਂ ਕਰ ਸਕਦਾ। ਜਿਵੇਂ ਮੁਗਲ ਹਕੂਮਤ ਅਤੇ ਅੰਗਰੇਜ਼ ਹਕੂਮਤ ਖਾਲਸੇ ਅੱਗੇ ਗੋਡੇ ਟੇਕ ਗਈ ਸੀ, ਇਸੇ ਤਰ੍ਹਾਂ ਹਿੰਦ ਹਕੂਮਤ ਦੀਆਂ ਗੁਲਾਮੀ ਦੀਆਂ ਜੰਜ਼ੀਰਾਂ ਤੋੜ ਕੇ ਅਸੀਂ ਜਲਦ ਆਜ਼ਾਦ ਹੋਵਾਂਗੇ। ਸ਼ਹੀਦੀ ਸਮਾਗਮ ਵਿੱਚ ਦਲ ਪੰਥ ਬਾਬਾ ਬਿਧੀ ਚੰਦ ਸੰਪਰਦਾ ਦੇ ਮੁਖੀ ਜਥੇਦਾਰ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲਿਆਂ ਵੱਲੋਂ ਕਵੀਸ਼ਰ ਭਾਈ ਗੁਰਜੰਟ ਸਿੰਘ ਬੈਂਕਾ, ਕਵੀਸ਼ਰ ਭਾਈ ਨਿਸ਼ਾਨ ਸਿੰਘ ਝਬਾਲ, ਦਮਦਮੀ ਟਕਸਾਲ ਅਜਨਾਲਾ ਦੇ ਗਿਆਨੀ ਤੇਜਬੀਰ ਸਿੰਘ, ਭਾਈ ਗੁਰਲਾਲ ਸਿੰਘ ਵਲਟੋਹਾ ਅਤੇ ਡਿਬਰੂਗੜ੍ਹ ਜੇਲ ਵਿੱਚ ਨਜ਼ਰਬੰਦ ਵਾਰਿਸ ਪੰਜਾਬ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਸ. ਤਰਸੇਮ ਸਿੰਘ, ਭਾਈ ਸਤਨਾਮ ਸਿੰਘ ਬਾਗੀ ਤੇ ਹੋਰ ਰਾਗੀ ਢਾਡੀ, ਕਵੀਸ਼ਰ, ਪ੍ਰਚਾਰਕ ਜਥਿਆਂ ਨੇ ਹਾਜ਼ਰੀ ਲਵਾਈ। ਕਵੀਸ਼ਰ ਭਾਈ ਗੁਰਜੰਟ ਸਿੰਘ ਬੈਂਕਾ ਦੇ ਜਥੇ ਵੱਲੋਂ ਸ਼ਹੀਦ ਭਾਈ ਅਵਤਾਰ ਸਿੰਘ ਬ੍ਰਹਮਾ ਬਾਰੇ ਕਵੀਸ਼ਰੀ ਵਾਰਾਂ ਵੀ ਰਿਲੀਜ਼ ਕੀਤੀਆਂ ਗਈਆਂ। ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਭਾਈ ਤਰਸੇਮ ਸਿੰਘ ਅਤੇ ਗਿਆਨੀ ਤੇਜਬੀਰ ਸਿੰਘ ਦਮਦਮੀ ਟਕਸਾਲ ਅਜਨਾਲਾ ਵੱਲੋਂ ਸ਼ਹੀਦ ਭਾਈ ਅਵਤਾਰ ਸਿੰਘ ਬ੍ਰਹਮਾ ਦੇ ਭਰਾ ਭਾਈ ਬਲਦੇਵ ਸਿੰਘ ਨਿਹੰਗ ਅਤੇ ਭਤੀਜਾ ਭਾਈ ਜਰਨੈਲ ਸਿੰਘ ਨੂੰ ਸਨਮਾਨਿਤ ਵੀ ਕੀਤਾ ਗਿਆ। ਗੁਰੂ ਕੇ ਲੰਗਰ ਅਤੁੱਟ ਵਰਤੇ।

ਆਵਾਜ਼ਿ ਕੌਮ AWAZE QAUM International Newspaper & WEB TV

### ਮੁੱਖ ਮੰਤਰੀ ਵੱਲੋਂ ਦੀਨਾਨਗਰ ਵਿੱਚ 51.74 ਕਰੋੜ ਰੁਪਏ ਦੀ ਲਾਗਤ ਵਾਲੇ ਰੇਲਵੇ ਓਵਰ ਬ੍ਰਿਜ ਦਾ ਉਦਘਾਟਨ

# ਸਰਹੱਦੀ ਸ਼ਹਿਰ ਵਿੱਚ ਆਵਾਜਾਈ ਹੋਵੇਗੀ ਸੁਚਾਰੂ




**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 29 ਜੁਲਾਈ (ਕੁਲਜੀਤ ਸਿੰਘ ਖੋਖਰ)**-ਇਤਿਹਾਸਕ ਸ਼ਹਿਰ ਦੀਨਾਨਗਰ ਵਿੱਚ ਆਵਾਜਾਈ ਨੂੰ ਸੁਚਾਰੂ ਬਣਾਉਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਨੂੰ ਦੀਨਾਨਗਰ ਰੇਲਵੇ ਸਟੇਸ਼ਨ ਨੇੜੇ ਅੰਮ੍ਰਿਤਸਰ-ਪਠਾਨਕੋਟ ਰੇਲਵੇ ਸੈਕਸ਼ਨ ਉਤੇ ਨਵਾਂ ਬਣਿਆ ਰੇਲਵੇ ਓਵਰ ਬ੍ਰਿਜ ਲੋਕਾਂ ਨੂੰ ਸਮਰਪਿਤ ਕੀਤਾ। ਇੱਥੇ 51.74 ਕਰੋੜ ਰੁਪਏ ਦੀ ਲਾਗਤ ਨਾਲ ਬਣਿਆ ਇਹ ਰੇਲਵੇ ਓਵਰ ਬ੍ਰਿਜ ਮੁੱਖ ਮੰਤਰੀ ਦਾ ਸ਼ਹਿਰ ਦੇ ਲੋਕਾਂ ਲਈ ਬਹੁਤ ਵੱਡਾ ਤੋਹਫ਼ਾ ਹੈ। ਇਹ ਰੇਲਵੇ ਓਵਰ ਬ੍ਰਿਜ ਗੁਰਦਾਸਪੁਰ ਜ਼ਿਲ੍ਹੇ ਵਿੱਚ ਦੀਨਾਨਗਰ ਰੇਲਵੇ ਸਟੇਸ਼ਨ ਨੇੜੇ ਅੰਮ੍ਰਿਤਸਰ-ਪਠਾਨਕੋਟ ਰੇਲਵੇ ਸੈਕਸ਼ਨ ਉਤੇ ਸੀ-60 ਲੈਵਲ ਕਰਾਸਿੰਗ ਦੀ ਥਾਂ ਉਸਾਰਿਆ ਗਿਆ ਹੈ। ਇਸ ਕੰਮ ਵਿੱਚ ਰੇਲਵੇ ਵਾਲੇ ਹਿੱਸੇ ਤੇ ਨਾਲ ਜੁੜਦੀਆਂ ਸੜਕਾਂ ਦਾ ਕੰਮ ਸ਼ਾਮਲ ਹੈ ਅਤੇ ਇਸ ਉਤੇ ਪੂਰਾ ਪੈਸਾ ਪੰਜਾਬ ਸਰਕਾਰ ਵੱਲੋਂ ਖਰਚਿਆ ਗਿਆ ਹੈ। ਇਹ 7.30 ਮੀਟਰ ਲੰਮਾ ਤੇ 10.5 ਮੀਟਰ ਚੌੜਾ ਪ੍ਰਾਜੈਕਟ 2019 ਵਿੱਚ ਸ਼ੁਰੂ ਹੋਇਆ ਸੀ ਅਤੇ ਸਮੇਂ ਸਿਰ ਮੁਕੰਮਲ ਹੋਇਆ ਹੈ। ਇਸ ਰੇਲਵੇ ਓਵਰ ਬ੍ਰਿਜ ਦੇ ਦੋਵੇਂ ਪਾਸੇ 0.75 ਮੀਟਰ ਚੌੜਾ ਫੁੱਟਪਾਥ ਉਸਾਰਿਆ ਗਿਆ ਹੈ ਅਤੇ ਦੋਵੇਂ ਪਾਸਿਆਂ ਉਤੇ ਸਰਵਿਸ ਰੋਡ ਤੇ ਹਾਈਵੇਅ ਲਾਈਟਾਂ ਦਾ ਵੀ ਪ੍ਰਬੰਧ ਕੀਤਾ ਗਿਆ ਹੈ। ਬ੍ਰਿਜ ਦੇ ਹੇਠਾਂ ਪੇਵਰ ਟਾਈਲਾਂ ਨਾਲ ਢੁਕਵੀਂ ਪਾਰਕਿੰਗ ਬਣਾਈ ਗਈ ਹੈ। ਸ਼ਹਿਰ ਵਾਸੀਆਂ ਲਈ ਇਹ ਪ੍ਰਾਜੈਕਟ ਬਹੁਤ ਅਹਿਮ ਹੈ ਅਤੇ ਇਹ ਆਵਾਜਾਈ ਨੂੰ ਸੁਚਾਰੂ ਬਣਾਉਣ ਵਿੱਚ ਮਦਦਗਾਰ ਸਾਬਤ ਹੋਵੇਗਾ। ਇਸ ਰੇਲਵੇ ਓਵਰ ਬ੍ਰਿਜ ਦੇ ਨਿਰਮਾਣ ਨਾਲ ਅੰਮ੍ਰਿਤਸਰ-ਪਠਾਨਕੋਟ ਰੇਲਵੇ ਲਾਈਨ ਉਤੇ ਸੀ-60 ਲੈਵਲ ਕਰਾਸਿੰਗ ਖ਼ਤਮ ਹੋ ਜਾਵੇਗੀ। ਇਸ ਨਾਲ ਸਰਹੱਦੀ ਪਿੰਡਾਂ ਤੋਂ ਦੀਨਾਨਗਰ ਸ਼ਹਿਰ ਆਉਣ ਵਾਲਿਆਂ ਨੂੰ ਨਿਰਵਿਘਨ ਆਵਾਜਾਈ ਦੀ ਸਹੂਲਤ ਮਿਲੇਗੀ। ਇਹ ਫੌਜ ਦੀ ਗਤੀਵਿਧੀ ਲਈ ਵੀ ਰਣਨੀਤਿਕ ਰੂਟ ਬਣੇਗਾ, ਜਿਸ ਨਾਲ ਦੇਸ਼ ਦੀ ਏਕਤਾ, ਅਖੰਡਤਾ ਤੇ ਪ੍ਰਭੂਸੱਤਾ ਦੀ ਰਾਖੀ ਵਿੱਚ ਸੌਖ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

## ਤੀਆਂ ਸਾਡਾ ਵਿਰਸਾ ਜਾਂ ਵਿਰਾਸਤ ਨਹੀਂ ਹੈ ਸਗੋ ਇਹ ਸਾਡੀ ਗੁਲਾਮ ਜ਼ਿੰਦਗੀ ਦਾ ਇਕ ਦੁਖਦਾਈ ਪੱਖ ਇੰਦਰਜੀਤ ਸਿੰਘ ਚੇਅਰਮੈਨ ਇੰਟਰਨੈਸ਼ਨਲ ਮਲਟੀ ਬਰੇਨ ਸਿਹਤ ਸੇਵਾ ਸਿਟੀਜਨ ਫਾਊਂਡੇਸ਼ਨ



**ਜੰਡਿਆਲਾ ਗੁਰੂ, 29 ਜੁਲਾਈ ( ਕੁਲਵੰਤ ਸਿੰਘ ਵਿਰਦੀ)**-ਪੰਜਾਬ ਅੰਦਰ ਤੀਆਂ ਦਾ ਤਿਉਹਾਰ ਬਹੁਤ ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਤੀਆਂ ਨੂੰ ਪੰਜਾਬੀ ਸੱਭਿਆਚਾਰ ਦਾ ਅਨਿੱਖੜਵਾਂ ਅੰਗ ਦੱਸਿਆ ਜਾਂਦਾ ਹੈ। ਪਰ ਅਸਲੀਅਤ ਵਿੱਚ ਅਜਿਹਾ ਨਹੀਂ ਹੈ ।ਅਤੇ ਤੀਆਂ ਨਾ ਹੀ ਤੀਆਂ ਸਭਿਆਚਾਰ ਦਾ ਹਿਸਾ ਹਨ ।ਸਗੋਂ ਤੀਆਂ ਪੰਜਾਬ ਦੀਆਂ ਧੀਆਂ ਦੀ ਇਕ ਸਮੇਂ ਦੀ ਤ੍ਰਾਸਦੀ ਨੂੰ ਬਿਆਨਦਾ ਕੌੜਾ ਸੱਚ ਹੈ ।ਇਹ ਤੀਆਂ ਉਸ ਵੇਲੇ ਸ਼ੁਰੂ ਕੀਤੀਆ ਗਈਆ ਜਦ ਪੰਜਾਬ ਅੰਦਰ ਮੁਗਲਾ ਦੀ ਹਕੂਮਤ ਸੀ ।ਮੁਗਲਾਂ ਦੇ ਚਮਚੇ ਜਗੀਰਦਾਰ ਲੋਕਾ ਉਤੇ ਅਨੇਕਾ ਤਸੱਦਤ ਕਰਦੇ ਸਨ ।ਉਥੇ ਹੀ ਪੰਜਾਬ ਦੇ ਹਰੇਕ ਪਿੰਡ ਅੰਦਰ ਤੀਆਂ ਲਗਵਾਉਂਦੇ ਸਨ, ਤਾਂ ਜੋ ਖੂਬਸੂਰਤ ਦਿੱਖ ਅਤੇ ਖੂਬਸੂਰਤ ਨਾਚ ਕਰਨ ਵਾਲੀਆਂ ਕੁੜੀਆ ਮੁਗਲ ਬਾਦਸ਼ਾਹ ਅੱਗੇ ਪੇਸ ਕਰਕੇ ਵੱਧ ਤੋਂ ਵੱਧ ਧਨ ਦੌਲਤ ਅਤੇ ਬਾਦਸ਼ਾਹ ਦੀ ਸਵੱਲੀ ਨਜਰ ਦੇ ਪਾਤਰ ਬਣਿਆ ਜਾ ਸਕੇ ।ਇਲਾਕਾ ਨਿਵਾਸੀਆ ਨਾਲ ਉਪਰੋਕਤ ਦਿਲੀ ਵਲਵਲੇ ਸਾਂਝੇ ਕਰਦਿਆ ਇੰਦਰਜੀਤ ਸਿੰਘ ਚੇਅਰਮੈਨ ਨੇ ਕਿਹਾ ਕਿ *ਇਹ ਪੰਜਾਬ ਦੀਆ ਧੀਆ ਦੀ ਤ੍ਰਾਸਦੀ ਹੈ ਕਿ ਉਹ ਤੀਆਂ ਦੇ ਪਿਛੋਕੜ ਤੋਂ ਅਨਜਾਣ ਹੋਣ ਕਾਰਨ ਤੀਆਂ ਨੂੰ ਤਿਓਹਾਰ ਵਾਂਗ ਮਨਾ ਰਹੀਆ ਹਨ।* ਇਸ ਲਈ ਬੇਹੱਦ ਜ਼ਰੂਰੀ ਹੈ ਕਿ ਉਹ ਇਸ ਸਚਾਈ ਤੋਂ ਜਾਣੂ ਹੋਣ। ਤਾਂ ਉਹ ਸਮਝ ਸਕਣ ਕਿ ਤੀਆਂ ਸਾਡਾ ਵਿਰਸਾ ਜਾਂ ਵਿਰਾਸਤ ਨਹੀਂ ਹੈ ਸਗੋ ਇਹ ਸਾਡੀ ਗੁਲਾਮ ਜ਼ਿੰਦਗੀ ਦਾ ਇਕ ਦੁਖਦਾਈ ਪੱਖ ਹੈ। ਇੰਦਰਜੀਤ ਸਿੰਘ ਚੇਅਰਮੈਨ ਨੇ ਇਹ ਵੀ ਕਿਹਾ ਕਿ ਬੇਸ਼ੱਕ ਅੱਜ ਦੀਆਂ ਤੀਆਂ ਧੀਆ ਭੈਣਾ ਦੇ ਮਨਪ੍ਰਾਵੇ ਦਾ ਇਕ ਸਾਧਨ ਬਣ ਚੁੱਕੀਆ ਹਨ ਅਤੇ ਅੱਜ ਇਹਨਾ ਦੇ ਅਰਥ ਵੀ ਬਦਲ ਗਏ ਹਨ। ਪਰ ਇਸ ਦੇ ਪਿਛੋਕੜ ਦੀ ਜਾਣਕਾਰੀ ਹੋਣਾਂ ਬੇਹੱਦ ਜਰੂਰੀ ਹੈ। ਤਾਂ ਜੋ ਪੰਜਾਬ ਦੀਆ ਧੀਆ ਆਪਣੇ ਅਸਲੀ ਵਿਰਸੇ ਵੱਲ ਮੁੜ ਸਕਣ ਅਤੇ ਸਮਝ ਸਕਣ ਕਿ ਉਹ ਮਾਈ ਭਾਗੋ ਦੀਆ ਵਾਰਸ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸਮੂਹ ਸੰਗਤਾਂ ਨੂੰ ਲੱਖ ਲੱਖ ਵਧਾਈਆਂ



ਅੱਠਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਕ੍ਰਿਸਨ ਸਾਹਿਬ ਜੀ ਦੇ ਪਰਕਾਸ ਉਤਸਵ ਦੀਆਂ ਸਮੂਹ ਸੰਗਤਾਂ ਨੂੰ ਲੱਖ ਲੱਖ ਵਧਾਈਆਂ ਹੌਣ ਜੀ ਵੱਲੋਂ, ਕੈਬਨਿਟ ਮੰਤਰੀ ਹਰਭਜਨ ਸਿੰਘ ਈ, ਟੀ, ਉ, ਸ, ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਲੀਡਰ ਸਮਾਜ ਸੇਵੀ ਜਿਲਾ ਵਾਈਸ ਪ੍ਰਧਾਨ ਵਾਪਾਰ ਮੰਡਲ ਅੰਮ੍ਰਿਤਸਰ, ਪੀ, ਏ, ਸ੍ਰੀ ਵਿਨੀਤ ਵਰਮਾ, ਬੂਟਾ ਸਿੰਘ ਜਲਾਲ ਮੀਡੀਆ ਇੰਨਚਾਰਜ ਜੰਡਿਆਲਾ ਗੁਰੂ। (ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਗੁਰਦੁਆਰਾ ਗੁਰਸਾਗਰ ਸਾਹਿਬ ਪਿੰਡ ਅਠਵਾਲ ਵਿਖੇ

# ਮਹਾਨ ਅੰਮ੍ਰਿਤ ਸੰਚਾਰ 6 ਅਗਸਤ ਨੂੰ





**ਚੌਕ ਮਹਿਤਾ, 29 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਸ਼੍ਰੋਮਣੀ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਵੱਲੋਂ ਪੰਜਾ ਪਿਆਰਿਆਂ ਦੀ ਅਗਵਾਈ ਹੇਠ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਸਾਹਿਬ ਜੀ ਛਤਰ ਛਾਇਆ ਹੇਠਪ੍ਰਧਾਨ ਐਡਵੋਕੇਟ ਸ, ਹਰਜਿੰਦਰ ਸਿੰਘ ਧਾਮੀ ਜੀ ਉੱਪਰਾਲਾ ਸਦਕਾ ਅਤੇ ਹਲਕਾ ਮੱਤੇਵਾਲ ਦੇ ਗੁਰਦੁਆਰਾ ਸ਼੍ਰੋਮਣੀ ਪ੍ਰਬੰਧਕ ਕਮੇਟੀ ਦੇ ਮੈਬਰ ਐਡਵੋਕੇਟ ਸ, ਭਗਵੰਤ ਸਿੰਘ ਸਿਆਲਕਾ ਜੀ ਸਹਿਯੋਗ ਨਾਲ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਵਿਸੇਸ ਸਹਿਯੋਗ ਨਾਲ ਗੁਰਦੁਆਰਾ ਗੁਰਸਾਗਰ ਸਾਹਿਬ ਪਿੰਡ ਅਠਵਾਲ ਵਿੱਚ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ ਦੇ 450 ਸਾਲਾਂ ਜੋਤੀ ਜੋਤਿ ਦਿਵਸ ਅਤੇ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ 450 ਸਾਲਾਂ ਗੁਰਿਆਈ ਦਿਵਸ ਸਤਾਬਦੀ ਨੂੰ ਸਮਰਪਿਤ ਮਹਾਨ ਅੰਮ੍ਰਿਤ ਸੰਚਾਰ 6 ਅਗਸਤ 2024 ਦਿਨ ਮੰਗਲਵਾਰ ਨੂੰ ਕਰਵਾਇਆ ਜਾ ਰਿਹਾ ਹੈ। ਇਸ ਦੌਰਾਨ ਜਾਣਕਾਰੀ ਦਿੰਦਿਆਂ ਹੋਇਆ ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਭਾਈ ਕੁਲਜੀਤ ਸਿੰਘ ਅਤੇ ਪ੍ਰਚਾਰਕ ਭਾਈ ਦਿਲਬਾਗ ਸਿੰਘ ਭੰਗਾਲੀ, ਭਾਈ ਰਵਿੰਦਰ ਸਿੰਘ ਨੇ ਕਿਹਾ ਕਿ ਜਿਸ ਵਿੱਚ ਪੰਜ ਪਿਆਰੇ ਸਾਹਿਬਾਨ ਸ੍ਰੀ ਅਕਾਲ ਤਖਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਤੋਂ ਆਉਣਗੇ ਅਤੇ ਅੰਮ੍ਰਿਤ ਅਭਿਲਾਖੀਆਂ ਨੂੰ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਪੰਜ ਕਕਾਰ ਭੇਟਾਂ ਰਹਿਤ ਦਿੱਤੇ ਜਾਣਗੇ। ਸ, ਭਗਵੰਤ ਸਿੰਘ ਸਿਆਲਕਾ ਵੱਲੋਂ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੇ ਪਰਿਵਾਰਾ ਸਮੇਤ ਪਾਹੁੰਚ ਕਿ ਖੰਡੇ ਬਾਟੇ ਦਾ ਅੰਮ੍ਰਿਤ ਛਕਣ ਗੁਰੂ ਸਾਹਿਬ ਜੀ ਦੀਆਂ ਖੁਸੀਆ ਪ੍ਰਾਪਤ ਕਰਨ। ਇਸ ਸਮੇਂ ਭਾਈ ਕੁਲਜੀਤ ਸਿੰਘ ਹੈਡ ਗ੍ਰੰਥੀ ਅਠਵਾਲ, ਇੰਟਰਨੈਸ਼ਨਲ ਗੋਲਡ ਮੈਡਲ ਢਾਡੀ ਜਥਾ ਗਿਆਨੀ ਮਲਕੀਅਤ ਸਿੰਘ ਬੱਗਾ, ਪ੍ਰਚਾਰਕ ਭਾਈ ਦਿਲਬਾਗ ਸਿੰਘ ਭੰਗਾਲੀ, ਭਾਈ ਰਵਿੰਦਰ ਸਿੰਘ, ਢਾਡੀ ਭਾਈ ਕੁਲਵੰਤ ਸਿੰਘ ਐਸ, ਜੀ, ਪੀ, ਸੀ, ਭਾਈ ਨਰਿੰਦਰ ਸਿੰਘ ਬੱਗਾ ਕਵੀਸ਼ਰ ਐਸ, ਜੀ, ਪੀ, ਸੀ, ਸੁਰਜੀਤ ਸਿੰਘ, ਨਿਰਮਲ ਸਿੰਘ, ਗੁਰਦਿਆਲ ਸਿੰਘ, ਠੇਕੇਦਾਰ ਸਰਬਜੀਤ ਸਿੰਘ, ਬਾਬਾ ਤਰਲੋਕ ਸਿੰਘ, ਮੰਗਲ ਸਿੰਘ, ਦਾਨ ਸਿੰਘ, ਗਿਆਨੀ ਤਰਲੋਕ ਸਿੰਘ ਆਦਿ ਸੰਗਤਾਂ ਹਾਜ਼ਰ ਸਨ।

ਕੁਨਬਾਪ੍ਰਸਤ ਲੀਡਰਾਂ ਨੇ ਸਰਹੱਦੀ ਖੇਤਰ ਦੇ ਵਿਕਾਸ ਨੂੰ ਅਣਗੌਲਿਆ ਕੀਤਾ-ਮੁੱਖ ਮੰਤਰੀ

# ਅਜਿਹੇ ਮੌਕਾਪ੍ਰਸਤ ਨੇਤਾਵਾਂ ਦੀ ਕੋਈ ਵਿਚਾਰਧਾਰਾ ਨਹੀਂ ਸਗੋਂ ਸੱਤਾ ਵਿੱਚ ਰਹਿਣ ਦਾ ਇਕੋ-ਇਕ ਉਦੇਸ਼

**ਗੁਰਦਾਸਪੁਰ, ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 29 ਜੁਲਾਈ (ਕੁਲਜੀਤ ਸਿੰਘ ਖੋਖਰ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਕੁਨਬਾਪ੍ਰਸਤ ਲੀਡਰਾਂ ਦੇ ਨਿੱਜੀ ਸਵਾਰਥ ਕਾਰਨ ਸੂਬੇ ਦਾ ਸਰਹੱਦੀ ਖੇਤਰ ਵਿਕਾਸ ਪੱਖੋਂ ਬੁਰੀ ਤਰ੍ਹਾਂ ਪਛੜ ਗਿਆ। ਅੱਜ ਇੱਥੇ ਰੇਲਵੇ ਓਵਰ ਬ੍ਰਿਜ ਨੂੰ ਸਮਰਪਿਤ ਕਰਨ ਉਪਰੰਤ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਸਰਹੱਦੀ ਜ਼ਿਲ੍ਹਿਆਂ ਦੇ ਵਸਨੀਕ ਸੂਰਬੀਰ ਲੋਕ ਹਨ ਜਿਨ੍ਹਾਂ ਨੇ ਹਮੇਸ਼ਾ ਦੇਸ਼ ਦੀ ਏਕਤਾ ਅਤੇ ਪ੍ਰਭੂਸੱਤਾ ਦੀ ਰਾਖੀ ਕੀਤੀ। ਉਨ੍ਹਾਂ ਕਿਹਾ ਕਿ ਇਹ ਮਹਾਨ ਗੁਰੂ ਸਾਹਿਬਾਨ ਦੀ ਬਖਸ਼ਿਸ਼ ਪ੍ਰਾਪਤ ਧਰਤੀ ਹੈ ਜਿੱਥੇ ਬਹਾਦਰ ਅਤੇ ਮਿਹਨਤੀ ਲੋਕ ਰਹਿੰਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਵੇਂ ਇਸ ਇਲਾਕੇ ਦੇ ਸਿਆਸੀ ਆਗੂਆਂ ਨੇ ਵੱਕਾਰੀ ਅਹੁਦਿਆਂ ਦਾ ਸੁਖ ਮਾਣਿਆ ਪਰ ਉਨ੍ਹਾਂ ਨੇ ਕਦੇ ਵੀ ਇਲਾਕੇ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਦੀ ਰੱਤੀ ਭਰ ਵੀ ਪ੍ਰਵਾਹ ਨਹੀਂ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਲੰਮੇ ਸਮੇਂ ਤੋਂ ਇੱਥੋਂ ਚੁਣੇ ਜਾਂਦੇ ਰਹੇ ਸਿਆਸਤਦਾਨਾਂ ਨੇ ਇਸ ਖੇਤਰ ਦੇ ਵਿਕਾਸ ਲਈ ਕੱਖ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਮਹਾਨ ਦੇਸ਼ ਭਗਤ ਅਤੇ ਰਾਸ਼ਟਰਵਾਦੀ ਪੈਦਾ ਕਰਨ ਵਾਲੇ ਇਸ ਖੇਤਰ ਨੇ ਇਨ੍ਹਾਂ ਹਾਕਮਾਂ ਦੇ ਸ਼ਾਸਨਕਾਲ ਦੌਰਾਨ ਵਿਕਾਸ ਨਹੀਂ ਦੇਖਿਆ। ਭਗਵੰਤ ਸਿੰਘ ਮਾਨ ਨੇ ਦੁੱਖ ਜ਼ਾਹਰ ਕਰਦਿਆਂ ਕਿਹਾ ਕਿ ਇਹ ਬੜੀ ਮੰਦਭਾਗੀ ਗੱਲ ਹੈ ਕਿ ਲੰਬੇ ਸਮੇਂ ਤੋਂ ਸੱਤਾ 'ਤੇ ਕਾਬਜ਼ ਹੋਣ ਦੇ ਬਾਵਜੂਦ ਇਨ੍ਹਾਂ ਆਗੂਆਂ ਨੇ ਸਰਹੱਦੀ ਖੇਤਰ ਦਾ ਵਿਕਾਸ ਕਰਨ ਦੀ ਬਜਾਏ ਆਪਣੇ ਪਰਿਵਾਰਾਂ ਦਾ ਵਿਕਾਸ ਕਰਨ ਵੱਲ ਧਿਆਨ ਦਿੱਤਾ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਮੌਕਾਪ੍ਰਸਤ ਆਗੂਆਂ ਦੀ ਕੋਈ ਵਿਚਾਰਧਾਰਾ ਨਹੀਂ ਹੈ ਸਗੋਂ ਇਨ੍ਹਾਂ ਦਾ ਇਕੋ-ਇਕ ਮਨੋਰਥ ਸਿਰਫ਼ ਸੱਤਾ ਵਿੱਚ ਬਣੇ ਰਹਿਣਾ ਹੈ ਅਤੇ ਇਸੇ ਕਰਕੇ ਉਹ ਵਾਰ-ਵਾਰ ਆਪਣੀਆਂ ਵਫ਼ਾਦਾਰੀਆਂ ਬਦਲਦੇ ਰਹਿੰਦੇ ਹਨ। ਉਨ੍ਹਾਂ ਨੇ ਮਿਸਾਲ ਦਿੰਦਿਆਂ ਕਿਹਾ, "ਸਰਹੱਦੀ ਖੇਤਰ ਵਿੱਚ ਸਿਆਸਤਦਾਨਾਂ ਦੇ ਇਕ ਘਰ ਵਿੱਚ ਵੱਖ-ਵੱਖ ਪਾਰਟੀਆਂ ਦੇ ਦੋ ਝੰਡੇ ਹਨ ਕਿਉਂਕਿ ਇਹ ਆਗੂ ਚਾਹੁੰਦੇ ਹਨ ਕਿ ਸੱਤਾ ਦੀ ਵਾਗਡੋਰ ਇਨ੍ਹਾਂ ਦੇ ਹੱਥਾਂ ਵਿੱਚ ਹੀ ਰਹੇ। ਇਨ੍ਹਾਂ ਆਗੂਆਂ ਨੇ ਲੋਕਾਂ ਵੱਲੋਂ ਚੁਣੇ ਜਾਣ ਦੀ ਆਸ ਵਿੱਚ ਨਵੀਆਂ ਅਚਕਨਾਂ ਵੀ ਤਿਆਰ ਕਰਵਾ ਲਈਆਂ ਸਨ ਪਰ ਇਨ੍ਹਾਂ ਦੇ ਸੁਪਨੇ ਚਕਨਾਚੂਰ ਹੋ ਗਏ ਕਿਉਂਕਿ ਲੋਕਾਂ ਨੇ ਇਨ੍ਹਾਂ ਨੂੰ ਬੁਰੀ ਤਰ੍ਹਾਂ ਨਕਾਰ ਦਿੱਤਾ।" ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਵੱਲੋਂ ਬੰਦ ਕੀਤੇ ਗਏ 17 ਟੋਲ ਪਲਾਜ਼ਿਆਂ ਵਿੱਚੋਂ 14 ਟੋਲ ਪਲਾਜ਼ੇ ਇਸ ਖੇਤਰ ਦੇ ਆਪਣੇ ਆਪ ਨੂੰ ਵੱਡਾ ਸਿਆਸਤਦਾਨ ਕਹਾਉਂਦੇ ਆਗੂ ਵੱਲੋਂ ਸ਼ੁਰੂ ਕੀਤੇ ਗਏ ਸਨ ਜੋ ਸੂਬੇ ਦੇ ਲੋਕ ਨਿਰਮਾਣ ਮੰਤਰੀ ਰਹਿ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਆਗੂਆਂ ਨੇ ਆਮ ਲੋਕਾਂ ਦੀ ਸੇਵਾ ਬਜਾਏ ਕਰਨ ਦੀ ਬਜਾਏ ਸਿਰਫ ਖਾਨਾਪੂਰਤੀ ਕੀਤੀ ਜਦਕਿ ਉਨ੍ਹਾਂ ਦੀ ਸਰਕਾਰ ਨੇ ਲੋਕਾਂ ਨੂੰ ਸੇਵਾਵਾਂ ਪ੍ਰਦਾਨ ਕੀਤੀਆਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਾਂ ਨੂੰ ਉਨ੍ਹਾਂ ਨੇਤਾਵਾਂ ਨੂੰ ਚੁਣਨਾ ਚਾਹੀਦਾ ਹੈ ਜੋ ਉਨ੍ਹਾਂ ਦਾ ਸਾਥ ਦੇਣ ਨਾ ਕਿ ਜੋ ਸਿਰਫ ਸੱਤਾ ਦੇ ਚੌਧਰੀ ਬਣੇ ਰਹਿਣਾ ਚਾਹੁੰਦੇ ਹਨ। ਹਾਲਾਂਕਿ, ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਤੋਂ ਉਨ੍ਹਾਂ ਨੇ ਅਹੁਦਾ ਸੰਭਾਲਿਆ ਹੈ, ਸੂਬੇ ਵਿੱਚ ਹਰ ਰੋਜ਼ ਵਿਕਾਸ ਦੀ ਨਵੀਂ ਕਹਾਣੀ ਲਿਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਭਾਈ-ਭਤੀਜਾਵਾਦ ਅਤੇ ਪੱਖਪਾਤ ਤੋਂ ਇਲਾਵਾ ਹੋਰ ਕੁਝ ਨਹੀਂ ਕੀਤਾ ਪਰ ਉਨ੍ਹਾਂ ਦੀ ਸਰਕਾਰ ਨੇ ਸੂਬੇ ਦਾ ਸਰਬਪੱਖੀ ਵਿਕਾਸ ਕੀਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਲੋਕਾਂ ਦੀ ਭਲਾਈ ਲਈ ਕਈ ਪਹਿਲਕਦਮੀਆਂ ਕੀਤੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ 90 ਫੀਸਦੀ ਘਰਾਂ ਨੂੰ ਮੁਫਤ ਬਿਜਲੀ ਮਿਲ ਰਹੀ ਹੈ, 43 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਮਿਲੀਆਂ ਹਨ, ਲੋਕਾਂ ਨੂੰ ਸਿਹਤ ਅਤੇ ਸਿੱਖਿਆ ਦੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹ ਸਾਰੀਆਂ ਪਹਿਲਕਦਮੀਆਂ ਆਮ ਆਦਮੀ ਦੀ ਭਲਾਈ ਲਈ ਹਨ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਪਹਿਲੀ ਵਾਰ ਉਨ੍ਹਾਂ ਦੀ ਸਰਕਾਰ ਨੇ ਸੂਬੇ ਵਿੱਚ ਮਾਲਵਾ ਨਹਿਰ ਦੀ ਉਸਾਰੀ ਦਾ ਕੰਮ ਸ਼ੁਰੂ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਆਪਣੇ ਆਪ ਵਿੱਚ ਰਿਕਾਰਡ ਹੈ ਕਿ ਸੂਬੇ ਦੀ ਪਿਛਲੀ ਕਿਸੇ ਵੀ ਸਰਕਾਰ ਨੇ ਇਸ ਲੋੜ ਵੱਲ ਧਿਆਨ ਨਹੀਂ ਦਿੱਤਾ। ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਲਗਪਗ 150 ਕਿਲੋਮੀਟਰ ਲੰਬੀ ਇਹ ਨਵੀਂ ਨਹਿਰ ਸੂਬੇ ਖਾਸ ਕਰ ਕੇ ਮਾਲਵਾ ਖੇਤਰ ਵਿੱਚ ਬੇਮਿਸਾਲ ਤਰੱਕੀ ਅਤੇ ਖ਼ੁਸ਼ਹਾਲੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਕਰੇਗੀ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਇਸ ਵੱਕਾਰੀ ਪ੍ਰਾਜੈਕਟ 'ਤੇ ਲਗਪਗ 2300 ਕਰੋੜ ਰੁਪਏ ਖਰਚ ਕਰੇਗੀ, ਜਿਸ ਨਾਲ ਸੂਬੇ ਦੀ ਲਗਪਗ ਦੋ ਲੱਖ ਏਕੜ ਉਪਜਾਊ ਜ਼ਮੀਨ ਦੀਆਂ ਸਿੰਜਾਈ ਦੀਆਂ ਲੋੜਾਂ ਪੂਰੀਆਂ ਹੋਣਗੀਆਂ। ਗੁਰਬਾਣੀ ਦੀ ਤੁਕ 'ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ' ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਮਹਾਨ ਗੁਰੂ ਸਾਹਿਬਾਨ ਨੇ ਹਵਾ ਦੀ ਗੁਰੂ, ਪਾਣੀ ਦੀ ਪਿਤਾ ਅਤੇ ਜ਼ਮੀਨ ਦੀ ਤੁਲਨਾ ਮਾਤਾ ਨਾਲ ਕੀਤੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਸਮਾਂ ਆ ਗਿਆ ਹੈ, ਜਦੋਂ ਸਾਨੂੰ ਸੂਬੇ ਦੇ ਵਾਤਾਵਰਨ ਨੂੰ ਬਚਾਉਣ ਦਾ ਸੰਕਲਪ ਲੈ ਕੇ ਸੂਬੇ ਦੀ ਪੁਰਾਤਨ ਸ਼ਾਨ ਬਹਾਲ ਕਰਨ ਲਈ ਗੁਰਬਾਣੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਧਾਰਨ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ ਅਤੇ ਸੂਬੇ ਦੇ ਲੋਕਾਂ ਨੂੰ ਵੱਧ ਤੋਂ ਵੱਧ ਪੌਦੇ ਲਗਾ ਕੇ ਸੂਬਾ ਸਰਕਾਰ ਦਾ ਸਾਥ ਦੇਣਾ ਚਾਹੀਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਹ ਖੇਤਰ ਦੇਸ਼ ਲਈ ਸਭ ਤੋਂ ਵੱਧ ਸੈਨਿਕ ਪੈਦਾ ਕਰਦਾ ਹੈ ਅਤੇ ਉਨ੍ਹਾਂ ਦੀ ਮਹਾਨ ਕੁਰਬਾਨੀ ਨੂੰ ਸਤਿਕਾਰ ਦੇਣ ਲਈ ਸੂਬਾ ਸਰਕਾਰ ਦੇਸ਼ ਦੀ ਸੇਵਾ ਕਰਦਿਆਂ ਡਿਊਟੀ ਦੌਰਾਨ ਸ਼ਹੀਦੀ ਪ੍ਰਾਪਤ ਕਰਨ ਵਾਲੇ ਕਿਸੇ ਵੀ ਸੈਨਿਕ ਦੇ ਪਰਿਵਾਰ ਨੂੰ ਇੱਕ ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਿੰਦੀ ਹੈ। ਮਾਤ ਭੂਮੀ ਦੀ ਰਾਖੀ ਲਈ ਆਪਣੀ ਜਾਨ ਕੁਰਬਾਨ ਕਰਨ ਵਾਲੇ ਸੈਨਿਕਾਂ ਦੇ ਪਰਿਵਾਰਾਂ ਦੀ ਮਦਦ ਲਈ ਸੂਬਾ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੁਹਰਾਉਂਦੇ ਹੋਏ ਉਨ੍ਹਾਂ ਕਿਹਾ ਕਿ ਸੰਕਟ ਦੀ ਘੜੀ ਵਿੱਚ ਇਨ੍ਹਾਂ ਸੂਰਬੀਰਾਂ ਦੇ ਪਰਿਵਾਰਾਂ ਨੂੰ ਰਾਹਤ ਦੇਣਾ ਪੰਜਾਬ ਸਰਕਾਰ ਦਾ ਫ਼ਰਜ਼ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ਼ਹੀਦਾਂ ਦੇ ਪਰਿਵਾਰਾਂ ਨੂੰ ਦਿੱਤੀ ਜਾਣ ਵਾਲੀ ਵਿੱਤੀ ਸਹਾਇਤਾ ਸੂਬਾ ਸਰਕਾਰ ਵੱਲੋਂ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਯਕੀਨੀ ਬਣਾਉਣ ਦੀ ਵਚਨਬੱਧਤਾ ਤਹਿਤ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਨਸ਼ਿਆਂ ਨੂੰ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਾ ਕਰਨ ਦੀ ਨੀਤੀ ਅਪਣਾਈ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਨਸ਼ਿਆਂ ਦੀ ਸਪਲਾਈ ਲਾਈਨ ਪਹਿਲਾਂ ਹੀ ਤੋੜ ਦਿੱਤੀ ਹੈ ਅਤੇ ਵੱਡੇ ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਡੱਕ ਦਿੱਤਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰ ਕੇ ਨੌਜਵਾਨਾਂ ਦੀ ਬੇਅੰਤ ਊਰਜਾ ਨੂੰ ਸਕਾਰਾਤਮਕ ਦਿਸ਼ਾ ਵੱਲ ਲੈ ਜਾਣ ਲਈ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਸੂਬੇ ਦੇ ਖ਼ੁਰਾਕ ਤੇ ਸਿਵਲ ਸਪਲਾਈ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ, ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ., ਵਿਧਾਇਕ ਬਟਾਲਾ ਸ੍ਰੀ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ, ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ, ਜ਼ਿਲ੍ਹਾ ਸ਼ਹਿਰੀ ਪ੍ਰਧਾਨ ਸ੍ਰੀ ਸ਼ਮਸ਼ੇਰ ਸਿੰਘ, ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ, ਪਨਸਪ ਦੇ ਚੇਅਰਮੈਨ ਸ. ਬਲਬੀਰ ਸਿੰਘ ਪੰਨੂ, ਸੀਨੀਅਰ ਵਾਈਸ ਚੇਅਰਮੈਨ ਸ. ਗੁਰਪੀਪ ਸਿੰਘ ਰੰਧਾਵਾ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ, ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਸ੍ਰੀ ਰਾਜੀਵ ਸ਼ਰਮਾਂ, ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ, ਐੱਸ.ਐੱਸ.ਪੀ. ਸ੍ਰੀ ਹਰੀਸ਼ ਦਾਯਮਾ, ਐੱਸ.ਡੀ.ਐੱਮ. ਸ੍ਰੀਮਤੀ ਜਯੋਤਸਨਾ ਸਿੰਘ, ਸਹਾਇਕ ਕਮਿਸ਼ਨਰ (ਜ) ਸ੍ਰੀ ਅਸ਼ਵਨੀ ਅਰੋੜਾ ਵੀ ਹਾਜ਼ਰ ਸਨ।



☛ ਸਾਡੀ ਸਰਕਾਰ ਵੱਲੋਂ ਬੰਦ ਕੀਤੇ ਗਏ 17 ਟੋਲ ਪਲਾਜ਼ਿਆਂ ਵਿੱਚੋਂ 14 ਟੋਲ ਸਰਹੱਦੀ ਖੇਤਰ ਦੇ ਲੀਡਰ ਨੇ ਸ਼ੁਰੂ ਕੀਤੇ ਸਨ ☛ ਭਾਈ-ਭਤੀਜਾਵਾਦ ਅਤੇ ਪੱਖਪਾਤੀ ਰਵੱਈਏ ਲਈ ਪਿਛਲੀਆਂ ਸਰਕਾਰਾਂ ਨੂੰ ਆੜੇ ਹੱਥੀਂ ਲਿਆ, ਸਾਡੀ ਸਰਕਾਰ ਨੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਇਆ

# ਆਜ਼ਾਦੀ ਤੋਂ ਬਾਅਦ ਹੁਣ ਤੱਕ ਦੇਸ਼ ਨੂੰ ਮਿਲੀਆਂ ਤਿੰਨ ਸਿੱਖਿਆ ਨੀਤੀਆਂ: ਪ੍ਰਿੰਸੀ:ਪੁਨੀਤ ਪੁਰੀ

**ਚੌਕ ਮਹਿਤਾ, 29 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦੇਸ਼ 'ਚ ਨਵੀਂ ਸਿੱਖਿਆ ਨੀਤੀ ਸਦਕਾ ਸਕੂਲੀ ਤੇ ਉੱਚ ਸਿੱਖਿਆ, ਦੋਵਾਂ ਪੱਧਰਾਂ 'ਤੇ ਵੱਡੇ ਸੁਧਾਰਾਂ ਦੀ ਆਸ ਹੈ। ਸਰਕਾਰ ਦਾ ਦਾਅਵਾ ਹੈ ਕਿ ਨਵੀਂ ਰਾਸ਼ਟਰੀ ਸਿੱਖਿਆ ਨੀਤੀ ਦਾ ਉਦੇਸ਼ ਭਾਰਤ ਨੂੰ ਗਿਆਨ ਆਧਾਰਿਤ ਉਦਯੋਗਿਕ ਸਮਾਜ ਬਣਾਉਣਾ ਹੈ। ਸਕੂਲ ਪੱਧਰ 'ਤੇ 8 ਸਾਲ ਦੀ ਉਮਰ ਦੇ ਬੱਚਿਆਂ ਲਈ ਅਰਲੀ ਚਾਈਲਡਹੁੱਡ ਕੇਅਰ ਐਂਡ ਐਜੂਕੇਸ਼ਨ (ਈਸੀਸੀਈ) ਤੋਂ ਲੈ ਕੇ ਬੱਚੇ ਦੇ ਸਮੁੱਚੇ ਵਿਕਾਸ 'ਤੇ ਜ਼ੋਰ ਦਿੱਤਾ ਗਿਆ ਹੈ। ਉਂਜ ਭਾਵੇਂ ਸਿੱਖਿਆ ਨੀਤੀ ਹਰ ਦਸ ਤੋਂ ਪੰਦਰਾਂ ਸਾਲਾਂ ਬਾਅਦ ਬਣਾਈ ਜਾਣੀ ਚਾਹੀਦੀ ਹੈ ਪਰ ਇਸ ਵਾਰ ਇਸ ਨੂੰ ਬਣਾਉਣ 'ਚ 34 ਸਾਲ ਲੱਗ ਗਏ। ਆਜ਼ਾਦੀ ਤੋਂ ਬਾਅਦ ਹੁਣ ਤਕ ਦੇਸ਼ ਨੂੰ ਤਿੰਨ ਸਿੱਖਿਆ ਨੀਤੀਆਂ ਮਿਲੀਆਂ ਹਨ। ਨੀਤੀਘਾੜਿਆਂ ਦੁਆਰਾ ਇਸ ਸਿੱਖਿਆ ਨੀਤੀ ਨੂੰ ਭਾਰਤੀ ਸਿੱਖਿਆ ਪ੍ਰਣਾਲੀ ਵਿਚ 21ਵੀਂ ਸਦੀ ਦਾ ਮਹੱਤਵਪੂਰਨ ਪੜਾਅ ਮੰਨਿਆ ਜਾ ਰਿਹਾ ਹੈ। ਇਹ ਨੀਤੀ ਦਾਅਵਾ ਕਰਦੀ ਹੈ ਕਿ ਰਵਾਇਤੀ ਅਧਿਆਪਕ ਕੇਂਦਰਤ ਪ੍ਰਣਾਲੀ ਬਦਲ ਕੇ ਵਿਦਿਆਰਥੀ ਕੇਂਦਰਤ ਪ੍ਰਣਾਲੀ ਦੀ ਸਥਾਪਨਾ ਹੋਣੀ ਚਾਹੀਦੀ ਹੈ। ਇਹ ਨੀਤੀ ਬੋਧਾਤਮਕ ਹੁਨਰ ਦੇ ਨਾਲ ਨਾਲ ਸਿੱਖਿਆ ਦੇ ਮੁੱਢਲੇ ਹੁਨਰ ਅਤੇ ਉਚ ਦਰਜਾ ਹੁਨਰ ਪ੍ਰਾਪਤ ਕਰਨ 'ਤੇ ਜ਼ੋਰ ਦਿੰਦੀ ਹੋਈ ਅੜਿੱਕੇ/ਰੁਕਾਵਟਾਂ ਦੇ ਹੱਲ ਲਈ ਆਲੋਚਨਾਤਮਕ ਸੋਚ, ਭਾਵਨਾਤਮਕ ਹੁਨਰ, ਸਭਿਆਚਾਰਕ ਜਾਗਰੂਕਤਾ, ਹਮਦਰਦੀ ਲਗਨ, ਟੀਮ ਵਰਕ, ਲੀਡਰਸ਼ਿਪ, ਰਾਬਤਾ ਆਦਿ ਅਪਣਾਉਣ ਦੀ ਗੱਲ ਕਰਦੀ ਹੈ। ਇਹ ਸਿੱਖਿਆ ਨੀਤੀ ਸਕੂਲੀ ਸਿੱਖਿਆ ਦੇ ਸੰਪੂਰਨ ਸਰਵਵਿਆਪੀਕਰਨ 'ਤੇ ਜ਼ੋਰ ਦਿੰਦੀ ਹੋਈ 2030 ਤੱਕ 100 ਫ਼ੀਸਦੀ ਐਨਰੋਲਮੈਂਟ ਦਾ ਟੀਚਾ ਰੱਖਦੀ ਹੈ ਅਤੇ ਨਾਲ ਹੀ ਉਚੇਰੀ ਸਿੱਖਿਆ ਦੇ ਖੇਤਰ ਵਿਚ 50 ਫ਼ੀਸਦੀ ਐਨਰੋਲਮੈਂਟ 2035 ਤੱਕ ਪ੍ਰਾਪਤ ਕਰਨ ਦੀ ਕਲਪਨਾ ਵੀ ਕਰਦੀ ਹੈ। ਇਸ ਨੀਤੀ ਰਾਹੀਂ ਵਿਦਿਆਰਥੀਆਂ, ਅਧਿਆਪਕਾਂ ਅਤੇ ਵਿਦਿਅਕ ਅਦਾਰਿਆਂ ਦੀ ਸਮਰੱਥਾ ਨਿਰਮਾਣ 'ਤੇ ਜ਼ੋਰ ਦਿੱਤਾ ਗਿਆ ਹੈ। ਇਸ ਮੰਤਵ ਦੀ ਪੂਰਤੀ ਲਈ ਵਿਦਿਅਕ ਅਦਾਰੇ ਬਹੁਵਿਸ਼ਾਈ ਹੋ ਕੇ ਸਿੱਖਿਆ ਦੇ ਢੰਗਾਂ ਦਾ ਪੁਨਰ ਗਠਨ ਕਰਨਗੇ ਅਤੇ ਵਿਦਿਆਰਥੀਆਂ ਨੂੰ ਵਿਸ਼ਿਆਂ ਦੀ ਚੋਣ ਕਰਨ ਦੀ ਖੁੱਲ੍ਹ/ਬਦਲ ਵੀ ਮੁਹੱਈਆ ਕੀਤੇ ਜਾਣਗੇ। ਇਹ ਨੀਤੀ ਇਹ ਆਸ ਵੀ ਕਰਦੀ ਹੈ ਕਿ ਸਰਕਾਰੀ ਯੂਨੀਵਰਸਿਟੀਆਂ ਨਾਲ ਲੱਗਦੇ ਕਾਲਜਾਂ ਨੂੰ 2035 ਤੱਕ ਖ਼ਤਮ ਕਰ ਕੇ ਬਹੁਵਿਸ਼ਾਈ ਯੂਨੀਵਰਸਿਟੀਆਂ ਅਤੇ ਕਾਲਜਾਂ ਦਾ ਨਿਰਮਾਣ ਕੀਤਾ ਜਾਵੇਗਾ। ਦੇਸ ਦੇ ਨੀਤੀ ਘਾੜੇ, ਬੁੱਧੀਜੀਵੀ, ਆਲੋਚਕ ਅਤੇ ਸਿੱਖਿਆ ਸ਼ਾਸਤਰੀ ਇਸ ਨਵੀਂ ਸਿੱਖਿਆ ਨੀਤੀ ਪ੍ਰਤੀ ਵੱਖੋ-ਵੱਖਰੀਆਂ ਕਲਪਨਾਵਾਂ ਅਤੇ ਧਾਰਨਾਵਾਂ ਰਾਹੀਂ ਲਗਾਤਾਰ ਸੰਵਾਦ ਰਚਾ ਰਹੇ ਹਨ ਪਰ ਸਮੁੱਚੇ ਦੇਸ਼ ਵਿਚ ਇਸ ਨੀਤੀ ਨੂੰ ਇਕ ਸਮਾਨ ਲਾਗੂ ਕਰਨ ਪ੍ਰਤੀ ਕੋਈ ਸਹਿਮਤੀ ਨਹੀਂ ਬਣ ਸਕੀ ਹੈ। ਸੱਤਾ ਪੱਖੀ ਧਿਰ ਇਸ ਨੀਤੀ ਨੂੰ ਆਪਣੀ ਪ੍ਰਾਪਤੀ ਦੱਸਦੀ ਹੈ। ਇਹ ਧਿਰ ਦੇਸ਼ ਦੀ ਸਿੱਖਿਆ ਪ੍ਰਣਾਲੀ ਨੂੰ ਪੁਰਾਤਨ ਸਭਿਆਚਾਰ ਅਤੇ ਸੰਸਕਾਰਾਂ ਦਾ ਸੁਮੇਲ ਬਣਾ ਕੇ ਆਧੁਨਿਕ ਸੂਚਨਾ ਤਕਨਾਲੋਜੀ ਦੀ ਮਦਦ ਨਾਲ ਦੇਸ਼ ਅੰਦਰ ਸਿੱਖਿਆ ਕ੍ਰਾਂਤੀ ਲਿਆਉਣ ਲਈ ਯਤਨਸ਼ੀਲ ਹੋਣ ਦਾ ਦਾਅਵਾ ਕਰਦੀ ਹੈ ਪਰ ਇਹ ਧਿਰ ਜ਼ਮੀਨੀ ਹਕੀਕਤਾਂ ਤੋਂ ਪੂਰੀ ਤਰ੍ਹਾਂ ਅਣਜਾਣ ਦਿਖਾਈ ਦਿੰਦੀ ਹੈ। ਬਿਨਾ ਸ਼ੱਕ ਉਦਾਰੀਕਰਨ, ਨਿੱਜੀਕਰਨ ਅਤੇ ਸੰਸਾਰੀਕਰਨ ਦੀਆਂ ਨੀਤੀਆਂ ਨੇ ਦੇਸ਼ ਦੇ ਸਮੁੱਚੇ ਆਰਥਿਕ, ਸਮਾਜਿਕ ਅਤੇ ਰਾਜਨੀਤਕ ਢਾਂਚੇ ਨੂੰ ਪ੍ਰਭਾਵਤਿ ਕੀਤਾ ਹੈ। ਨਵੀਂ ਸਿੱਖਿਆ ਨੀਤੀ 2020 ਅਧੀਨ ਸਾਰੇ ਪੱਧਰਾਂ ਤੇ ਸੰਸਕ੍ਰਿਤ ਅਤੇ ਸੈਕੰਡਰੀ ਸਕੂਲ ਪੱਧਰ 'ਤੇ ਵਿਦੇਸ਼ੀ ਭਾਸ਼ਾਵਾਂ ਦਾ ਪ੍ਰਸਤਾਵ ਵੀ ਦਿੱਤਾ ਜਾਵੇਗਾ। ਹਾਲਾਂਕਿ, ਨੀਤੀ ਵਿੱਚ ਇਹ ਸਪੱਸ਼ਟ ਹੈ ਕਿ ਕਿਸੇ ਬੱਚੇ ਉੱਤੇ ਕੋਈ ਭਾਸ਼ਾ ਨਹੀਂ ਲਗਾਈ ਜਾਵੇਗੀ। ਪਿਛਲੇ ਸਾਲ ਜੂਨ ਵਿਚ ਇਸੇ ਮੁੱਦੇ ਨੂੰ ਲੈ ਕੇ ਵਿਵਾਦ ਖੜ੍ਹਾ ਹੋ ਗਿਆ ਸੀ। ਦੱਖਣੀ ਰਾਜਾਂ ਨੇ ਇਸ ਵਿਰੁੱਧ ਵਿਰੋਧ ਦਰਜ ਕਰਵਾਇਆ ਸੀ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਉਥੋਂ ਦੇ ਸਕੂਲਾਂ ਵਿੱਚ ਹਿੰਦੀ ਪੜ੍ਹਨ ਲਈ ਮਜਬੂਰ ਨਹੀਂ ਕੀਤਾ ਜਾ ਸਕਦਾ। ਪਾਠਕ੍ਰਮ ਦਾ ਪੈਟਰਨ ਸਕੂਲੀ ਬੱਚਿਆਂ ਲਈ 10 + 2 ਦੀ ਬਜਾਏ 5 + 3 + 3 + 4 ਦੀ ਤਰਜ਼ 'ਤੇ ਲਾਗੂ ਕੀਤਾ ਗਿਆ ਹੈ। ਇਸ ਦੇ ਤਹਿਤ 3-6 ਸਾਲ ਦਾ ਬੱਚਾ ਇਕ ਹੀ ਤਰ੍ਹਾਂ ਅਧਿਐਨ ਕਰੇਗਾ ਤਾਂ ਜੋ ਉਸਦੀ ਬੁਨਿਆਦ ਸਾਖਰਤਾ ਨੂੰ ਵਧਾਇਆ ਜਾ ਸਕੇ। ਇਸ ਤੋਂ ਬਾਅਦ ਵਿਸ਼ੇ ਦੀ ਜਾਣ ਪਛਾਣ ਮਿਡਲ ਸਕੂਲ ਭਾਵ 6-8 ਕਲਾਸ ਵਿਚ ਕੀਤੀ ਜਾਵੇਗੀ। ਫਿਜ਼ਿਕਸ ਦੇ ਨਾਲ ਫੈਸ਼ਨ ਸਟੱਡੀਜ਼ ਦੀ ਵੀ ਆਗਿਆ ਹੋਵੇਗੀ। ਕਲਾਸ 6 ਤੋਂ ਬਾਅਦ ਤੋਂ ਬੱਚਿਆਂ ਨੂੰ ਕੋਡਿੰਗ ਸਿਖਾਈ ਜਾਵੇਗੀ।



# ਉਲੰਪਿਕ 'ਚ ਕਾਂਸਾ ਜੇਤੂ ਮਨੂ ਭਾਕਰ ਨੇ ਦੇਸ਼ ਦਾ ਵਧਾਇਆ ਮਾਣ : ਮੱਟੂ

ਚੌਕ ਮਹਿਤਾ 29 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ ) ਪਿਛਲੇ ਦੋ ਦਹਾਕਿਆਂ ਤੋਂ ਕਈ ਕੌਮੀਂ ਅਤੇ ਰਾਜ-ਪੱਧਰੀ ਐਥਲੀਟ ਪੈਦਾ ਕਰਕੇ ਖੇਡ ਖੇਤਰ ਵਿੱਚ ਆਪਣੀ ਵਿਲੱਖਣ ਪਛਾਣ ਬਣਾ ਕੇ ਭਾਰਤ ਦੇ ਖੇਡ ਨਕਸ਼ੇ ਉੱਪਰ ਆਪਣਾ ਨਾਂਅ ਰੋਸ਼ਨ ਕਰਨ ਵਾਲੀ ਪੰਜਾਬ ਦੀ ਪ੍ਰਸਿੱਧ ਖੇਡ ਸੰਸਥਾ ਸਰਹੱਦ-ਏ-ਪੰਜਾਬ ਸਪੋਰਟਸ ਕਲੱਬ (ਰਜਿ) ਅੰਮ੍ਰਿਤਸਰ ਦੇ ਮੁੱਖ ਸਰਪ੍ਰਸਤ ਹਰਮਨਬੀਰ ਸਿੰਘ ਗਿੱਲ, ਸਰਪ੍ਰਸਤ ਰਾਜੇਸ਼ ਸ਼ਰਮਾ, ਚੇਅਰਮੈਨ ਹਰਦੇਸ਼ ਸ਼ਰਮਾ, ਉੱਪ ਚੇਅਰਮੈਨ ਮਖਤੂਲ ਸਿੰਘ ਔਲਖ, ਪ੍ਰਧਾਨ ਗੁਰਿੰਦਰ ਸਿੰਘ ਮੱਟੂ ਅਤੇ ਹੋਰ ਮੈਂਬਰਾਂ ਸਮੇਤ ਕਈ ਨਾਮਵਰ ਖੇਡ ਸਖ਼ਸੀਅਤਾਂ ਨੇ ਪੈਰਿਸ ਉਲੰਪਿਕ 'ਚ ਭਾਰਤ ਦੀ ਸਟਾਰ ਨਿਸ਼ਾਨੇਬਾਜ ਮਨੂ ਭਾਕਰ ਨੂੰ ਕਾਂਸੇ ਦਾ ਤਗਮਾ ਜਿੱਤਣ ਤੇ ਵਧਾਈ ਦਿੱਤੀ 9 ਇਸ ਮੌਕੇ ਪ੍ਰਸਿੱਧ ਖੇਡ ਪ੍ਰੋਮੋਟਰ ਅਤੇ ਉਪਰੋਕਤ ਸੰਸਥਾ ਦੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਨੇ ਵਧੇਰੇ ਜਾਣਕਾਰੀ ਦਿੰਦਿਆਂ ਕਿਹਾ ਕੇ ਪੈਰਿਸ ਉਲੰਪਿਕ 'ਚ ਭਾਰਤ ਦੀ ਨਿਸ਼ਾਨੇਬਾਜ ਮਨੂ ਭਾਕਰ ਨੇ ਮਹਿਲਾਵਾਂ ਦੇ ਨਿਸ਼ਾਨੇਬਾਜੀ ਦੇ 10 ਮੀਟਰ ਪਿਸਟਲ ਮੁਕਾਬਲੇ 'ਚੋਂ ਕਾਂਸੇ ਦਾ ਤਗਮਾ ਜਿੱਤ ਕੇ ਨਵਾਂ ਇਤਿਹਾਸ ਰਚ ਦਿੱਤਾ। 12 ਸਾਲਾਂ ਬਾਅਦ ਇਸ ਮੁਕਾਬਲੇ 'ਚ ਭਾਰਤ ਨੂੰ ਕੋਈ ਤਗਮਾ ਮਿਲਿਆ ਹੈ। ਇਸ ਦੇ ਨਾਲ ਹੀ ਉਲੰਪਿਕ 2024 'ਚ ਭਾਰਤ ਨੂੰ ਝੋਲੀ 'ਚ ਪਹਿਲਾ ਤਗਮਾ ਆਇਆ ਹੈ। ਇਸ ਦੇ ਨਾਲ ਹੀ ਮਨੂ ਭਾਕਰ 10 ਮੀਟਰ ਏਅਰ ਪਿਸਟਲ 'ਚ ਉਲੰਪਿਕ ਤਗਮਾ ਜਿੱਤਣ ਵਾਲੀ ਪਹਿਲੀ ਮਹਿਲਾ ਸ਼ੂਟਰ ਵੀ ਬਣ ਗਈ ਹੈ। ਮਨੂ ਭਾਕਰ ਨੇ ਭਾਰਤ ਲਈ ਤਗਮੇ ਦਾ ਖਾਤਾ ਖੋਲ੍ਹ ਕੇ ਦੇਸ਼ ਵਾਸੀਆਂ ਨੂੰ ਤੋਹਫ਼ਾ ਦਿੱਤਾ ਹੈ। ਅੱਜ ਜਦੋਂ ਉਸ ਨੇ ਭਾਰਤ ਲਈ ਇਹ ਮਾਣਮੱਤੀ ਪ੍ਰਾਪਤੀ ਕੀਤੀ ਤਾਂ ਉਹ ਬਹੁਤ ਹੀ ਭਾਵੁਕ ਹੋ ਗਈ। 22 ਸਾਲਾਂ ਦੀ ਸ਼ੂਟਰ ਮਨੂ ਭਾਕਰ ਨੇ ਪੈਰਿਸ ਉਲੰਪਿਕ ਦੇ ਵਿਚੋਂ ਪਹਿਲਾ ਤਗਮਾ ਜਿੱਤਣ ਵਾਲੀ ਖਿਡਾਰਨ ਬਣ ਗਈ ਹੈ ਤੇ 221.7 ਅੰਕਾਂ ਨਾਲ ਉਹ ਬੇਹੱਦ ਹੀ ਘੱਟ ਅੰਤਰ ਨਾਲ ਚਾਂਦੀ ਦੇ ਤਗਮੇ ਤੋਂ ਖੁੰਝ ਗਈ। ਇਸ ਮੌਕੇ ਹਰਮਨਬੀਰ ਸਿੰਘ ਗਿੱਲ, ਰਾਜੇਸ਼ ਸ਼ਰਮਾਹਰਦੇਸ਼ ਸ਼ਰਮਾ, ਉੱਪ ਚੇਅਰਮੈਨ ਮਖਤੂਲ ਸਿੰਘ ਔਲਖ, ਪ੍ਰਧਾਨ ਗੁਰਿੰਦਰ ਸਿੰਘ ਮੱਟੂ, ਨਰਿੰਦਰ ਕੌਰ, ਕੰਵਲਜੀਤ ਕੌਰ ਟੀਨਾ, ਸੀਮਾ ਚੋਪੜਾ, ਕਰਮਜੀਤ ਕੌਰ, ਦਮਨਪ੍ਰੀਤ ਕੌਰ, ਵੀਨਾ, ਨਰਿੰਦਰ ਸਿੰਘ ਰੇਲਵੇ, ਬਲਜਿੰਦਰ ਸਿੰਘ ਮੱਟੂ, ਸ਼ਿਵ ਸਿੰਘ, ਅਰਸ਼ਪ੍ਰੀਤ ਕੌਰ ਅਤੇ ਲਵਪ੍ਰੀਤ ਸਿੰਘ ਨੇ ਮਨੂ ਭਾਕਰ ਪੈਰਿਸ ਉਲੰਪਿਕ ਵਿਚੋਂ ਪਹਿਲਾ ਤਗਮਾ ਜਿੱਤਣ ਵਾਲੀ ਖਿਡਾਰਨ ਨੂੰ ਵਧਾਈ ਦਿੱਤੀ।



### ਉੱਤਰ ਪ੍ਰਦੇਸ਼ ਦੇ ਪੁਲਿਸ ਅਧਿਕਾਰੀ ਵੱਲੋਂ ਸਿੱਖਾਂ ਨੂੰ ਅੱਤਵਾਦੀ ਕਹਿਣ 'ਤੇ

# ਯੋਗੀ ਸਰਕਾਰ ਸਖ਼ਤ ਕਾਰਵਾਈ ਕਰੇ : ਹਰਜੀਤ ਸਿੰਘ ਪੁਰੇਵਾਲ, ਸ਼ਮਸ਼ੇਰ ਸਿੰਘ ਪੱਧਰੀ




**ਅੰਮ੍ਰਿਤਸਰ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਉੱਤਰ ਪ੍ਰਦੇਸ਼ ਦੇ ਇਕ ਪੁਲੀਸ ਅਧਿਕਾਰੀ ਵੱਲੋਂ ਲਖੀਮਪੁਰ ਖੀਰੀ ਜਿਲੇ ਵਿੱਚ ਹੜਾਂ ਨਾਲ ਰੁੜ੍ਹ ਗਈ ਸੜਕ ਨੂੰ ਸੇਵਾ ਭਾਵ ਨਾਲ ਬਣਾ ਰਹੇ ਸਿੱਖ ਨੌਜਵਾਨਾ ਨੂੰ ਅੱਤਵਾਦੀ ਕਹੇ ਜਾਣ ਤੇ AISSF ਦੇ ਸਾਬਕਾ ਸੀਨੀਅਰ ਮੀਤ ਪ੍ਰਧਾਨ ਭਾਈ ਹਰਜੀਤ ਸਿੰਘ ਪੁਰੇਵਾਲ, ਸੀਨੀਅਰ ਫੈਡਰੇਸਨ ਆਗੂ ਭਾਈ ਮਧੂਪਾਲ ਸਿੰਘ ਗੋਗਾ, ਭਾਈ ਸ਼ਮਸ਼ੇਰ ਸਿੰਘ ਪੱਧਰੀ ( ਸਾਬਕਾ ਪ੍ਰੈੱਸ ਸਕੱਤਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ) ਅਤੇ ਸੀਨੀਅਰ ਫੈਡਰੇਸ਼ਨ ਆਗੂ ਪਰਵਿੰਦਰ ਸਿੰਘ ਅੰਤਰਜਾਮੀ ਕਲੋਨੀ ਨੇ ਸਖ਼ਤ ਨਿਖੇਧੀ ਕਰਦਿਆਂ ਉੱਤਰ ਪ੍ਰਦੇਸ਼ ਦੀ ਯੋਗੀ ਸ੍ਰਕਾਰ ਕੋਲ਼ੋਂ ਇਸ ਅਧਿਕਾਰੀ ਨੂੰ ਤੁਰੰਤ ਬਰਖਾਸਤ ਕਰਕੇ ਸਖ਼ਤ ਧਾਰਾਵਾਂ ਹੇਠ ਕੇਸ ਦਰਜ ਕਰਨ ਦੀ ਮੰਗ ਕੀਤੀ ਹੈ। ਉਹਨਾਂ ਕਿਹਾ ਕਿ ਹੁਣ ਹੀ ਨਹੀਂ ਪਹਿਲਾਂ ਵੀ ਬਹੁਤ ਵਾਰ ਸਿੱਖ ਕੌਮ ਪ੍ਰਤੀ ਅਜਿਹੀ ਬੋਲਬਾਣੀ ਦੀ ਵਰਤੋਂ ਕਰਕੇ ਨਫ਼ਰਤੀ ਬੀਜ ਬੋਇਆ ਜਾ ਰਿਹਾ ਹੈ, ਜ਼ੋ ਕਿ ਬਹੁਤ ਮੰਦਭਾਗੀ ਗੱਲ ਹੈ ਅਤੇ ਅਜਿਹੇ ਅਨਸਰ ਜਿੱਥੇ ਸਾਰੀ ਸਿੱਖ ਕੌਮ ਨੂੰ ਨਿਸ਼ਾਨਾ ਬਣਾਉਂਦੇ ਹਨ ਉਥੇ ਖ਼ੁੱਦ ਆਪਣੀ ਕੌਮ ਤੇ ਮਜ਼ਹਬ ਨੂੰ ਵੀ ਬੁਰਾ ਬਣਾਉਂਦੇ ਹਨ।ਉਪਰੋਕਤ ਆਗੂਆਂ ਨੇ ਕਿਹਾ ਕੇ ਦੇਸ਼ ਦੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਜੀ ਨੂੰ ਇਸ ਵੱਲ ਵਿਸ਼ੇਸ਼ ਧਿਆਨ ਦੇਣਾਂ ਚਾਹੀਦਾ ਹੈ ਕਿਉਂਕਿ ਸਿੱਖਾਂ ਨੂੰ ਬਾਰ-ਬਾਰ ਅੱਤਵਾਦੀ ਕਹਿ ਕੇ ਬੁਲਾਉਣਾ ਸਿੱਖਾਂ ਦੇ ਦਿਲਾਂ ਨੂੰ ਭਾਰੀ ਠੇਸ ਪਹੁੰਚਾਉਣ ਵਾਲਾ ਤੇ ਦੇਸ਼ ਦੀ ਏਕਤਾ ਅਖੰਡਤਾ ਨੂੰ ਭੰਗ ਕਰਨ ਵਾਲਾ ਵਿਸ਼ਾ ਹੈ। ਉਹਨਾਂ ਕਿਹਾ ਕਿ ਉਹ ਸਮੁੱਚੇ ਭਾਰਤ ਵਿੱਚ ਇਹੋ ਜਿਹੇ ਨਫਰਤੀ ਅਨਸਰਾਂ ਖ਼ਿਲਾਫ਼ ਢੁਕਵੀ ਕਾਰਵਾਈ ਲਈ ਦਿਸ਼ਾ ਨਿਰਦੇਸ਼ ਜਾਰੀ ਕਰਣ ਤਾਂ ਜੋ ਦੇਸ ਲਈ ਕੁਰਬਾਨੀਆਂ ਕਰਨ ਵਾਲੀ ਸਿੱਖ ਕੌਮ ਖ਼ਿਲਾਫ਼ ਨਫ਼ਰਤ ਪੈਦਾ ਕਰਨ ਵਾਲੇ ਅਜਿਹੇ ਅਨਸਰਾਂ ਨੂੰ ਠੱਲ ਪਾਈ ਜਾ ਸਕੇ। ਸਿੱਖ ਅੱਤਵਾਦੀ ਨਹੀਂ ਬਲਕਿ ਸਰਬੱਤ ਦਾ ਭਲਾ ਕਰਨ ਵਾਲੀ, ਆਪ ਛੱਕਣ ਤੇ ਦੂਜਿਆਂ ਨੂੰ ਭੋਜਨ ਛਕਾਉਣ ਵਾਲੀ, ਗੁਰੂ ਦੇ ਭਾਣੇ ਨੂੰ ਮੰਨਕੇ ਹੱਕ ਸੱਚ ਤੇ ਪਹਿਰਾ ਦੇਣ ਵਾਲੀ ਕੌਮ ਹੈ।

**ਸਿੱਖਾਂ ਨੂੰ ਵਾਰ-ਵਾਰ ਅੱਤਵਾਦੀ ਕਹਿਕੇ ਬੁਲਾਉਣਾਂ ਸਿੱਖਾਂ ਦੇ ਦਿਲਾਂ ਨੂੰ ਠੇਸ ਪਹੁੰਚਾਉਣ ਵਾਲਾ**

ਆਵਾਜ਼ਿ ਕੌਮ AWAZE QAUM International Newspaper & WEB TV

### ਧੂਰੀ ਵਿਖੇ ਸਮਾਜਸੇਵੀ ਨਿੱਝਰ ਵੱਲੋਂ ਲਗਾਏ ਵਿਸ਼ਾਲ ਕੈਂਪ ਦੌਰਾਨ 6000 ਤੋਂ ਵੱਧ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ

# ਡਾ. ਗੁਰਪ੍ਰੀਤ ਕੌਰ, ਸ਼ਿਲਪਾ ਸ਼ੈਟੀ ਅਤੇ ਹਿਮਾਂਸ਼ੀ ਖੁਰਾਨਾ ਵੱਲੋ ਕੈਂਪ ਦਾ ਉਦਘਾਟਨ

**ਧੂਰੀ/ਸੰਗਰੂਰ (ਰਣਜੀਤ ਸਿੰਘ ਪੇਧਨੀ)**-ਯੂਕੇ ਵਾਸੀ ਪ੍ਰਵਾਸੀ ਭਾਰਤੀ ਅਤੇ ਪ੍ਰਸਿੱਧ ਸਮਾਜ ਸੇਵੀ ਸੁਰਿੰਦਰ ਸਿੰਘ ਨਿੱਝਰ ਵੱਲੋਂ ਸੋਮਵਾਰ ਨੂੰ ਧੂਰੀ ਵਿਖੇ ਅੱਖਾਂ ਦਾ ਇੱਕ ਮੈਗਾ ਜਾਂਚ ਕੈਂਪ ਲਗਾਇਆ ਗਿਆ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪਤਨੀ ਡਾ: ਗੁਰਪ੍ਰੀਤ ਕੌਰ, ਮਸ਼ਹੂਰ ਬਾਲੀਵੁੱਡ ਅਦਾਕਾਰਾ ਸ਼ਿਲਪਾ ਸ਼ੈਟੀ ਅਤੇ ਪੰਜਾਬੀ ਅਦਾਕਾਰਾ ਹਿਮਾਂਸ਼ੀ ਖੁਰਾਨਾ ਨੇ ਵੱਖ-ਵੱਖ ਰਾਜਨੀਤਿਕ ਅਤੇ ਸਮਾਜਿਕ ਪਤਵੰਤਿਆਂ ਦੀ ਮੌਜੂਦਗੀ ਵਿੱਚ ਕੈਂਪ ਦਾ ਉਦਘਾਟਨ ਕੀਤਾ। ਕੈਂਪ ਵਿੱਚ ਜਿੱਥੇ 700 ਤੋਂ ਵੱਧ ਵਿਅਕਤੀਆਂ ਦੀਆਂ ਅੱਖਾਂ ਦੇ ਮੁਫ਼ਤ ਆਪ੍ਰੇਸ਼ਨ ਲਈ ਸ਼ਨਾਖਤ ਕੀਤੀ ਗਈ, ਉੱਥੇ ਹੀ ਲੋੜਵੰਦ ਪਰਿਵਾਰਾਂ ਨਾਲ ਸਬੰਧਤ ਔਰਤਾਂ ਨੂੰ 2200 ਸਿਲਾਈ ਮਸ਼ੀਨਾਂ ਵੀ ਵੰਡੀਆਂ ਗਈਆਂ। ਵਿਸ਼ੇਸ਼ ਤੌਰ 'ਤੇ ਦਿਵਿਆਂਗ ਵਿਅਕਤੀਆਂ ਨੂੰ 100 ਵ੍ਹੀਲ ਚੇਅਰਾਂ ਵੰਡੀਆਂ ਗਈਆਂ ਜਦਕਿ ਸੁਣਨ ਦੀ ਸਮੱਸਿਆ ਵਾਲੇ ਮਰੀਜ਼ਾਂ ਨੂੰ 100 ਕੰਨਾਂ ਦੀਆਂ ਮਸ਼ੀਨਾਂ ਦਿੱਤੀਆਂ ਗਈਆਂ। ਇਸ ਮੌਕੇ 20 ਤੋਂ ਵੱਧ ਲੋੜਵੰਦ ਪਰਿਵਾਰਾਂ ਨੂੰ ਮਕਾਨ ਬਣਾਉਣ ਲਈ ਵਿੱਤੀ ਸਹਾਇਤਾ ਵੀ ਦਿੱਤੀ ਗਈ। ਇਸ ਤੋਂ ਇਲਾਵਾ ਕੈਂਪ ਦੌਰਾਨ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ 6000 ਤੋਂ ਵੱਧ ਸਥਾਨਕ ਲੋਕਾਂ ਦੀਆਂ ਅੱਖਾਂ ਸਬੰਧੀ ਸਮੱਸਿਆਵਾਂ ਦੀ ਜਾਂਚ ਕੀਤੀ ਗਈ। ਇਸ ਮੌਕੇ ਡਾ. ਗੁਰਪ੍ਰੀਤ ਕੌਰ ਨੇ ਕੈਂਪ ਦੇ ਪ੍ਰਬੰਧਕਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਕੈਂਪ ਨੇ ਧੂਰੀ ਵਿੱਚ ਇਤਿਹਾਸ ਰਚਿਆ ਹੈ ਕਿਉਂਕਿ ਇਹ ਪ੍ਰਵਾਸੀ ਭਾਰਤੀ ਕਾਰੋਬਾਰੀ ਸ੍ਰੀ ਨਿੱਝਰ ਵੱਲੋਂ ਕਰਵਾਇਆ ਗਿਆ ਅਜਿਹਾ ਹੁਣ ਤੱਕ ਦਾ ਸਭ ਤੋਂ ਵੱਡਾ ਸਮਾਗਮ ਸੀ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਇਨ੍ਹਾਂ ਵਰਗੀਆਂ ਸਖਸ਼ੀਅਤਾਂ ਤੋਂ ਸੇਧ ਲੈਣੀ ਚਾਹੀਦੀ ਹੈ ਕਿਉਂ ਜੋ ਉਹ ਵਿਦੇਸ਼ਾਂ ਵਿੱਚ ਬੈਠ ਕੇ ਵੀ ਪੰਜਾਬ ਦੇ ਲੋਕਾਂ ਦੀ ਭਲਾਈ ਬਾਰੇ ਸੋਚ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਦੀ ਭਲਾਈ ਲਈ ਸਮੁੱਚੇ ਸਮਾਜ ਨੂੰ ਮੋਢੇ ਨਾਲ ਮੋਢਾ ਜੋੜ ਕੇ ਤੁਰਨ ਦੀ ਲੋੜ ਹੈ ਅਤੇ ਇਹ ਕੈਂਪ ਉਸ ਦਿਸ਼ਾ ਵਿੱਚ ਇੱਕ ਵਧੀਆ ਉਦਾਹਰਣ ਹੈ। ਡਾ. ਗੁਰਪ੍ਰੀਤ ਕੌਰ ਨੇ ਪ੍ਰਵਾਸੀ ਭਾਰਤੀਆਂ ਨੂੰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਦੀ ਭਲਾਈ ਲਈ ਕੀਤੇ ਜਾ ਰਹੇ ਯਤਨਾਂ ਵਿੱਚ ਸ਼ਾਮਲ ਹੋਣ ਲਈ ਪੰਜਾਬ ਆਉਣ ਦਾ ਸੱਦਾ ਦਿੱਤਾ। ਇਸ ਮੌਕੇ ਪ੍ਰਸਿੱਧ ਅਦਾਕਾਰਾ ਸ਼ਿਲਪਾ ਸ਼ੈਟੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਉਹ ਇਸ ਕੈਂਪ ਵਿੱਚ ਸ਼ਾਮਲ ਹੋ ਕੇ ਮਾਣ ਮਹਿਸੂਸ ਕਰ ਰਹੀ ਹੈ ਕਿਉਂਕਿ ਉਹ ਆਪਣੇ ਸਹੁਰਿਆਂ ਦੇ ਪੰਜਾਬੀ ਪਿਛੋਕੜ ਕਾਰਨ ਪੰਜਾਬੀ ਜੜ੍ਹਾਂ ਨਾਲ ਜੁੜੀ ਹੋਈ ਹੈ। ਸ਼ਿਲਪਾ ਸ਼ੈਟੀ ਨੇ ਕਿਹਾ ਕਿ ਬਹੁਤ ਸਾਰੇ ਲੋਕਾਂ ਕੋਲ ਬਹੁਤ ਪੈਸਾ ਹੈ ਪਰ ਸ਼੍ਰੀ ਨਿੱਝਰ ਵਰਗੇ ਕੁਝ ਹੀ ਸਖ਼ਸ਼ ਸਾਡੇ ਸਮਾਜ ਦੇ ਗਰੀਬ ਵਰਗ ਦੀ ਭਲਾਈ ਲਈ ਕਰੋੜਾਂ ਰੁਪਏ ਖਰਚ ਕਰਨ ਦਾ ਦਿਲ ਰੱਖਦੇ ਹਨ। ਇਸ ਮੌਕੇ ਸੁਰਿੰਦਰ ਸਿੰਘ ਨਿੱਝਰ ਨੇ ਕਿਹਾ ਕਿ ਇਹ ਉਨ੍ਹਾਂ ਦੇ ਗਰੁੱਪ ਵੱਲੋਂ 13ਵਾਂ ਮੈਗਾ ਅੱਖਾਂ ਦਾ ਕੈਂਪ ਸੀ ਅਤੇ ਉਹ ਪੰਜਾਬ ਦੇ ਲੋਕਾਂ ਦੀ ਸੇਵਾ ਨੂੰ ਹਰ ਵੇਲੇ ਸਮਰਪਿਤ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਮਾਤਾ ਹਰਪਾਲ ਕੌਰ, ਹਲਕਾ ਸਨੌਰ ਤੋਂ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ, ਹਲਕਾ ਸੰਗਰੂਰ ਤੋਂ ਵਿਧਾਇਕ ਨਰਿੰਦਰ ਕੌਰ ਭਰਾਜ, ਮੁੱਖ ਮੰਤਰੀ ਦੇ ਓ.ਐਸ.ਡੀ. ਪ੍ਰੋ. ਉਂਕਾਰ ਸਿੰਘ, ਉੱਘੇ ਆਗੂ ਹਰਪਾਲ ਜੁਨੇਜਾ, ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਚੇਅਰਮੈਨ ਅਸ਼ੋਕ ਕੁਮਾਰ ਸਿੰਗਲਾ, ਸਤਿੰਦਰ ਸਿੰਘ ਚੱਠਾ, ਜੱਸੀ ਸੇਖੋਂ, ਅਨਵਰ ਭਸੌੜ, ਧੂਰੀ ਦਫਤਰ ਦੇ ਇੰਚਾਰਜ ਅੰਮ੍ਰਿਤਪਾਲ ਸਿੰਘ ਬਰਾੜ ਤੇ ਅਮੀਰ ਸਿੰਘ, ਪਰਮਜੀਤ ਸਿੰਘ ਭਿੰਦੀ, ਵਲਜੋਤ ਪੰਨੂ, ਸਮਾਜਸੇਵੀ ਨਿੱਝਰ ਦੇ ਪਰਿਵਾਰਕ ਮੈਂਬਰ ਅਤੇ ਹੋਰ ਪਤਵੰਤੇ ਹਾਜ਼ਰ ਸਨ।




ਆਵਾਜ਼ਿ ਕੌਮ AWAZE QAUM International Newspaper & WEB TV

## ਪੰਜ ਕਕਾਰਾਂ ਦੇ ਧਾਰਨੀ ਅੰਮ੍ਰਿਤਧਾਰੀ ਸਿੱਖ ਲਈ ਪੰਜ ਸਿੰਘ ਸਾਹਿਬਾਨ ਵੱਲੋਂ ਢਾਈ ਫੁੱਟੀ ਸ੍ਰੀ ਸਾਹਿਬ ਨਾਲ ਰੱਖਣ ਦਾ ਹੁਕਮਨਾਮਾ ਜਾਰੀ ਕਰਨਾ ਸਮੇਂ ਦੀ ਜਰੂਰਤ

### ਕੇਸਾਂ ਦਾੜ੍ਹਿਆਂ ਤੇ ਦਸਤਾਰਾਂ ਦੀ ਬੇਅਦਬੀ ਰੋਕਣ ਲਈ ਅਹਿਮ ਰੋਲ ਅਦਾ ਕਰੇਗਾ ਫੈਸਲਾ

ਆਏ ਦਿਨ ਖਬਰਾਂ ਦੇ ਵਿੱਚ ਸੁਣਨ ਨੂੰ ਮਿਲਦਾ ਰਹਿੰਦਾ ਹੈ ਕਿ ਅੱਜ ਫਲਾਣੀ ਜਗ੍ਹਾ ਤੇ ਦਸਤਾਰ ਦੀ, ਕੇਸਾਂ ਦੀ, ਦਾੜ੍ਹਿਆਂ ਦੀ ਬੇਅਦਬੀ ਹੋਈ । ਇਸ ਤਰ੍ਹਾਂ ਦੇ ਮਸਲਿਆਂ ਨਾਲ ਨਜਿਠਣ ਲਈ ਆਪਣੀ ਰੱਖਿਆ, ਗਊ ਗਰੀਬ, ਬਜ਼ੁਰਗ, ਔਰਤ ਬੱਚਿਆਂ ਦੀ ਰਾਖੀ ਲਈ ਢਾਈ ਫੁੱਟੀ ਸ੍ਰੀ ਸਾਹਿਬ ਨਾਲ ਰੱਖਣੀ ਸਮੇਂ ਦੀ ਜਰੂਰਤ ਬਣ ਗਈ ਹੈ । ਜੋ ਹੁਕਮ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ 52 ਹੁਕਮਾਂ ਦੇ ਵਿੱਚ ਵੀ ਕੀਤਾ ਗਿਆ ਹੈ । ਸ੍ਰੀ ਸਾਹਿਬ ਨਾਲ ਸਿੱਖ ਕੌਮ ਦੇ ਜੁਝਾਰੂਆਂ ਵੱਲੋਂ ਮਨੁੱਖਤਾ ਦੀ ਰਾਖੀ ਕਰਨਾ ਇਤਿਹਾਸ ਦੇ ਪੰਨਿਆਂ ਵਿੱਚ ਦਰਜ ਹੈ । ਭਾਰਤੀ ਕਾਨੂੰਨ ਦੇ ਮੁਤਾਬਕ ਅੰਮ੍ਰਿਤਧਾਰੀ ਸਿੱਖ ਆਪਣੇ ਨਾਲ ਸ੍ਰੀ ਸਾਹਿਬ ਰੱਖ ਸਕਦਾ ਹੈ । ਇਹ ਖਬਰ ਲਿਖ ਕੇ ਸਿੰਘ ਸਾਹਿਬ ਤੱਕ ਮੇਰਾ ਸੰਦੇਸ਼ ਪਹੁੰਚਾਉਣ ਦਾ ਅਸਲ ਮਕਸਦ ਇਹ ਹੈ ਕਿ ਜੋ ਸਿੱਖ ਪੰਜ ਕਕਾਰਾਂ ਦਾ ਤਾਂ ਧਾਰਨੀ ਹੈ ਪਰ ਕੁੜਤਾ ਪਜਾਮਾ ਜਾ ਨਿਹੰਗ ਸਿੰਘ ਵਾਲਾ ਬਾਣਾ ਨਹੀਂ ਪਹਿਨਦੇ ।ਅੱਜ ਜਦੋਂ ਉਹ ਸਿੱਖ ਢਾਈ ਫੁੱਟੀ ਸ੍ਰੀ ਸਾਹਿਬ ਹੱਥ ਚ ਫੜ ਕੇ ਸਫਰ ਕਰਦੇ ਹਨ ਖਾਸ ਕਰਕੇ ਪੰਜਾਬ ਦੇ ਬਾਹਰ ਦੇ ਰਾਜਾਂ ਦੇ ਵਿੱਚ ਤਾਂ ਉਹਨਾਂ ਨੂੰ ਪ੍ਰਸ਼ਾਸਨ ਵੱਲੋਂ ਸਵਾਲ ਕੀਤਾ ਜਾਂਦਾ ਹੈ ਕਿ ਤੁਸੀਂ ਬਾਣਾ ਤਾਂ ਪਹਿਨਿਆ ਨਹੀਂ । ਇੱਥੇ ਮਿਹਨਤ ਕਸ਼ ਸਿੱਖ ਨੌਜਵਾਨ ਜੋ ਆਪਣੀ ਕਿਰਤ ਕਰਕੇ , ਜਾਂ ਕਿਸੇ ਹੋਰ ਮਜਬੂਰੀ ਕਰਕੇ , ਕੁੜਤਾ ਪਜਾਮਾ ਜਾਂ ਨਿਹੰਗ ਸਿੰਘ ਵਾਲਾ ਬਾਣਾ ਨਹੀਂ ਪਹਿਨਦੇ ।ਪਰ ਅੰਮ੍ਰਿਤਧਾਰੀ ਹਨ ।ਪੰਜ ਕਕਾਰਾਂ ਦੇ ਧਾਰਨੀ ਹਨ ।ਉਨਾਂ ਦੇ ਮਨੋਂਵਲ ਨੂੰ ਉੱਚਾ ਚੁੱਕਣ ਵਾਸਤੇ, ਸਮੇਂ ਦੀ ਜਰੂਰਤ ਹੈ ਕਿ ਇਨਾ ਸੁਝਾਵਾਂ ਤੇ ਵਿਚਾਰ ਕਰਕੇ ਇਸ ਸਬੰਧੀ ਸਤਿਕਾਰਤ ਪੰਜ ਸਿੰਘ ਸਾਹਿਬਾਨ ਲੋੜੀਦਾ ਹੁਕਮਨਾਮਾ ਕਰਨ ਜੀ । ਇਸ ਲਿਖਤ ਦੀ ਬੇਨਤੀ ਕਾਪੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਵੀ ਭੇਜੀ ਜਾਵੇਗੀ ।

**-ਪਰਗਟ ਸਿੰਘ ਬਲ਼ਬੇੜ੍ਹਾ**
9815131870

ਆਵਾਜ਼ਿ ਕੌਮ AWAZE QAUM International Newspaper & WEB TV

## ਅਜੀਤ ਅਖਬਾਰ ਦੇ ਪੱਤਰਕਾਰ ਹਰਜਿੰਦਰ ਸਿੰਘ ਕਲੇਰ ਦੇ ਚਾਚਾ ਅਮਰੀਕ ਸਿੰਘ ਕਲੇਰ ਦੀ ਅੰਤਿਮ ਅਰਦਾਸ ਅਤੇ ਸ਼ਰਧਾਂਜ਼ਲੀ ਸਮਾਰੋਹ ਅੱਜ 30 ਜੁਲਾਈ ਨੂੰ



ਜੰਡਿਆਲਾ ਗੁਰੂ, 29 ਜੁਲਾਈ ( ਕੁਲਵੰਤ ਸਿੰਘ ਵਿਰਦੀ) ਬੀਤੇ ਦਿਨ ਅਜੀਤ ਅਖਬਾਰ ਦੇ ਪੱਤਰਕਾਰ ਅਤੇ ਸ਼ੇਰੇ ਪੰਜਾਬ ਪ੍ਰੈਸ ਕਲੱਬ ਜੰਡਿਆਲਾ ਗੁਰੂ ਦੇ ਪ੍ਰਧਾਨ ਪੱਤਰਕਾਰ ਹਰਜਿੰਦਰ ਸਿੰਘ ਕਲੇਰ ਨੂੰ ਉਸ ਸਮੇਂ ਗਹਿਰਾ ਤੇ ਸਦਮਾ ਲੱਗਾ ਜਦੋਂ ਉਹਨਾਂ ਦੇ ਸਤਿਕਾਰਯੋਗ ਚਾਚਾ ਅਮਰੀਕ ਸਿੰਘ ਜੀ ਕਲੇਰ ਇਸ ਫਾਨੀ ਸੰਸਾਰ ਨੂੰ ਸਦਾ ਲਈ ਅਲਵਿਦਾ ਕਹਿ ਕੇ ਪਰਮਾਤਮਾ ਦੇ ਚਰਨਾਂ ਚ ਜਾ ਬਰਾਜੇ ਸਨ। ਸਵ. ਅਮਰੀਕ ਸਿੰਘ ਕਲੇਰ ਜਾਣੀ ਪਛਾਣੀ ਸ਼ਖਸੀਅਤ ਸਨ ਉਹਨਾਂ ਦਾ ਜੀਵਨ ਬਹੁਤ ਹੀ ਉੱਚਾ ,ਸੁੱਚਾ ਤੇ ਧਾਰਮਿਕ ਬਿਰਤੀ ਵਾਲੇ ਸਨ ।ਅੰਮ੍ਰਿਤ ਵੇਲੇ ਹੀ ਗੁਰਦੁਆਰਾ ਸਾਹਿਬ ਵਿਖੇ ਨਤਮਸਤ ਹੋ ਕੇ ਗੁਰਬਾਣੀ ਸੁਣਨੀ ਪੜ੍ਹਨੀ ਉਹਨਾਂ ਦਾ ਨਿਤਨੇਮ ਸੀ । ਉਹਨਾਂ ਦੀ ਹੋਈ ਮੌਤ ਤੇ ਧਾਰਮਿਕ ,ਰਾਜਨੀਤਿਕ, ਤੇ ਸਮਾਜਿਕ, ਸਮਾਜ ਸੇਵੀ ਜਥੇਬੰਦੀਆਂ ਦੇ ਆਗੂਆਂ ਵੱਲੋਂ ਉਹਨਾਂ ਦੇ ਵੱਡੇ ਭਰਾਤਾ ਸਰਪੰਚ ਮਹਿੰਦਰ ਸਿੰਘ ਕਲੇਰ , ਦਰਸ਼ਨ ਸਿੰਘ ਕਲੇਰ ਕਨੇਡਾ,ਐਡਵੋਕੇਟ ਮੇਜਰ ਸਿੰਘ ਕਲੇਰ ਕਨੇਡਾ ਤੇ ਕਲੇਰ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ।ਸਵਰਗੀ ਅਮਰੀਕ ਸਿੰਘ ਕਲੇਰ ਦੀ ਯਾਦ ਚ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ 30 ਜੁਲਾਈ2024 ਦਿਨ ਮੰਗਲਵਾਰ ਨੂੰ ਉਹਨਾਂ ਦੇ ਗ੍ਰਹਿ ਪਿੰਡ ਰਾਣਾ ਕਾਲਾ ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਵਿਖੇ ਪਾਏ ਜਾਣਗੇ ਉਪਰੰਤ ਸ਼ਰਧਾਂਜਲੀ ਸਮਾਰੋਹ ਅਤੇ ਅੰਤਿਮ ਅਰਦਾਸ ਪਿੰਡ ਦੇ ਗੁਰਦੁਆਰਾ ਸਿੰਘ ਸਭਾ ਵਿਖੇ ਦੁਪਹਿਰ 11 ਤੋਂ 1 ਵਜੇ ਤੱਕ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਕਾਰ ਸਿਹਤ ਪੱਖੋਂ ਪੰਜਾਬ 'ਚ ਵੱਡੀ ਕ੍ਰਾਂਤੀ ਲਿਆਉਣਾ ਚਾਹੁੰਦੀ ਐ : ਲਾਲਜੀਤ ਭੁੱਲਰ,ਰੰਧਾਵਾ, ਔਜਲਾ



**ਚੌਕ ਮਹਿਤਾ, 28 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਰਕੀਟ ਕਮੇਟੀ ਮਹਿਤਾ ਦੇ ਚੇਅਰਮੈਨ ਡਾ. ਗੁਰਵਿੰਦਰ ਸਿੰਘ ਰੰਧਾਵਾ ਅਤੇ ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਅਰੀਵਾਲ ਵੱਲੋਂ ਅੱਜ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਲਾਲਜੀਤ ਸਿੰਘ ਭੁੱਲਰ ਨਾਲ ਇਕ ਵਿਸ਼ੇਸ਼ ਮੁਲਾਕਾਤ ਕੀਤੀ ਗਈ। ਜਿਸ ਦੌਰਾਨ ਉਨ੍ਹਾਂ ਨੇ ਪਾਰਟੀ ਦੀ ਮਜਬੂਤੀ ਲਈ ਕੁਝ ਅਹਿਮ ਮਸਲਿਆਂ ਨੂੰ ਲੈ ਕੇ ਵਿਚਾਰ ਵਿਟਾਂਦਰਾ ਕੀਤਾ ਅਤੇ ਮੰਤਰੀ ਭੁੱਲਰ ਨੇ ਤੁਰੰਤ ਪ੍ਰਭਾਵ ਨਾਲ ਇਹ ਮਸਲੇ ਹੱਲ ਕਰਵਾਉਣ ਦਾ ਭਰੋਸਾ ਦਿੱਤਾ। ਇਸ ਦੌਰਾਨ ਮੰਤਰੀ ਭੁੱਲਰ ਨੇ ਗੱਲਬਾਤ ਕਰਦਿਆਂ ਦੱਸਿਆ ਕਿ 'ਆਪ' ਸਰਕਾਰ ਨੇ ਸੂਬੇ ਦੇ ਲੋਕਾਂ ਦੀ ਸਿਹਤ ਪ੍ਰਤੀ ਫਿਕਰਮੰਦ ਹੁੰਦਿਆਂ 'ਮਿਸ਼ਨ ਸਿਹਤਮੰਦ ਪੰਜਾਬ' ਤਹਿਤ ਇਕ ਨਵਾਂ ਕਦਮ ਚੁੱਕਿਆ ਹੈ। ਜਿਸ ਤਹਿਤ ਲੋਕਾਂ ਦੀ ਸੇਵਾ ਲਈ ਅਤਿ-ਆਧੁਨਿਕ ਸਹੂਲਤਾਂ ਨਾਲ ਲੈਸ ਨਵੀਆਂ 58 ਐਂਬੂਲੈਂਸਾਂ ਨੂੰ ਮੁੱਖ ਮੰਤਰੀ ਮਾਨ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਹੈ। ਉਨ੍ਹਾਂ ਨੇ ਦੱਸਿਆ ਕਿ 14 ਕਰੋੜ ਦੀ ਲਾਗਤ ਨਾਲ ਇਨ੍ਹਾਂ 58 ਗੱਡੀਆਂ ਨੂੰ ਰਵਾਨਾ ਕੀਤਾ ਗਿਆ ਹੈ, ਇਹ ਗੱਡੀਆਂ ਸੜਕ ਸੁਰੱਖਿਆ ਫੋਰਸ ਨਾਲ ਵੀ ਜੁੜੀਆਂ ਹੋਈਆਂ ਹਨ, ਜਿਨ੍ਹਾਂ ਵਿਚ ਮੈਡੀਕਲ ਨਾਲ ਸਬੰਧਿਤ ਬਹੁਤ ਸਾਰੀਆਂ ਆਧੁਨਿਕ ਸਹੂਲਤਾਵਾਂ ਉਪਲੱਬਧ ਹਨ। ਮੰਤਰੀ ਭੁੱਲਰ ਨੇ ਕਿਹਾ ਕਿ ਸਰਕਾਰ ਸਿਹਤ ਪੱਖੋਂ ਪੰਜਾਬ 'ਚ ਵੱਡੀ ਕ੍ਰਾਂਤੀ ਲਿਆਉਣਾ ਚਾਹੁੰਦੀ ਹੈ, ਕਿਉਂਕਿ ਸਿਹਤਮੰਦ ਪੰਜਾਬ ਸਾਡੀ ਗਾਰੰਟੀ ਸੀ। ਅਸੀਂ ਪੰਜਾਬ ਨੂੰ ਸਿਹਤ ਦੇ ਮਾਮਲੇ ਵਿਚ ਨੰਬਰ ਵਨ ਬਣਾਉਣਾ ਹੈ ਅਤੇ ਇਹ ਸਾਡਾ ਮਿਸ਼ਨ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾ ਪੰਜਾਬ 'ਚ ਖੋਲ੍ਹੇ ਗਏ ਆਮ ਆਦਮੀ ਕਲੀਨਿਕਾਂ 'ਚੋਂ ਕਰੋੜਾਂ ਲੋਕ ਦਵਾਈਆਂ ਲੈ ਚੁੱਕੇ ਹਨ। ਇਨਾਂ ਕਲਿਨਿਕਾ ਲਈ ਆਉਣ ਵਾਲੇ ਦਿਨਾਂ ਵਿਚ ਬਹੁਤ ਸਾਰਾ ਮੈਡੀਕਲ ਸਟਾਫ਼ ਵੀ ਭਰਤੀ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਸਿਹਤ ਵਿਭਾਗ ਵਾਟਰ ਬੋਰਨ ਬੀਮਾਰੀਆਂ ਸੰਬਧੀ ਐਡਵਾਈਜਰੀ ਜਾਰੀ : ਡਾ ਸੁਮੀਤ ਸਿੰਘ

**ਚੌਕ ਮਹਿਤਾ, 29 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਦੇ ਆਦੇਸ਼ਾਂ ਤਹਿਤ ਸਿਵਲ ਸਰਜਨ ਡਾ ਸੁਮੀਤ ਸਿੰਘ ਵਾਟਰ ਬੋਰਨ ਬੀਮਾਰੀਆਂ ਦੀ ਰੋਕਥਾਮ ਸੰਬਧੀ ਐਡਵਾਈਜਰੀ ਜਾਰੀ ਕਰਦਿਆਂ ਹੋਇਆਂ ਕਿਹਾ ਕਿ ਬਰਸਾਤੀ ਮੌਸਮ ਦੌਰਾਣ ਲੋਕ ਆਪਣੇ ਛੋਟੇ ਬੱਚੇ ਅਤੇ ਬਜੁਰਗਾਂ ਦੀ ਸਿਹਤ ਦਾ ਖਾਸ ਧਿਆਨ ਰੱਖਣ, ਪੀਣ ਵਾਲੇ ਸਾਫ ਪਾਣੀ ਦਾ ਉਪਯੋਗ ਕੀਤਾ ਜਾਵੇ, ਬਜਾਰੀ ਖਾਣਾਂ ਖਾਣ ਤੋਂ ਪ੍ਰਹੇਜ ਰੱਖਿਆ ਜਾਵੇ, ਸਾਫ ਸਫਾਈ ਦਾ ਧਿਆਨ ਰੱਖਿਆ ਜਾਵੇ, ਉਲਟੀ, ਦਸਤ ਅਤੇ ਬੁਖਾਰ ਦੀ ਸੁਰਤ ਵਿਚ ਤੁੱਰੰਤ ਨਜਦੀਕੀ ਸਰਕਾਰੀ ਸਿਹਤ ਸੰਸਥਾ ਤੋਂ ਇਲਾਜ ਕਰਵਾਇਆ ਜਾਵੇ।ਉਹਨਾਂ ਨੇ ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗਾਂ ਨੂੰ ਹਿਦਾਇਤ ਕੀਤੀ ਕਿ ਬਰਸਾਤੀ ਮੌਸਮ ਦੋਰਾਣ ਕਿਸੇ ਵੀ ਕਿਸਮ ਦੀ ਵਾਟਰ ਮਿਕਸਿੰਗ ਨਾਂ ਹੋਣ ਦਿੱਤੀ ਜਾਵੇ, ਸਾਫ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਇਆ ਜਾਵੇ ਅਤੇ ਸਾਫ ਸਫਾਈ ਦੇ ਪੁੱਖਤਾ ਪ੍ਰਬੰਧ ਕੀਤੇ ਜਾਣ, ਆਉਟ ਬਰੇਕ ਏਰੀਆ ਵਿੱਚ ਤੁਰੰਤ ਕਾਰਵਾਈ ਕਰਕੇ ਵਾਟਰ ਬੋਰਨ ਬੀਮਾਰੀਆਂ ਦੀ ਰੋਕਥਾਮ ਅਤੇ ਇਲਾਜ ਦੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਜਾਣ। ਇਸਦੇ ਨਾਲ ਹੀ ਸਿਹਤ ਵਿਭਾਗ ਦੇ ਸਹਿਯੋਗ ਨਾਲ ਗਰਮੀਆਂ ਵਿੱਚ ਬਰਸਤ ਦੇ ਮੌਸਮ ਵਿੱਚ 5 ਸਾਲ ਤੋਂ ਛੋਟੇ ਬੱਚਿਆਂ ਨੂੰ ਦਸਤ ਰੋਗ ਤੋਂ ਬਚਾਉਣ ਲਈ ਮਿਤੀ 1 ਜੁਲਾਈ ਤੋਂ 31 ਅਗਸਤ 2024 ਤੱਕ ਇੱਕ ਵਿਸ਼ੇਸ਼ ਦਸਤ ਰੋਕੂ ਮੁਹਿੰਮ ਪਹਿਲਾਂ ਤੋਂ ਹੀ ਚਲਾਈ ਜਾ ਰਹੀ ਹੈ। ਇਸ ਮੁਹਿੰਮ ਦਾ ਉਦੇਸ਼ ਦਸਤ ਰੋਗ ਨਾਲ ਹੋਣ ਵਾਲੀਆ ਮੌਤਾਂ ਰੋਕਣਾਂ ਹੈ ਅਤੇ ਆਮ ਲੋਕਾਂ ਨੂੰ ਦਸਤ ਰੋਗ ਦੇ ਕਾਰਣ, ਇਲਾਜ, ਸਾਵਧਾਨੀਆਂ ਅਤੇ ਵਿਸ਼ੇਸ਼ ਤੌਰ ਤੇ ਹੈਂਡ ਵਾਸ਼ਿਗ ਤਕਨੀਕ ਬਾਰੇ ਸੁਚੇਤ ਕਰਨਾ ਹੈ। ਇਸ ਮੌਕੇ ਐਪੀਡਿਮੋਲਜਿਸਟ ਡਾ ਨਵਦੀਪ ਕੌਰ ਅਤੇ ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸ਼੍ਰੋਮਣੀ ਅਕਾਲੀ ਦਲ (ਅ) ਐਸ,ਜੀ,ਪੀ,ਸੀ,ਜਿਮਨੀ ਚੋਣਾਂ ਸਮੇਤ ਸਾਰੀਆਂ ਚੋਣਾਂ ਲੜੇਗੀ: ਆਗੂ ਮਾਨ ਦਲ





**ਸੇਰਪੁਰ ( ਰਣਜੀਤ ਸਿੰਘ ਪੇਧਨੀ )**-ਸ੍ਰੋਮਣੀ ਅਕਾਲੀ ਦਲ (ਅ) ਹਮਖਿਆਲੀ ਪੰਥਕ ਧਿਰਾਂ ਨਾਲ ਰਲਕੇ ਆ ਰਹੀਆਂ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਜਿਮਨੀ ਚੋਣਾਂ, ਜਿਲਾ ਪ੍ਰੀਸਦ ਚੋਣਾਂ, ਬਲਾਕ ਸੰਮਤੀ, ਪੰਚਾਇਤੀ ਸਮੇਤ ਸਾਰੀਆਂ ਚੋਣਾਂ ਲੜੇਗੀ ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਟਰਾਂਸਪੋਰਟ ਵਿੰਗ ਦੇ ਪੰਜਾਬ ਦੇ ਪ੍ਰਧਾਨ ਹਰਬੰਸ ਸਿੰਘ ਸਲੇਮਪੁਰ , ਅਕਾਲੀ ਦਲ ਅੰਮ੍ਰਿਤਸਰ ਮੁਲਾਜ਼ਮ ਵਿੰਗ ਪੰਜਾਬ ਦੇ ਪ੍ਰਧਾਨ ਬਾਸਵੀਰ ਸਿੰਘ ਭੁੱਲਰ, ਸੀਨੀਅਰ ਆਗੂ ਸਾਧੂ ਸਿੰਘ ਪੇਧਨੀ, ਸੀਨੀਅਰ ਆਗੂ ਮਨਜੀਤ ਸਿੰਘ ਧਾਮੀ ਸ਼ੇਰਪੁਰ ਅਤੇ ਯੂਥ ਆਗੂ ਅਮਰੀਕ ਸਿੰਘ ਕਿਲਾ ਹਕੀਮਾਂ ਨੇ ਸਾਂਝੇ ਤੌਰ ਤੇ ਕੀਤਾ। ਆਗੂਆਂ ਨੇ ਕਿਹਾ ਕਿ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਦੀਆਂ ਚੋਣਾਂ ਜਿਹੜੀਆਂ ਲੰਮੇ ਸਮੇ ਤੋਂ ਸਰਕਾਰਾਂ ਵੱਲੋ ਨਹੀ ਕਰਵਾਈਆਂ ਜਾ ਰਹੀਆਂ। ਹੁਣ ਵੋਟਰ ਲਿਸਟਾਂ ਬਨਣ ਵਿਚ ਜਿਮਨੀ ਚੋਣ ਜਲਦ ਹੋਣ ਜਾ ਰਹੀ ਹੈ , ਉਸ ਲਈ ਵੀ ਉਮੀਦਵਾਰ ਦਾ ਐਲਾਨ ਜਲਦੀ ਕਰ ਦਿੱਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਫਰੰਟ ਤੇ ਫੇਲ ਹੋ ਚੁੱਕੀ ਹੈ ਮੁੱਖ ਮੰਤਰੀ ਸੁ ਭਗਵੰਤ ਸਿੰਘ ਮਾਨ ਨੇ ਜੋ ਪੰਜਾਬ ਦੇ ਲੋਕਾਂ ਨਾਲ ਵਾਦੇ ਕੀਤੇ ਸਨ ਇਕ ਵੀ ਪੂਰਾ ਨਹੀ ਕੀਤਾ ਚ ਪੰਜਾਬ ਦੀ ਸਭ ਤੋਂ ਵੱਡੀ ਸਮੱਸਿਆ ਨਸਿਆਂ ਦੀ ਹੈ ਜਿਹੜਾ ਪਹਿਲੀਆਂ ਸਰਕਾਰਾਂ ਨਾਲੋ ਵੀ ਵੱਧ ਵਿਕ ਰਿਹਾ ਹੈ। ਮਹਿੰਗੀ ਰੇਤ ਬਜਰੀ ਆਮ ਲੋਕਾਂ ਦੀ ਪਹੁੰਚ ਤੋ ਦੂਰ ਹੋ ਗਈ ਹੈ। ਨਿੱਤ ਦਿਹਾੜੇ ਹੋ ਰਹੀਆਂ ਲੁੱਟਾਂ ਖੋਹਾਂ ਤੇ ਆਮ ਆਦਮੀ ਸਹਿਮਿਆਂ ਪਿਆ ਹੈ। ਪੰਜਾਬ ਸਰਕਾਰ ਨੂੰ ਫੋਕੀ ਬਿਆਨਬਾਜੀ ਛੱਡਕੇ ਲੋਕਾਂ ਦੀਆਂ ਸਮੱਸਿਆਵਾਂ ਵੱਲ ਧਿਆਨ ਦੇਣਾਂ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੇ

# ਡਰਬੀ ਵਿੱਚ ਸਿੱਖ ਮਿਊਜ਼ੀਅਮ ਵਿੱਚ ਕੀਤੀ ਸ਼ਿਰਕਤ

## ਘੁੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਵਿੱਚ ਲਾਇਆ ਫੁੱਲਾਂ ਦਾ ਬੂਟਾ













**ਡਰਬੀ, 29 ਜੁਲਾਈ (ਸਰਬਜੀਤ ਸਿੰਘ ਬਨੂੜ)** - ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਡਰਬੀ ਵਿੱਚ ਨੈਸਨਲ ਸਿੱਖ ਮਿਊਜ਼ੀਅਮ ਵਿੱਚ ਸ਼ਿਰਕਤ ਕੀਤੀ ਗਈ। ਇਸ ਮੌਕੇ ਸਰਕਾਰ ਏ ਖਾਲਸਾ ਆਰਟ ਗੈਲਰੀ ਵਿੱਚ ਸਿੰਘ ਸਾਹਿਬ ਜਥੇਦਾਰ ਗਿਆਨੀ ਰਘਬੀਰ ਸਿੰਘ, ਡਾਂ ਦਲਜੀਤ ਸਿੰਘ ਵਿਰਕ, ਸ ਰਜਿੰਦਰ ਸਿੰਘ ਪੁਰੇਵਾਲ, ਸ ਰਣਜੀਤ ਸਿੰਘ ਰਾਣਾ, ਬੀਬੀ ਬਿਕਰਮਜੀਤ ਕੋਰ, ਸ ਗੁਰਪ੍ਰੀਤ ਸਿੰਘ ਨੇ ਦਲ ਖਾਲਸਾ ਸੁਪਰੀਮੋ ਸ ਗਜਿੰਦਰ ਸਿੰਘ ਦੀ ਤਸਵੀਰ ਆਰਟ ਗੈਲਰੀ ਵਿੱਚ ਸੁਸ਼ੋਬਿਤ ਕੀਤੀ ਗਈ। ਇਸ ਮੌਕੇ ਜਥੇਦਾਰ ਸਾਹਿਬ ਨੇ ਅਟੱਲ ਖਾਲਸਾ ਦਰਬਾਰ ਦੇ ਪਾਰਕ ਵਿੱਚ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਫੁੱਲਾਂ ਦਾ ਬੂਟਾ ਲਾਇਆ ਗਿਆ ਤੇ ਮਿਊਜ਼ੀਅਮ ਬਾਰੇ ਜਾਣਕਾਰੀ ਹਾਸਲ ਕੀਤੀ ਗਈ। ਗੁਰਦਵਾਰਾ ਸ਼੍ਰੀ ਗੁਰੂ ਸਿੰਘ ਸਭਾ ਵਿੱਚ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸੰਗਤਾਂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਵਿਦੇਸ਼ਾਂ ਵਿੱਚ ਡਰਬੀ ਸ਼ਹਿਰ ਵਿੱਚ ਸਿੱਖ ਮਿਊਜ਼ੀਅਮ ਬਣਨਾ ਕਾਬਲੇ ਤਾਰੀਫ਼ ਹੈ। ਸਿੱਖਾਂ ਨੂੰ ਆਪਣੇ ਬੱਚਿਆਂ ਨੂੰ ਇਸ ਮਿਊਜ਼ੀਅਮ ਵਿੱਚ ਆ ਕੇ ਸਿੱਖਾਂ ਦੇ ਗੌਰਵਮਈ ਇਤਿਹਾਸ ਦੀ ਭਰਪੂਰ ਜਾਣਕਾਰੀ ਮਿਲਦੀ ਹੈ। ਇਸ ਮੌਕੇ ਗੁਰਦਵਾਰਾ ਪ੍ਰਬੰਧਕ ਕਮੇਟੀ ਨੇ ਸਿੰਘ ਸਾਹਿਬ ਜਥੇਦਾਰ ਰਘਬੀਰ ਸਿੰਘ, ਦਲ ਖਾਲਸਾ ਦੇ ਬਾਨੀ ਮੈਂਬਰ ਸ ਗਜਿੰਦਰ ਸਿੰਘ ਦੀ ਧੀ, ਜਵਾਈ , ਰਣਜੀਤ ਸਿੰਘ ਰਾਣਾ ਨੂੰ ਸਿਰੋਪਾ ਪਾ ਕੇ ਵਿਸ਼ੇਸ਼ ਸਨਮਾਨਿਤ ਕੀਤਾ ਗਿਆ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ

# ਬਾਲਾ ਪ੍ਰੀਤਮ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਮਹਾਰਾਜ ਦੇ ਗੁਰਪੁਰਬ ਨੂੰ ਸਮਰਪਿਤ “ਮਹਾਨ ਗੁਰਮਤਿ ਸਮਾਗਮ” ਗੁਰਦੁਆਰਾ ਸ੍ਰੀ ਪੰਜੋਖਰਾ ਸਾਹਿਬ ਅੰਬਾਲਾ ਵਿਖੇ ਅੱਜ ਮਨਾਇਆ ਗਿਆ














ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਬਾਲਾ ਪ੍ਰੀਤਮ ਸ਼੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਮਹਾਰਾਜ ਦੇ ਗੁਰਪੁਰਬ ਨੂੰ ਸਮਰਪਿਤ “ਮਹਾਨ ਗੁਰਮਤਿ ਸਮਾਗਮ” ਗੁਰਦੁਆਰਾ ਸ਼੍ਰੀ ਪੰਜੋਖਰਾ ਸਾਹਿਬ ਅੰਬਾਲਾ ਵਿਖੇ ਅੱਜ ਮਨਾਇਆ ਗਿਆ।

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੀ

# ਸੰਥਿਆ ਸੰਪੂਰਨ ਸਮਾਗਮ- ਸੰਤ ਬਾਬਾ ਜਗਿੰਦਰ ਸਿੰਘ ਜੀ ਮੋਨੀ



**ਚੌਕ ਮਹਿਤਾ, 29 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੀ ਅਪਾਰ ਕਿਰਪਾ ਸਦਕਾ ਸ੍ਰੀ ਮਾਨ ਸੰਤ ਬਾਬਾ ਕੁਲਵੰਤ ਸਿੰਘ ਜੀ, ਹੈਡ ਜਥੇਦਾਰ-ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਦੇ ਸੰਤ ਬਾਬਾ ਜਗਿੰਦਰ ਸਿੰਘ ਜੀ ਮੋਨੀ ਧਾਰਮਿਕ ਵਿਦਿਆਲਯ ਵਿਖੇ ਸੰਤ ਬਾਬਾ ਰਾਮ ਸਿੰਘ ਜੀ ਧੂਪੀਆ ਇਨ੍ਹਾਂ ਦੀ ਸਰਪ੍ਰਸਤੀ ਹੇਠ ਭਾਈ ਰਮਨਦੀਪ ਸਿੰਘ ਜੀ ਵਲੋਂ ਪਿਛਲੇ ਡੇਢ ਸਾਲ ਤੋਂ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਥਿਆ ਕਰਵਾਈ ਜਾ ਰਹੀ ਸੀ ਜਿਸ ਦੀ ਸਮਾਪਤੀ ਮਿਤੀ 27 ਜੁਲਾਈ ਨੂੰ ਵਿਦਿਆਲਯ ਵਿਖੇ ਹੋਈ। ਉਸ ਸਮੇਂ ਸਾਰੇ ਵਿਦਿਆਰਥੀਆਂ ਨੇ ਹਿੱਸਾ ਲੈਕਰ ਗੁਰੂ ਮਹਾਰਾਜ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਇਸ ਪ੍ਰੋਗ੍ਰਾਮ ਸਮੇਂ ਸੰਤ ਬਾਬਾ ਕੁਲਵੰਤ ਸਿੰਘ ਜੀ, ਸੰਤ ਬਾਬਾ ਰਾਮ ਸਿੰਘ ਜੀ, ਸੰਤ ਬਾਬਾ ਬਲਵਿੰਦਰ ਸਿੰਘ ਜੀ, ਰਾਗੀ ਭਾਈ ਰਾਜਿੰਦਰ ਸਿੰਘ ਜੀ ਨੇ ਸੰਥਿਆ ਪੂਰਨ ਕਰਨ ਵਾਲੇ ਵਿਦਿਆਰਥੀਆਂ ਨੂੰ ਆਸ਼ਰੀਵਾਦ ਤੇ ਵਧਾਈ ਦਿੱਤੀ।

# ਜਸਪ੍ਰੀਤ ਸਿੰਘ ਕਰਮਸਰ ਨੇ ਕੀਰਤਨ ਦੀ ਮਰਿਆਦਾ ਬਹਾਲ ਕਰਨ ਲਈ ਰਾਗੀਆਂ ਨੂੰ ਕੀਤੀ ਸਖ਼ਤ ਹਦਾਇਤ

**▌ਰਾਗੀ ਜੱਥਿਆਂ ਵੱਲੋਂ ਗੁਰਬਾਣੀ ਨਾਲ ਕੀਤੀ ਜਾ ਰਹੀ ਛੇੜਛਾੜ ਨਹੀਂ ਕੀਤੀ ਜਾਵੇਗੀ ਬਰਦਾਸ਼ਤ: ਜਸਪ੍ਰੀਤ ਸਿੰਘ ਕਰਮਸਰ • ਫਿਲਮੀ ਧੁਨਾਂ ਜਾਂ ਗੁਰਬਾਣੀ ਨਾਲ ਛੇੜਛਾੜ ਕਰਨ ਵਾਲੇ ਰਾਗੀ ਜੱਥਿਆਂ ਨੂੰ ਕੀਰਤਨ ਨਹੀਂ ਕਰਨ ਦਿੱਤਾ ਜਾਵੇਗਾ: ਕਰਮਸਰ**



**ਨਵੀਂ ਦਿੱਲੀ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਜਸਪ੍ਰੀਤ ਸਿੰਘ ਕਰਮਸਰ ਨੇ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸੰਗਤਾਂ ਨੂੰ ਦਸਿਆ ਕਿ ਦਿੱਲੀ ਕਮੇਟੀ ਵੱਲੋਂ ਪ੍ਰਧਾਨ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਤੇ ਹੈਡ ਗ੍ਰੰਥੀ ਸਾਹਿਬਾਨਾਂ ਨਾਲ ਵਿਚਾਰ ਕਰਨ ਤੋਂ ਬਾਅਦ ਪ੍ਰਸਤਾਵ ਪਾਸ ਕੀਤਾ ਗਿਆ ਹੈ ਕਿ ਦਿੱਲੀ ਦੇ ਇਤਿਹਾਸਕ ਗੁਰਦੁਆਰਿਆਂ 'ਚ ਸ਼੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਨਿਰਧਾਰਤ ਮਰਿਆਦਾ ਦੇ ਅਨੁਸਾਰ ਕੀਰਤਨ ਕਰਨ ਵਾਲੇ ਜੱਥਿਆਂ ਨੂੰ ਹੀ ਸਮਾਂ ਦਿੱਤਾ ਜਾਵੇਗਾ।ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਪਿਛਲੇ ਕੁਝ ਸਮੇਂ ਤੋਂ ਵੇਖਿਆ ਜਾ ਰਿਹਾ ਹੈ ਕਿ ਰਾਗੀ ਜੱਥਿਆਂ ਵੱਲੋਂ ਫ਼ਿਲਮੀ ਧੁਨਾਂ ਜਾਂ ਸੰਗੀਤ 'ਤੇ ਆਧਾਰਿਤ ਧੁਨ ਤਿਆਰ ਕਰਕੇ ਕੀਰਤਨ ਕੀਤਾ ਜਾ ਰਿਹਾ ਹੈ ਅਤੇ ਇਸ ਦੇ ਨਾਲ ਕੁਝ ਰਾਗੀ ਜੱਥੇ ਗੁਰਬਾਣੀ ਦੀ ਇੱਕ ਪੰਕਤੀ ਲੈ ਕੇ ਉਸ ਨੂੰ ਵਿਚਕਾਰ ਛੱਡ ਕੇ ਵਾਹਿਗੁਰੂ ਸਿਮਰਨ ਕਰਵਾਉਣ ਲਗਦੇ ਹਨ, ਫਿਰ ਦੂਜੀ ਪੰਗਤੀ ਲੈ ਕੇ ਕੀਰਤਨ ਸ਼ੁਰੂ ਕਰ ਦਿੰਦੇ ਹਨ, ਜੋ ਕਿ ਮਰਿਆਦਾ ਦੇ ਉਲਟ ਹੈ।ਇਸ ਤੋਂ ਪਹਿਲਾਂ ਪੁਰਾਤਨ ਸਮੇਂ ਵਿੱਚ ਰਾਗਾਂ ਦੇ ਆਧਾਰ 'ਤੇ ਕੀਰਤਨ ਕੀਤਾ ਜਾਂਦਾ ਸੀ, ਉਸੇ ਪੁਰਾਤਨ ਮਰਿਆਦਾ ਨੂੰ ਅਪਣਾਉਣ ਦੀ ਲੋੜ ਹੈ।ਸ. ਕਰਮਸਰ ਨੇ ਕਿਹਾ ਕਿ ਜੇਕਰ ਸਮੇਂ ਸਿਰ ਇਹਨਾਂ ਨੂੰ ਰੋਕਿਆ ਨਾ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਜਿਵੇਂ ਸਿੱਖ ਇਤਿਹਾਸ ਨਾਲ ਛੇੜਛਾੜ ਹੋਈ ਹੈ, ਉਸੇ ਤਰ੍ਹਾਂ ਗੁਰਬਾਣੀ ਨਾਲ ਵੀ ਛੇੜਛਾੜ ਹੁੰਦੀ ਚੱਲੀ ਜਾਵੇਗੀ। ਜਸਪ੍ਰੀਤ ਸਿੰਘ ਕਰਮਸਰ ਨੇ ਰਾਗੀ ਜੱਥਿਆਂ ਨੂੰ ਅਪੀਲ ਕੀਤੀ ਕਿ ਉਹਨਾਂ ਨੂੰ ਨਿਰਧਾਰਤ ਮਰਿਆਦਾ ਦੇ ਅਨੁਸਾਰ ਕੀਰਤਨ ਦੇ ਸਮੇਂ ਕੀਰਤਨ, ਕਥਾ ਦੇ ਸਮੇਂ ਕਥਾ ਕਰਨੀ ਚਾਹੀਦੀ ਹੈ ਅਤੇ ਨਾਮ ਸਿਮਰਨ ਲਈ ਅਲੱਗ ਤੋਂ ਸਮਾਂ ਦਿੱਤਾ ਜਾਵੇਗਾ।ਗੁਰਬਾਣੀ ਨਾਲ ਛੇੜਛਾੜ. ਨੂੰ ਜੋ ਕਲਚਰ ਰਾਗੀ ਜੱਥਿਆਂ ਨੇ ਸ਼ੁਰੂ ਕੀਤਾ ਹੈ ਉਸ ਨੂੰ ਤੁਰੰਤ ਪ੍ਰਭਾਵ ਨਾਲ ਰੋਕਣਾ ਹੋਵੇਗਾ।ਉਹਨਾਂ ਨੇ ਸੰਗਤ ਨੂੰ ਅਪੀਲ ਕੀਤੀ ਹੈ ਕਿ ਰਾਗੀ ਜੱਥਿਆਂ ਨੂੰ ਮਰਿਆਦਿਤ ਗੁਰਬਾਣੀ 'ਤੇ ਆਧਾਰਿਤ ਸ਼ਬਦ ਗਾਇਨ ਕੀਤਾ ਜਾਵੇ।ਉਹਨਾਂ ਕਿਹਾ ਕਿ ਅੱਜ ਵੀ ਬਹੁਤ ਸਾਰੇ ਰਾਗੀ ਜੱਥੇ ਅਜੇਹੇ ਹਨ ਜੋ ਰਾਗਾਂ 'ਤੇ ਆਧਾਰਿਤ ਕੀਰਤਨ ਕਰਦੇ ਹੋਏ ਸ਼੍ਰੀ ਅਕਾਲ ਤਖ਼ਤ ਸਾਹਿਬ ਦੀ ਨਿਰਧਾਰਤ ਮਰਿਆਦਾ ਦੇ ਹਿਸਾਬ ਨਾਲ ਕੀਰਤਨ ਕਰਦੇ ਹਨ, ਸੰਗਤਾਂ ਨੂੰ ਉਹਨਾਂ ਨੂੰ ਕੀਰਤਨ ਸਮਾਗਮਾਂ ਦੌਰਾਨ ਸਮਾਂ ਦੇਣਾ ਚਾਹੀਦਾ ਹੈ।

## ਦਿੱਲੀ ਕਮੇਟੀ ਨੇ ਸ਼੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ-ਭਾਵਨਾ ਨਾਲ ਮਨਾਇਆ

# ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦਾ ਸਤਰ ਉੱਚਾ ਚੁਕਣਾ ਕਮੇਟੀ ਦੀ ਪ੍ਰਾਥਮਿਕਤਾ: ਕਾਲਕਾ, ਕਾਹਲੋਂ

**▌ਨਸ਼ਿਆਂ ਦੀ ਦਲਦਲ 'ਚ ਫ਼ਸੀ ਨੌਜਵਾਨ ਪੀੜ੍ਹੀ ਦਾ ਮਾਰਗਦਰਸ਼ਨ ਕਰਨ ਦੀ ਮੁਹਿੰਮ ਵਿੱਢੀ ਜਾਏਗੀ: ਕਾਲਕਾ, ਕਾਹਲੋਂ • ਬਾਬਾ ਬਚਨ ਸਿੰਘ ਤੇ ਬਾਬਾ ਸੁਰਿੰਦਰ ਸਿੰਘ ਕਾਰ ਸੇਵਾ ਵਾਲਿਆਂ ਨੇ ਸੰਗਤਾਂ ਨੂੰ ਨਾਮ ਸਿਮਰਨ ਸਰਵਣ ਕਰਵਾਇਆ**

**ਨਵੀਂ ਦਿੱਲੀ, 29 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅੱਠਵੇਂ ਪਾਤਸ਼ਾਹ ਧੰਨ-ਧੰਨ ਸ਼੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ।ਇਸ ਦੌਰਾਨ ਦਿੱਲੀ ਕਮੇਟੀ ਦੇ ਪ੍ਰਬੰਧ ਹੇਠ ਵੱਖ-ਵੱਖ ਗੁਰਦੁਆਰਿਆਂ 'ਚ ਕੀਰਤਨ ਦਰਬਾਰ ਕਰਵਾਏ ਗਏ।ਮੁੱਖ ਸਮਾਗਮ ਮੌਕੇ ਅੱਜ ਭਾਈ ਲੱਖੀ ਸ਼ਾਹ ਵਣਜਾਰਾ ਹਾਲ, ਗੁਰਦੁਆਰਾ ਰਕਾਬਗੰਜ ਸਾਹਿਬ ਵਿੱਖੇ ਧਾਰਮਿਕ ਦੀਵਾਨ ਸਜਾਏ ਗਏ।ਇਸ ਮੌਕੇ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੇ ਬਾਲ ਅਵਸਥਾ 'ਚ ਹੀ ਦਿੱਲੀ ਨੂੰ ਚੇਚਕ ਦੀ ਮਹਾਂਮਾਰੀ ਤੋਂ ਬਚਾਇਆ ਅਤੇ ਖੁਦ ਜੋਤੀ-ਜੋਤ ਸਮਾ ਗਏ।ਦੁਨੀਆ ਵਿੱਚ ਅਜਿਹੀ ਕੋਈ ਮਿਸਾਲ ਨਹੀਂ ਹੈ ਜਿੱਥੇ 80 ਸਾਲ ਤੋਂ ਵੱਧ ਉਮਰ ਅਤੇ 5 ਸਾਲ ਤੋਂ ਘੱਟ ਉਮਰ ਦੇ ਗੁਰੂ ਸਾਹਿਬਾਨ ਨੇ ਗੁਰੂਗੱਦੀ ਸੰਭਾਲੀ ਹੋਵੇ ਪਰ ਸਿੱਖ ਕੌਮ ਨੂੰ ਇਹ ਮਾਣ ਪ੍ਰਾਪਤ ਹੈ।ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਬਾਰੇ ਗੱਲ ਕਰਦੇ ਹੋਏ ਸ. ਕਾਲਕਾ ਅਤੇ ਸ. ਕਾਹਲੋਂ ਨੇ ਕਿਹਾ ਕਿ ਇਨ੍ਹਾਂ ਸਕੂਲਾਂ 'ਚੋਂ ਪੜ੍ਹ ਕੇ ਸਾਡੇ ਕਈ ਵਿਦਿਆਰਥੀ ਜੱਜ, ਆਰਕਿਟੈਕਟ ਅਤੇ ਹੋਰ ਵੱਡੇ ਪਦਾਂ 'ਤੇ ਪਹੁੰਚੇ ਹਨ, ਪਰ ਆਪਣੇ ਹੀ ਕੁਝ ਲੋਕਾਂ ਦੀ ਨਾਕਾਮੀਆਂ ਦੇ ਕਾਰਨ ਸਕੂਲਾਂ ਦੀ ਮਾਨਸਿਕ ਹਾਲਤ ਬਹੁਤ ਮਾੜੀ ਹੋ ਗਈ ਹੈ ਅਤੇ ਆਪਣੀਆਂ ਨਾਕਾਮੀਆਂ ਨੂੰ ਛਪਾਉਣ ਲਈ ਉਹਨਾਂ ਨੇ ਸਕੂਲਾਂ ਨੂੰ ਬਿਨਾਂ ਕਾਰਨ ਬਦਨਾਮ ਕੀਤਾ, ਜਿਸ ਦਾ ਨਤੀਜਾ ਇਹ ਨਿਕਲਿਆ ਕਿ ਸਕੂਲਾਂ 'ਚ ਬੱਚਿਆਂ ਦੀ ਗਿਣਤੀ ਨਿਰੰਤਰ ਘੱਟਦੀ ਗਈ।ਬੀਤੇ ਦਿਨੀਂ ਉਹਨਾਂ ਵੱਲੋਂ ਇੱਕ ਪੰਜ ਸਿਤਾਰਾ ਹੋਟਲ 'ਚ ਸਕੂਲਾਂ ਬਾਰੇ ਚਿੰਤਾ ਕਰਨ ਲਈ ਮੀਟਿੰਗ ਬੁਲਾਈ ਗਈ ਪਰ ਅਫਸੋਸ ਕਿ ਉਸ ਵਿੱਚ ਕੇਵਲ ਦਿੱਲੀ ਕਮੇਟੀ ਦੇ ਖਿਲਾਫ਼ ਭੰਡੀ ਪ੍ਰਚਾਰ ਤੋਂ ਬਿਨਾਂ ਕੁਝ ਨਹੀਂ ਹੋਇਆ।ਸ. ਕਾਲਕਾ ਤੇ ਸ. ਕਾਹਲੋਂ ਨੇ ਕਿਹਾ ਕਿ ਕਮੇਟੀ ਵੱਲੋਂ ਬਹੁਤ ਜਲਦ ਲੱਖੀਸ਼ਾਹ ਵਣਜਾਰਾ ਹਾਲ 'ਚ ਦਿੱਲੀ ਦੀ ਸੰਗਤ ਅਤੇ ਬੁੱਧੀਜੀਵੀਆਂ ਨੂੰ ਬੁਲਾ ਕੇ ਉਹਨਾਂ ਦੇ ਸੁਝਾਵ ਲਏ ਜਾਣਗੇ ਅਤੇ ਸਕੂਲਾਂ ਦਾ ਸਤਰ ਉੱਚਾ ਕਰਨ ਲਈ ਹਰ ਸੰਭਵ ਕੰਮ ਕਮੇਟੀ ਕਰੇਗੀ।ਹਰਮੀਤ ਸਿੰਘ ਕਾਲਕਾ ਤੇ ਜਗਦੀਪ ਸਿੰਘ ਕਾਹਲੋਂ ਨੇ ਨਸ਼ਿਆਂ ਦੀ ਦਲਦਲ ਵਿੱਚ ਫਸੀ ਨੌਜਵਾਨ ਪੀੜ੍ਹੀ ਨੂੰ ਸਹੀ ਮਾਰਗਦਰਸ਼ਨ ਦੇ ਕੇ ਉਹਨਾਂ ਨੂੰ ਗੁਰੂ ਸਾਹਿਬ ਦੇ ਵਿਖਾਏ ਰਸਤੇ 'ਤੇ ਚਲਣ ਲਈ ਪ੍ਰੇਰਿਤ ਕਰਨ ਦੀ ਮੁਹਿੰਮ ਵੀ ਸ਼ੁਰੂ ਕੀਤੀ ਜਾਵੇਗੀ।ਸਿੱਖ ਪਰਿਵਾਰਾਂ 'ਚ ਵਿਆਹ ਦੇ ਬਾਅਦ ਪੈਦਾ ਹੋਣ ਵਾਲੇ ਮਨਮੁਟਾਅ ਨੂੰ ਵੀ ਚਿੰਤਾ ਦਾ ਵਿਸ਼ਾ ਦੱਸਿਆ।ਸਾਨੂੰ ਆਪਣੀਆਂ ਬੱਚੀਆਂ ਨੂੰ ਵੀ ਗੁਰਮਤਿ ਅਨੁਸਾਰ ਸਿੱਖਿਆ ਦੇਣੀ ਚਾਹੀਦੀ ਹੈ।

# ਸਿੱਖਾਂ ਨੂੰ ਅੱਤਵਾਦੀ ਕਹਿਣ ਵਾਲੇ ਐੱਸ.ਐੱਚ.ਓ ਖਿਲਾਫ ਕਾਰਵਾਈ ਕਰੇ ਯੂ.ਪੀ ਸਰਕਾਰ- ਗਿਆਨੀ ਹਰਪ੍ਰੀਤ ਸਿੰਘ



**ਤਲਵੰਡੀ ਸਾਬੋ, 29 ਜੁਲਾਈ (ਗੁਰਜੰਟ ਸਿੰਘ ਨਥੇਹਾ)**-ਬੀਤੇ ਦਿਨ ਲਖੀਮਪੁਰ ਖੀਰੀ ਦੇ ਪਲੀਆ ਭੀਰਾ ਹਾਈਵੇ ਤੇ ਜਾ ਰਹੇ ਕੁਝ ਸਿੱਖਾਂ ਨੂੰ ਉੱਥੇ ਤਾਇਨਾਤ ਉੱਤਰ ਪ੍ਰਦੇਸ਼ ਪੁਲਿਸ ਦੇ ਇੱਕ ਐੱਸ.ਐੱਚ.ਓ ਨੇ ਅੱਤਵਾਦੀ ਕਹਿਕੇ ਬੁਲਾਇਆ ਜੋ ਕਿ ਅਤਿ ਘਿਨਾਉਣਾ ਕਾਰਜ ਕਿਹਾ ਜਾ ਸਕਦਾ ਹੈ। ਉਕਤ ਘਟਨਾ ਨੇ ਸਿੱਖ ਹਿਰਦਿਆਂ ਨੂੰ ਠੇਸ ਪਹੁੰਚਾਈ ਹੈ ਅਤੇ ਹੁਣ ਯੂ.ਪੀ ਸਰਕਾਰ ਨੂੰ ਚਾਹੀਦੈ ਕਿ ਉਹ ਸਿੱਖ ਭਾਵਨਾਵਾਂ ਨੂੰ ਸਮਝਦਿਆਂ ਉਕਤ ਪੁਲਿਸ ਅਧਿਕਾਰੀ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕਰੇ। ਉਕਤ ਵਿਚਾਰਾਂ ਦਾ ਪ੍ਰਗਟਾਵਾ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਸਿੰਘ ਸਾਹਿਬ ਨੇ ਕਿਹਾ ਕਿ ਪਿਛਲੇ ਕੁਝ ਸਮੇਂ ਤੋਂ ਭਾਰਤ ਅੰਦਰ ਘੱਟ ਗਿਣਤੀ ਕੌਮਾਂ ਅਤੇ ਖਾਸ ਕਰਕੇ ਸਿੱਖਾਂ ਨੂੰ ਕਿਸੇ ਨਾ ਕਿਸੇ ਤਰ੍ਹਾਂ ਨਿਸ਼ਾਨਾ ਬਣਾਇਆ ਜਾ ਰਿਹੈ।ਉਨਾਂ ਕਿਹਾ ਕਿ ਕਿੰਨੀ ਕਮਾਲ ਦੀ ਗੱਲ ਹੈ ਕਿ ਇੱਕ ਪਾਸੇ ਸਰਕਾਰੀ ਸਰਪ੍ਰਸਤੀ ਹਾਸਿਲ ਕਰ ਨਫਰਤ ਫੈਲਾਉਣ ਵਾਲਿਆਂ ਨੂੰ ਦੇਸ਼ਭਗਤ ਦੱਸਿਆ ਜਾਂਦਾ ਹੈ ਜਦੋਂਕਿ ਦੂਜੇ ਪਾਸੇ ਵਿਸ਼ੇਸ ਪਛਾਣ ਰੱਖਣ ਵਾਲੇ ਸਿੱਖ ਭਾਈਚਾਰੇ ਦੇ ਆਮ ਲੋਕਾਂ ਨੂੰ ਵੀ ਨਿਸ਼ਾਨੇ ਤੇ ਰੱਖ ਕੇ ਉਨਾਂ ਨੂੰ ਚਿੜਾਉਣ ਦੀਆਂ ਕੋਸ਼ਿਸਾਂ ਕੀਤੀਆਂ ਜਾਂਦੀਆਂ ਨੇ।ਸਿੰਘ ਸਾਹਿਬ ਨੇ ਕਿਹਾ ਕਿ ਮੰਦਭਾਗੀ ਗੱਲ ਹੈਕਿ ਭਾਰਤ ਸਰਕਾਰ ਅਜਿਹੇ ਵਰਤਾਰਿਆਂ ਨੂੰ ਰੋਕਦੀ ਨਹੀ ਹੈ ਜਿਸਦੇ ਆਉਣ ਵਾਲੇ ਸਮੇਂ ਵਿੱਚ ਭਿਆਨਕ ਨਤੀਜੇ ਨਿਕਲ ਸਕਦੇ ਹਨ। ਉਨਾਂ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਸਭ ਤੋਂ ਵੱਧ ਕੁਰਬਾਨੀਆਂ ਕਰਨ ਵਾਲੇ ਸਿੱਖਾਂ ਨੂੰ ਹੁਣ ਅੱਤਵਾਦੀ ਦੱਸਣਾ ਬਰਦਾਸ਼ਤ ਤੋਂ ਬਾਹਰ ਦੀ ਗੱਲ ਹੈ ਇਸਲਈ ਉੱਤਰ ਪ੍ਰਦੇਸ਼ ਸਰਕਾਰ ਸਿੱਖਾਂ ਨੂੰ ਅੱਤਵਾਦੀ ਕਹਿਕੇ ਬੁਲਾਉਣ ਵਾਲੇ ਪੁਲਿਸ ਅਧਿਕਾਰੀ ਖਿਲਾਫ ਤੁਰੰਤ ਕਾਰਵਾਈ ਅਮਲ ਵਿੱਚ ਲਿਆਵੇ।

# ਕੇਂਦਰ ਸਰਕਾਰ ਵੱਲੋਂ ਪੇਜ ਬਜਟ ਵਿੱਚ ਪੰਜਾਬ ਨੂੰ ਕੁਝ ਨਾ ਦੇਣਾ ਅਤਿ ਨਿੰਦਨਯੋਗ ਹੈ ਕੁਲਦੀਪ ਸਿੰਘ ਬੁੱਟਰ



**ਧੂਰੀ (ਰਣਜੀਤ ਸਿੰਘ ਪੇਧਨੀ)**-ਮੋਦੀ ਦੀ ਸਰਕਾਰ ਦਾ ਬਜਟ 2024-25 ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਵਲੋਂ ਪੇਸ਼ ਕੀਤਾ ਗਿਆ ਹੈ। ਜਿਥੇ ਕੇਂਦਰ ਸਰਕਾਰ ਦੇ ਇਸ ਬਜਟ ਤੋਂ ਸਾਰੇ ਸੂਬਿਆਂ ਨੂੰ ਬਹੁਤ ਉਮੀਦਾਂ ਸਨ। ਉਥੇ ਖੇਤੀ ਸੰਕਟ ਅਤੇ ਨਸ਼ਿਆਂ ਦੀ ਮਾਰ ਨਾਲ ਜੂਝ ਰਹੇ ਪੰਜਾਬ ਦੇ ਹੱਥ ਵੀ ਇਸ ਕੇਂਦਰੀ ਬਜਟ ਤੋਂ ਵਿਸ਼ੇਸ਼ ਆਰਥਿਕ ਸਹਾਇਤਾ ਦੀ ਥਾਂ ਨਿਰਾਸ਼ਤਾ ਹੀ ਲੱਗੀ ਭਾਵੇਂ ਕਿਸੇ ਸਮੇਂ ਦੇਸ਼ ਨੂੰ ਅਜ਼ਾਦ ਕਰਵਾਉਣ ਤੇ ਹਰੀ ਕਰਾਂਤੀ ਲਿਆਉਣ ਲਈ ਸਭ ਤੋਂ ਵੱਧ ਯੋਗਦਾਨ ਚ ਪੰਜਾਬ ਦਾ ਰਿਹਾ ਹੋਵੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਧੂਰੀ ਇਲਾਕੇ ਦੇ ਉੱਘੇ ਸਮਾਜ ਸੇਵੀ ਸ, ਕੁਲਦੀਪ ਸਿੰਘ ਬੁੱਟਰ ਨੇ ਕੀਤਾ । ਉਨ੍ਹਾਂ ਕਿਹਾ ਕਿ ਸਰਕਾਰ ਦੇ ਇਸ ਬਜਟ ਤੋਂ ਗਰੀਬ, ਕਿਸਾਨ, ਮਜ਼ਦੂਰ ਤੇ ਮੱਧ ਵਰਗੀ ਪਰਿਵਾਰਾਂ ਅਤੇ ਸਰਕਾਰੀ ਮੁਲਾਜ਼ਮਾਂ ਨੂੰ ਬਹੁਤ ਉਮੀਦਾਂ ਸੀ ਪਰ ਬਜਟ ਪੇਸ਼ ਹੋਣ ਤੋਂ ਬਾਅਦ ਆਮ ਵਰਗ ਦੇ ਹੱਥ ਇੱਕ ਵਾਰ ਫਿਰ ਖਾਲੀ ਨਜ਼ਰ ਆਏ। ਉਨ੍ਹਾਂ ਨਾਲ ਹੀ ਕਿਹਾ ਕਿ ਵਿੱਤ ਮੰਤਰੀ ਵਲੋਂ ਆਂਦਰਾ ਦੇਸ਼ ਤੇ ਬਿਹਾਰ ਵਰਗੇ ਸਬਿਆਂ ਸਮੇਤ ਜੈਕਟਾਂ ਦੇ ਗੱਫੇ ਵੰਡੇ ਗਏ ਹਨ । ਪਰ ਪੰਜਾਬ ਦੇ ਹੱਥ ਇੱਕ ਪ੍ਰੋਜੇਕਟ ਵੀ ਨਹੀਂ ਲੱਗਾ ਹੈ। ਆਮ ਲੋਕਾਂ ਦੀ ਰਾਏ ਹੈ ਕਿ ਇੱਕ ਪਾਸੇ ਤਾਂ ਵਿੱਤ ਮੰਤਰੀ ਜੀ ਵੱਲੋਂ ਇਕ ਕਰੋੜ ਦੇ ਕਰੀਬ ਕਿਸਾਨਾਂ ਨੂੰ ਔਰਗਨਿਕ ਖੇਤੀ ਦੇ ਲਈ ਤਿਆਰ ਕਰਨ ਦੀ 'ਗੱਲ ਕੀਤੀ ਜਾ ਰਹੀ ਹੈ ਪਰ ਦੂਸਰੇ ' ਪਾਸੇ ਕਿਸਾਨ ਕੇਂਦਰ ਸਰਕਾਰ ਦੀਆਂ ਨੀਤੀਆਂ ਤੋਂ ਨਰਾਜ਼ ਨਜ਼ਰ ਆ ਰਹੇ ਹਨ ਤੇ ਹਾਲੇ ਤੱਕ ਧਰਨੇ ਪ੍ਰਦਰਸ਼ਨ ਵੀ ਕਰ ਰਹੇ ਹਨ।

# ਸਮਾਜ ਸੇਵੀ ਸੁਰਿੰਦਰ ਨਿੱਝਰ ਦਾ ਗਰੀਬਾਂ ਦੀ ਮਦਦ ਕਰਨ ਦਾ ਉਪਰਾਲਾ ਬਹੁਤ ਹੀ ਸ਼ਲਾਘਾਯੋਗ : ਡਾ. ਗੁਰਪ੍ਰੀਤ ਕੌਰ



**ਧੂਰੀ, ( ਰਣਜੀਤ ਸਿੰਘ ਪੇਧਨੀ )**-ਉੱਘੇ ਸਮਾਜ ਸੇਵੀ ਸੁਰਿੰਦਰ ਸਿੰਘ ਨਿਝਰ ਦੀ ਅਗਵਾਈ ਹੇਠ ਵਿਸਾਲ ਅੱਖਾਂ ਦਾ ਚੈੱਕ ਅੱਪ. ਕੈਪ ਸੈਫਰਨ ਪੈਲੇਸ ਵਿੱਚ ਲਗਾਇਆ ਗਿਆ । ਜਿਸ ਵਿਚ ਮੁੱਖ ਮਹਿਮਾਨ ਡਾਕਟਰ ਗੁਰਪ੍ਰੀਤ ਕੌਰ ਪਤਨੀ ਸ, ਭਗਵੰਤ ਸਿੰਘ ਮਾਨ, ਮਾਤਾ ਹਰਪਾਲ ਕੌਰ, ਫਿਲਮੀ ਐਕਟਰ ਸਿਲਪਾ ਸੈਟੀ ਅਤੇ ਹਿਮਾਸੀ ਖੁਰਾਣਾ ਵਿਸ਼ੇਸ ਤੌਰ ਤੇ ਸਾਮਿਲ ਹੋਏ ।ਇਸ ਮੌਕੇ ਡਾਕਟਰ ਗੁਰਪ੍ਰੀਤ ਕੌਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸੁਰਿੰਦਰ ਸਿੰਘ ਨਿੱਝਰ ਵੱਲੋਂ ਲੋੜਵੰਦ ਗਰੀਬ ਪਰਿਵਾਰਾਂ ਨੂੰ ਸਲਾਈ ਮਸੀਨਾਂ, ਕੰਨਾ ਵਾਲੀਆਂ ਮਸੀਨਾਂ, ਅਤੇ ਗਰੀਬਾ ਨੂੰ ਘਰ ਬਣਾਉਣ ਲਈ ਮਾਲੀ ਮੱਦਦ ਅਤੇ ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੇ ਚੰਗੇ ਨੰਬਰ ਲੈਣ ਵਾਲੇ ਵਿਦਿਆਰਥੀਆਂ ਨੂੰ ਵਿੱਤੀ ਸਹਾਇਤਾ ਦੇ ਕੇ ਸਨਮਾਨਕਰਨ ਦਾ ਉਪਰਾਲਾ ਬਹੁਤ ਹੀ ਸਲਾਂਘਾਯੋਗ ਉਪਰਾਲਾ ਹੈ। ਇਸ ਮੌਕੇ ਪ੍ਰੋ: ਓਂਕਾਰ ਸਿੰਘ ਸਿੱਧੂ ਓ,ਐਸ,ਡੀ,ਮੁੱਖ ਮੰਤਰੀ ਪੰਜਾਬ,ਅੰਮ੍ਰਿਤ ਬਰਾੜ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਡਾ, ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਚੇਅਰਮੈਨ ਸ੍ਰੀ ਅਸੋਕ ਕੁਮਾਰ ਲੱਖਾ ,ਆਪ ਆਗੂ ਜਸਵੀਰ ਸਿੰਘ ਜੱਸੀ ਸੇਖੋਂ, ਹਰਪਾਲ ਸਿੰਘ ਜੁਨੇਜਾ, ਸੰਦੀਪ ਤਾਇਲ ਪੱਪੂ, ਬਲਾਕ ਪ੍ਰਧਾਨ ਸੁਰਜੀਤ ਸਿੰਘ ਰਾਜੋਮਾਜਰਾ, ਸਰਪੰਚ ਸੁਖਦੀਪ ਸਿੰਘ ਚੀਮਾ, ਮੁਲਾਜ਼ਮ ਆਗੂ ਲਾਭ ਸਿੰਘ, ਜਗਸੀਰ ਸਿੰਘ ਲੱਡਾ,ਮਨਜੀਤ ਸਿੰਘ ਲੱਡਾ, ਨਾਹਰ ਸਿੰਘ ਮੀਮਸਾ, ਕੁਲਦੀਪ ਸਿੰਘ ਬੁੱਟਰ, ਆਪ ਆਗੂ ਮਾਣਾ ਗਰੇਵਾਲ, ਆਪ ਆਗੂ ਭਿੰਦਾ ਵਿਰਕ ,ਬਲਜੀਤ ਪੰਨੂੰ, ਭਿੰਦੀ ਧੂਰੀ,ਹਰਭਗਵਾਨ ਸਿੰਘ ਚੀਮਾ, ਭੁਲਿੰਦਰ ਸਿੰਘ, ਗੁਰਮੇਲ ਸਿੰਘ ਘਨੌਰੀ, ਕੁਲਵੰਤ ਸਿੰਘ ਘਨੌਰੀ , ਸੁਖਪਾਲ ਸਿੰਘ ਸਾਬਕਾ ਸਰਪੰਚ, ਚਰਨਜੀਤ ਸਿੰਘ ਕਾਲੋਂ , ਸੇਵਕ ਲੱਡਾ ਹਾਜ਼ਰ ਸਨ।